ਅਕਾਲ ਉਸਤਤਿ

ੴ ਸਤਿਗੁਰ ਪ੍ਰਸਾਦਿ

ਸ੍ਰੀ ਭਗਉਤੀ ਜੀ ਸਹਾਇ

ਉਤਾਰ ਖਾਸੇ ਦਸਖਤ ਕਾ। ਪਾਤਿਸਾਹੀ ੧੦।[1]

ਅਕਾਲ ਪੁਰਖ ਕੀ ਰਛਾ ਹਮਨੈ। ਸਰਬ ਲੋਹ ਕੀ ਰਛਿਆ ਹਮਨੈ।
ਸਰਬ ਕਾਲ ਜੀ ਦੀ[2] ਰਛਿਆ ਹਮਨੈ। ਸਰਬ ਲੋਹ ਜੀ ਦੀ ਸਦਾ ਰਛਿਆ ਹਮਨੈ।

ਆਗੇ ਲਿਖਾਰੀ ਕੇ ਦਸਖਤ[3]

ਤ੍ਵਪ੍ਰਸਾਦਿ। ਚਉਪਈ

ਪ੍ਰਣਵੋ ਆਦਿ ਏਕੰਕਾਰਾ। ਜਲ ਥਲ ਮਹੀਅਲ ਕੀਓ ਪਸਾਰਾ।
ਆਦਿ ਪੁਰੁਖ ਅਬਗਤਿ ਅਬਿਨਾਸੀ। ਲੋਕ ਚਤ੍ਰ ਦਸਿ ਜੋਤ ਪ੍ਰਕਾਸੀ। ੧।
ਹਸਤਿ ਕੀਟ ਕੇ ਬੀਚ ਸਮਾਨਾ। ਰਾਵ ਰੰਕ ਜਿਹ ਇਕਸਰ ਜਾਨਾ।
ਅਦ੍ਵੈ ਅਲਖ ਪੁਰਖ ਅਬਿਗਾਮੀ। ਸਭ ਘਟ ਘਟ ਕੇ ਅੰਤਰਜਾਮੀ। ੨।
ਅਲਖ ਰੂਪ ਅਛੈ ਅਨਭੇਖਾ। ਰਾਗ ਰੰਗ ਜਿਹ ਰੂਪ ਨ ਰੇਖਾ।
ਬਰਨ ਚਿਹਨ ਸਭਹੂੰ ਤੇ ਨਿਆਰਾ। ਆਦਿ ਪੁਰਖ ਅਦ੍ਵੈ ਅਬਿਕਾਰਾ। ੩।
ਬਰਨ ਚਿਹਨ ਜਿਹ ਜਾਤਿ ਨ ਪਾਤਾ। ਸਤ੍ਰ ਮਿਤ੍ਰ ਜਿਹ ਤਾਤ ਨ ਮਾਤਾ।
ਸਭ ਤੇ ਦੂਰਿ ਸਭਨ ਤੇ ਨੇਰਾ। ਜਲਿ ਥਲਿ ਮਹੀਅਲਿ ਜਾਹਿ ਬਸੇਰਾ। ੪।

ਅਨਹਦ ਰੂਪ ਅਨਾਹਦ ਬਾਨੀ। ਚਰਨ ਸਰਨਿ ਜਿਹ ਬਸਤ ਭਵਾਨੀ।
ਬ੍ਰਹਮਾ ਬਿਸਨੁ ਅੰਤੁ ਨਹੀ ਪਾਇਓ। ਨੇਤਿ ਨੇਤਿ ਮੁਖ ਚਾਰ ਬਤਾਇਓ। ੫।
ਕੋਟਿ ਇੰਦ੍ਰ ਉਪਇੰਦ੍ਰ ਬਨਾਏ। ਬ੍ਰਹਮ ਰੁਦ੍ਰ ਉਪਾਇ ਖਪਾਏ।
ਲੋਕ ਚਤ੍ਰ ਦਸ ਖੇਲ ਰਚਾਇਓ। ਬਹੁਰਿ ਆਪ ਹੀ ਬੀਚ ਮਿਲਾਇਓ। ੬।

ਦਾਨਵ ਦੇਵ ਫਨਿੰਦ ਅਪਾਰਾ। ਗੰਧ੍ਰਬ ਜਛ ਰਚੇ ਸੁਭ ਚਾਰਾ।
ਭੂਤ ਭਵਿਖ ਭਵਾਨ ਕਹਾਨੀ। ਘਟ ਘਟ ਕੇ ਪਟ ਪਟ ਕੀ ਜਾਨੀ। ੭।

---

੧. ਪੁਰਾਤਨ ਬੀੜਾਂ ਵਿਚ ਇਨ੍ਹਾਂ ਮਾਂਗਲਿਕ ਉਕਤੀਆਂ ਵਿਚ ਫ਼ਰਕ ਹਨ, ਪਰ ਤੱਥ-ਗਤ ਕੋਈ ਵਿਸ਼ੇਸ਼ ਅੰਤਰ ਨਹੀਂ ਹੈ ੨. 'ਕੀ' ੩. ਕਈ ਬੀੜਾਂ ਵਿਚ ਇਹ ਉਕਤੀ ਨਹੀਂ ਹੈ

ਅਕਾਲ ਉਸਤਤਿ

ੴ ਸਤਿਗੁਰ ਪ੍ਰਸਾਦਿ

ਸ੍ਰੀ ਭਗਉਤੀ ਜੀ ਸਹਾਇ

ਉਤਾਰਾ ਖਾਸ ਦਸਖਤ (ਲਿਖਤ) ਦਾ-ਪਾਤਿਸ਼ਾਹੀ ੧੦

ਸਾਨੂੰ ਅਕਾਲ ਪੁਰਖ ਦੀ ਰਖਿਆ ਹੈ, ਸਾਨੂੰ ਸਰਬ ਲੋਹ ਰੂਪ (ਸ਼ਕਤੀ ਪੁੰਜ, ਪ੍ਰਭੂ) ਦੀ ਰਖਿਆ ਹੈ, ਸਾਨੂੰ ਸਭ ਦੇ ਕਾਲ (ਪ੍ਰਭੂ) ਦੀ ਰਖਿਆ ਹੈ, ਸਾਨੂੰ ਸਦਾ ਸਰਬ ਲੋਹ ਸਰੂਪ ਦੀ ਰਖਿਆ ਹੈ।[1]

ਅਗੇ ਲਿਖਾਰੀ ਦੇ ਦਸਖਤ (ਲਿਖਤ)

ਤੇਰੀ ਕ੍ਰਿਪਾ ਨਾਲ। ਚਉਪਈ

(ਮੈਂ) ਸਭ ਤੋਂ ਪਹਿਲਾਂ ਓਅੰਕਾਰ ਸਰੂਪ ਨੂੰ ਪ੍ਰਨਾਮ ਕਰਦਾ ਹਾਂ (ਜਿਸ ਨੇ) ਜਲ, ਥਲ ਅਤੇ ਆਕਾਸ਼ ਦਾ ਪਸਾਰ ਕੀਤਾ ਹੈ। ਉਹ ਆਦਿ ਪੁਰਖ, ਦੇਹ-ਰਹਿਤ ਅਤੇ ਅਵਿਨਾਸ਼ੀ ਹੈ ਅਤੇ ਚੌਦਾਂ ਲੋਕਾਂ ਨੂੰ (ਉਸ ਨੇ ਆਪਣੀ) ਜੋਤਿ ਨਾਲ ਪ੍ਰਕਾਸ਼ਮਾਨ ਕਰ ਰਖਿਆ ਹੈ।੧। ਜੋ ਹਾਥੀ ਤੋਂ ਲੈ ਕੇ ਕੀੜੇ ਤਕ (ਸਭ ਵਿਚ) ਸਮਾਇਆ ਹੋਇਆ ਹੈ ਅਤੇ ਰਾਜੇ ਤੇ ਭਿਖਾਰੀ ਨੂੰ ਇਕ-ਸਮਾਨ ਸਮਝਦਾ ਹੈ, ਉਹ ਦ੍ਵੈਤ-ਰਹਿਤ, ਅਦ੍ਰਿਸ਼ ਪੁਰਸ਼ ਵਾਸਤਵਿਕਤਾ ਦਾ ਗਿਆਨਵਾਨ ਅਤੇ ਹਰ ਇਕ ਦੇ ਦਿਲ ਦੀਆਂ ਜਾਣਨ ਵਾਲਾ ਹੈ।੨। ਉਹ ਦਿਸਣ ਤੋਂ ਪਰੇ, ਨ ਨਸ਼ਟ ਹੋਣ ਵਾਲਾ ਅਤੇ ਭੇਖਾਂ ਤੋਂ ਰਹਿਤ ਹੈ, ਉਸ ਦਾ ਕਿਸੇ ਪ੍ਰਤਿ ਮੋਹ (ਨਹੀਂ ਹੈ, ਉਸ ਦਾ), ਰੰਗ ਰੂਪ ਜਾਂ ਰੇਖਾ ਨਹੀਂ ਹੈ, ਉਹ ਵਰਨ, ਚਿੰਨ੍ਹ (ਆਦਿ) ਸਭ ਤੋਂ ਨਿਆਰਾ ਹੈ; ਉਹ ਆਦਿ ਪੁਰਖ, ਅਦ੍ਵੈਤ-ਸਰੂਪ ਅਤੇ ਵਿਕਾਰਾਂ ਤੋਂ ਰਹਿਤ ਹੈ।੩। ਜਿਸ ਦੇ ਵਰਨ, ਚਿੰਨ੍ਹ, ਜਾਤਿ ਅਤੇ ਬਰਾਦਰੀ ਨਹੀਂ ਹੈ, ਜਿਸ ਦੇ ਵੈਰੀ, ਮਿਤਰ, ਮਾਤਾ ਅਤੇ ਪਿਤਾ ਨਹੀਂ ਹਨ, ਜੋ ਸਭ ਤੋਂ ਦੂਰ ਅਤੇ ਸਭ ਦੇ ਨੇੜੇ ਹੈ, ਜਿਸ ਦਾ ਜਲ, ਥਲ ਅਤੇ ਆਕਾਸ਼ ਵਿਚ ਨਿਵਾਸ ਹੈ।੪।

ਉਸ ਦਾ ਸਰੂਪ ਸੀਮਾ-ਰਹਿਤ (ਅਪਰ ਅਪਾਰ) ਅਤੇ ਉਸ ਦੀ ਬਾਣੀ ਬਿਨਾ ਕਿਸੇ ਆਘਾਤ ਤੋਂ ਪੈਦਾ ਹੋਣ ਵਾਲੀ ਹੈ। ਉਸ ਦੇ ਚਰਨਾਂ ਦੀ ਓਟ ਵਿਚ ਮਾਇਆ ('ਭਵਾਨੀ') ਵਸਦੀ ਹੈ। ਬ੍ਰਹਮਾ ਅਤੇ ਵਿਸ਼ਨੂ ਨੇ ਉਸ ਦਾ ਅੰਤ ਨਹੀਂ ਪਾਇਆ ਸਗੋਂ (ਬ੍ਰਹਮਾ ਨੇ ਆਪਣੇ) ਚੌਹਾਂ ਮੁੱਖਾਂ ਤੋਂ ਉਸ ਨੂੰ ਬੇਅੰਤ ਬੇਅੰਤ (ਨੇਤਿ ਨੇਤਿ) ਕਿਹਾ ਹੈ।੫। ਉਸ ਨੇ ਕਰੋੜਾਂ ਇੰਦਰ ਅਤੇ ਉਪਇੰਦਰ (ਵਾਮਨ ਅਵਤਾਰ) ਪੈਦਾ ਕੀਤੇ ਹਨ, ਉਸ ਨੇ ਬ੍ਰਹਮਾ, ਰੁਦ੍ਰ (ਸ਼ਿਵ) ਨੂੰ ਸਿਰਜਿਆ ਅਤੇ ਸੰਘਾਰਿਆ ਹੈ; ਉਸ ਨੇ ਚੌਦਾਂ ਲੋਕਾਂ ਦੀ ਖੇਡ ਰਚੀ ਹੋਈ ਹੈ ਅਤੇ ਫਿਰ ਆਪਣੇ ਵਿਚ ਹੀ ਉਸ ਨੂੰ ਸਮੇਟ ਲੈਂਦਾ ਹੈ।੬।

ਉਸ ਨੇ ਬੇਅੰਤ ਦੈਂਤ, ਦੇਵਤੇ, ਸ਼ੇਸ਼ਨਾਗ, ਗੰਧਰਬ ਅਤੇ ਸ਼ੁਭ ਆਚਾਰ ਵਾਲੇ ਯਕਸ਼ਾਂ ਦੀ ਰਚਨਾ ਕੀਤੀ; ਭੂਤ, ਭਵਿਸ਼ ਅਤੇ ਵਰਤਮਾਨ (ਦੀਆਂ ਘਟਨਾਵਾਂ) ਦੀ ਕਥਾ ਕਹਾਣੀ ਵੀ ਉਹ ਆਪ ਹੀ ਹੈ; ਉਹ ਹਰ ਇਕ ਸ਼ਰੀਰ ਦੀ ਗੁਪਤ ਤੋਂ ਗੁਪਤ ਗੱਲ ਨੂੰ ਜਾਣਦਾ ਹੈ।੭।

---

੧. ਇਹ ਅੰਸ਼ ਗੁਰੂ ਗੋਬਿੰਦ ਸਿੰਘ ਜੀ ਦੇ ਆਪਣੇ ਹੱਥਾਂ ਨਾਲ ਲਿਖਿਆ ਹੋਇਆ ਅਤੇ ਇਸ ਤੋਂ ਬਾਦ ਦਾ ਪਾਠ ਲਿਖਾਰੀ ਦੀ ਕਲਮ ਵਿਚ ਲਿਖਿਆ ਹੋਇਆ ਮੰਨਿਆ ਜਾਂਦਾ ਹੈ

ਤਾਤ ਮਾਤ ਜਿਹ ਜਾਤਿ ਨ ਪਾਤਾ। ਏਕ ਰੰਗ ਕਾਹੂੰ ਨਹਿ ਰਾਤਾ।
ਸਰਬ ਜੋਤਿ ਕੇ ਬੀਚ ਸਮਾਨਾ। ਸਭਹੂੰ ਸਰਬ ਠੌਰਿ ਪਹਿਚਾਨਾ। ੮।
ਕਾਲ ਰਹਿਤ ਅਨਕਾਲ ਸਰੂਪਾ। ਅਲਖ ਪੁਰੁਖ ਅਵਿਗਤਿ ਅਵਧੂਤਾ।
ਜਾਤਿ ਪਾਤਿ ਜਿਹ ਚਿਹਨ ਨ ਬਰਨਾ। ਅਬਿਗਤਿ ਦੇਵ ਅਛੈ ਅਨਭਰਮਾ। ੯।
ਸਭ ਕੋ ਕਾਲ ਸਭਨ ਕੋ ਕਰਤਾ। ਰੋਗ ਸੋਗ ਦੋਖਨ ਕੋ ਹਰਤਾ।
ਏਕ ਚਿਤ ਜਿਹ ਇਕ ਛਿਨ ਧਿਆਇਓ। ਕਾਲ ਫਾਸਿ ਕੇ ਬੀਚ ਨ ਆਇਓ। ੧੦।

ਤ੍ਵਪ੍ਰਸਾਦਿ। ਕਬਿਤ

ਕਤਹੂੰ ਸੁਚੇਤ ਹੁਇ ਕੈ ਚੇਤਨਾ ਕੋ ਚਾਰੁ ਕੀਓ
ਕਤਹੂੰ ਅਚਿੰਤ ਹੁਇ ਕੈ ਸੋਵਤ ਅਚੇਤ ਹੋ।
ਕਤਹੂੰ ਭਿਖਾਰੀ ਹੁਇ ਕੈ ਮਾਂਗਤ ਫਿਰਤ ਭੀਖ
ਕਹੂੰ ਮਹਾ ਦਾਨਿ ਹੁਇ ਕੈ ਮਾਂਗਿਓ ਧਨ ਦੇਤ ਹੋ।
ਕਹੂੰ ਮਹਾ ਰਾਜਨ ਕੋ ਦੀਜਤ ਅਨੰਤ ਦਾਨ
ਕਹੂੰ ਮਹਾ ਰਾਜਨ ਤੇ ਛੀਨ ਛਿਤ ਲੇਤ ਹੋ।
ਕਹੂੰ ਬੇਦਿ ਰੀਤਿ ਕਹੂੰ ਤਾ ਸਿਉ ਬਿਪਰੀਤਿ
ਕਹੂੰ ਤ੍ਰਿਗੁਨ ਅਤੀਤ ਕਹੂੰ ਸਰਗੁਨ[1] ਸਮੇਤ ਹੋ। ੧। ੧੧।

ਕਹੂੰ ਜਛ ਗੰਧ੍ਰਬ ਉਰਗ ਕਹੂੰ ਬਿਦਿਆਧਰ
ਕਹੂੰ ਭਏ ਕਿੰਨਰ ਪਿਸਾਚ ਕਹੂੰ ਪ੍ਰੇਤ ਹੋ।
ਕਹੂੰ ਹੋਇ ਕੈ ਹਿੰਦੂਆ ਗਾਇਤ੍ਰੀ ਕੋ ਗੁਪਤ ਜਪਿਓ
ਕਹੂੰ ਹੋਇ ਕੇ ਤੁਰਕਾ ਪੁਕਾਰੇ ਬਾਂਗ ਦੇਤ ਹੋ।
ਕਹੂੰ ਕੋਕ ਕਾਬਿ ਹੁਇ ਕੈ ਪੁਰਾਨ ਕੋ ਪੜਤ ਮਤਿ
ਕਤਹੂੰ ਕੁਰਾਨ ਕੋ ਨਿਦਾਨ ਜਾਨ ਲੇਤ ਹੋ।
ਕਹੂੰ ਬੇਦ ਰੀਤ ਕਹੂੰ ਤਾ ਸਿਉ ਬਿਪਰੀਤ
ਕਹੂੰ ਤ੍ਰਿਗੁਨ ਅਤੀਤ ਕਹੂੰ ਸਰਗੁਨ[1] ਸਮੇਤ ਹੋ। ੨। ੧੨।

ਕਹੂੰ ਦੇਵਤਾਨ ਕੇ ਦਿਵਾਨ ਮੈ ਬਿਰਾਜਮਾਨ
ਕਹੂੰ ਦਾਨਵਾਨ ਕੋ ਗੁਮਾਨ ਮਤਿ ਦੇਤ ਹੋ।
ਕਹੂੰ ਇੰਦ੍ਰ ਰਾਜਾ ਕੋ ਮਿਲਤ ਇੰਦ੍ਰ ਪਦਵੀ ਸੀ
ਕਹੂੰ ਇੰਦ੍ਰ ਪਦਵੀ ਛਪਾਇ ਛੀਨ ਲੇਤ ਹੋ।
ਕਤਹੂੰ ਬਿਚਾਰ ਅਬਿਚਾਰ ਕੋ ਬਿਚਾਰਤ ਹੋ
ਕਹੂੰ ਨਿਜ ਨਾਰਿ ਪਰਨਾਰਿ ਕੇ ਨਿਕੇਤ ਹੋ।
ਕਹੂੰ ਬੇਦ ਰੀਤਿ ਕਹੂੰ ਤਾਂ ਸਿਉ ਬਿਪਰੀਤ
ਕਹੂੰ ਤ੍ਰਿਗੁਨ ਅਤੀਤ ਕਹੂੰ ਸਰਗੁਨ[1] ਸਮੇਤ ਹੋ। ੩। ੧੩।

ਕਹੂੰ ਸਸਤ੍ਰ ਧਾਰੀ ਕਹੂੰ ਬਿਦਿਆ ਕੇ ਬਿਚਾਰੀ
ਕਹੂੰ ਮਾਰੁਤ ਅਹਾਰੀ ਕਹੂੰ ਨਾਰ ਕੇ ਨਿਕੇਤ ਹੋ।

੧. 'ਸੁਰਗੁਨ', 'ਸੁਰਗਨ'

ਉਸ ਦਾ ਨ ਕੋਈ ਪਿਤਾ ਹੈ, ਨ ਮਾਤਾ, ਨ ਉਸ ਦੀ ਕੋਈ ਜਾਤਿ ਹੈ ਅਤੇ ਨ ਹੀ ਬਰਾਦਰੀ; ਉਹ ਕਿਸੇ ਇਕ ਨਾਲ (ਵਿਸ਼ੇਸ਼ ਰੂਪ ਵਿਚ) ਸੰਬੰਧਿਤ ਨਹੀਂ ਹੈ। ਉਹ ਸਭ ਦੀਆਂ ਜੋਤਾਂ ਵਿਚ ਸਮਾਇਆ ਹੋਇਆ ਹੈ; (ਮੈਂ) ਉਸ ਨੂੰ ਸਭ ਵਿਚ ਅਤੇ ਸਾਰੀਆਂ ਥਾਂਵਾਂ ਵਿਚ (ਵਸਦਾ ਹੋਇਆ) ਪਛਾਣਿਆ ਹੈ।੮। ਉਹ ਕਾਲ (ਮ੍ਰਿਤੂ) ਤੋਂ ਪਰੇ ਅਤੇ ਉਸ ਦਾ ਸਰੂਪ ਕਾਲ (ਦੀਆਂ ਸੀਮਾਵਾਂ) ਤੋਂ ਮੁਕਤ ਹੈ; ਉਹ ਨ ਜਾਣਿਆ ਜਾ ਸਕਣ ਵਾਲਾ, ਅਵਿਅਕਤ, ਮਾਇਆਵੀ ਪ੍ਰਭਾਵ ਤੋਂ ਮੁਕਤ ਪੁਰਸ਼ ਹੈ। ਉਸ ਦੀ ਜਾਤਿ, ਬਰਾਦਰੀ, ਚਿੰਨ੍ਹ ਅਤੇ ਵਰਨ ਨਹੀਂ ਹੈ। ਉਹ ਅਵਿਅਕਤ, ਅਵਿਨਾਸ਼ੀ ਅਤੇ ਭਰਮਾਂ ਤੋਂ ਰਹਿਤ ਪਰਮ-ਸੱਤਾ ਹੈ।੯। ਉਹ ਸਭ ਦਾ ਨਾਸ਼ ਕਰਨ ਵਾਲਾ ਅਤੇ ਸਭ ਦਾ ਸਿਰਜਕ ਹੈ; ਉਹ ਰੋਗ, ਸੋਗ ਅਤੇ ਦੋਖਾਂ (ਪਾਪਾਂ) ਨੂੰ ਨਾਸ਼ ਕਰਨ ਵਾਲਾ ਹੈ। ਉਸ ਦਾ ਜਿਸ ਨੇ ਇਕਾਗ੍ਰ ਚਿੱਤ ਇਕ ਛਿਣ ਲਈ ਵੀ ਧਿਆਨ ਕੀਤਾ ਹੈ, ਉਹ ਫਿਰ ਕਾਲ (ਮ੍ਰਿਤੂ) ਦੇ ਫੰਧੇ ਵਿਚ ਨਹੀਂ ਫਸਦਾ।੧੦।

ਤੇਰੀ ਕ੍ਰਿਪਾ ਨਾਲ। ਕਬਿਤ

(ਹੇ ਪ੍ਰਭੂ! ਤੂੰ) ਕਿਤੇ ਸੁਚੇਤ ਹੋ ਕੇ ਚੇਤਨਾ ਨੂੰ ਸੁੰਦਰ (ਮਨੋਹਰ) ਬਣਾਇਆ ਹੈ ਅਤੇ ਕਿਤੇ ਨਿਸਚਿੰਤ ਹੋ ਕੇ ਘੂਕ ਸੁੱਤਾ ਹੋਇਆ ਹੈਂ। ਕਿਤੇ ਤੂੰ ਭਿਖਾਰੀ ਬਣ ਕੇ ਭਿਖਿਆ ਮੰਗਦਾ ਫਿਰਦਾ ਹੈਂ ਅਤੇ ਕਿਤੇ ਮਹਾਦਾਨੀ ਬਣ ਕੇ ਮੂੰਹ-ਮੰਗਿਆ ਧਨ ਦਿੰਦਾ ਹੈਂ। ਕਿਤੇ ਮਹਾਰਾਜਿਆਂ ਨੂੰ ਵੀ ਅਨੰਤ (ਨਿੱਧੀਆਂ) ਦਾਨ ਦਿੰਦਾ ਹੈਂ ਅਤੇ ਕਿਤੇ ਮਹਾਰਾਜਿਆਂ ਤੋਂ ਧਰਤੀ (ਦੀ ਬਾਦਸ਼ਾਹੀ) ਖੋਹ ਲੈਂਦਾ ਹੈਂ। ਕਿਤੇ ਤੂੰ ਵੇਦਾਂ ਦੀ ਰੀਤ ਅਨੁਸਾਰੀ ਹੈਂ ਅਤੇ ਕਿਤੇ ਉਨ੍ਹਾਂ ਤੋਂ ਉਲਟ ਹੈਂ, ਕਿਤੇ ਤੂੰ ਤਿੰਨਾਂ ਗੁਣਾਂ ਤੋਂ ਪਰੇ ਅਤੇ ਕਿਤੇ ਸਾਰੇ ਗੁਣਾਂ ਨਾਲ ਯੁਕਤ ਹੈਂ।੧੧।

ਕਿਤੇ ਤੂੰ ਯਕਸ਼, ਗੰਧਰਬ, ਸੱਪ ('ਉਰਗ') ਅਤੇ ਵਿਦਿਆਧਰ ਹੈਂ, ਕਿਤੇ ਕਿੰਨਰ, ਪਿਸ਼ਾਚ ਅਤੇ ਪ੍ਰੇਤ ਆਦਿ ਹੈਂ। ਕਿਤੇ ਨੂੰ ਹਿੰਦੂ ਹੋ ਕੇ ਗਾਇਤ੍ਰੀ ਦਾ ਗੁਪਤ ਜਾਪ ਕਰਨ ਵਾਲਾ ਹੈਂ; ਅਤੇ ਕਿਤੇ ਮੁਸਲਮਾਨ ਹੋ ਕੇ ਉੱਚੀ ਆਵਾਜ਼ ਵਿਚ ਬਾਂਗ ਦਿੰਦਾ ਹੈਂ। ਕਿਤੇ ਤੂੰ ਕੋਕ ਕਵੀ (ਵਿਦਵਾਨ ਪੰਡਿਤ) ਹੋ ਕੇ ਪੁਰਾਣ ਦੇ ਮਤ ਨੂੰ ਪੜ੍ਹਨ ਵਾਲਾ ਹੈਂ, ਕਦੇ ਕੁਰਾਨ ਦੇ ਤੱਤ੍ਵ-ਸਾਰ ਨੂੰ ਸਮਝਣ ਵਾਲਾ ਹੈਂ। ਕਿਤੇ ਤੂੰ ਵੇਦ ਦੀ ਮਰਯਾਦਾ (ਰੀਤ) ਹੈਂ ਅਤੇ ਕਿਤੇ ਉਸ ਦੇ ਬਿਲਕੁਲ ਉਲਟ ਹੈਂ। ਕਿਤੇ ਤੂੰ ਤਿੰਨ ਗੁਣਾਂ ਤੋਂ ਪਰੇ ਹੈਂ ਅਤੇ ਕਿਤੇ ਸਾਰੇ ਗੁਣਾਂ ਨਾਲ ਯੁਕਤ ਹੈਂ।੧੨।

(ਹੇ ਪ੍ਰਭੂ!) ਕਿਤੇ ਤੁਸੀਂ ਦੇਵਤਿਆਂ ਦੀ ਸਭਾ (ਦੀਵਾਨ) ਵਿਚ ਬਿਰਾਜਮਾਨ ਹੋ ਅਤੇ ਕਿਤੇ ਦੈਂਤਾਂ ਨੂੰ ਹੰਕਾਰ ਦੀ ਸਲਾਹ ਦੇ ਰਹੇ ਹੋ। ਕਿਤੇ ਤੁਸੀਂ ਇੰਦਰ ਰਾਜਾ ਨੂੰ ਇੰਦਰ-ਪਦ ਪ੍ਰਦਾਨ ਕਰ ਰਹੇ ਹੋ ਅਤੇ ਕਿਤੇ ਇੰਦਰ-ਪਦ ਖੋਹ ਕੇ ਲੁਕਾ ਲੈਂਦੇ ਹੋ। ਕਿਤੇ ਸੁਵਿਚਾਰਾਂ ਨੂੰ ਅਤੇ ਕਿਤੇ ਕੁਵਿਚਾਰਾਂ ਨੂੰ ਵਿਚਾਰਦੇ ਹੋ ਅਤੇ ਕਿਤੇ ਨਿਜ-ਨਾਰੀ ਅਤੇ ਕਿਤੇ ਪਰ-ਨਾਰੀ ਦੇ (ਪਿਆਰ ਦੇ) ਕੇਂਦਰ (ਘਰ) ਹੋ। ਕਿਤੇ ਵੇਦਾਂ ਦੀ ਰੀਤ (ਮਰਯਾਦਾ) ਹੋ ਅਤੇ ਕਿਤੇ ਉਸ ਤੋਂ ਉਲਟ ਹੋ, ਕਿਤੇ ਤਿੰਨਾਂ ਗੁਣਾਂ ਤੋਂ ਪਰੇ ਅਤੇ ਕਿਤੇ ਸਾਰੇ ਗੁਣਾਂ ਨਾਲ ਯੁਕਤ ਹੋ।੧੩।

(ਹੇ ਪ੍ਰਭੂ!) ਕਿਤੇ ਤੁਸੀਂ ਸ਼ਸਤ੍ਰਧਾਰੀ (ਯੋਧਾ) ਹੋ, ਕਿਤੇ ਵਿਦਿਆ ਦਾ ਵਿਚਾਰ ਕਰਨ ਵਾਲੇ (ਵਿਦਵਾਨ) ਹੋ, ਕਿਤੇ ਪੌਣ (ਮਾਰਤ) ਦਾ ਆਹਾਰ ਕਰਨ ਵਾਲੇ (ਸ਼ਿਵ) ਹੋ ਅਤੇ ਕਿਤੇ ਜਲ (ਨਾਰ) ਵਿਚ ਨਿਵਾਸ ਕਰਨ ਵਾਲੇ (ਵਿਸ਼ਨੂ-ਨਾਰਾਇਣ) ਹੋ। ਕਿਤੇ ਤੁਸੀਂ ਦੇਵ

ਕਹੂੰ ਦੇਵਬਾਨੀ ਕਹੂੰ ਸਾਰਦਾ ਭਵਾਨੀ
ਕਹੂੰ ਮੰਗਲਾ ਮ੍ਰਿੜਾਨੀ ਕਹੂੰ ਸਿਆਮ ਕਹੂੰ ਸੇਤ ਹੋ।
ਕਹੂੰ ਧਰਮ ਧਾਮੀ ਕਹੂੰ ਸਰਬ ਠਉਰ ਗਾਮੀ
ਕਹੂੰ ਜਤੀ ਕਹੂੰ ਕਾਮੀ ਕਹੂੰ ਦੇਤ ਕਹੂੰ ਲੇਤ ਹੋ।
ਕਹੂੰ ਬੇਦ ਰੀਤਿ ਕਹੂੰ ਤਾ ਸਿਉ ਬਿਪਰੀਤ
ਕਹੂੰ ਤ੍ਰਿਗੁਨ ਅਤੀਤ ਕਹੂੰ ਸਰਗੁਨ[1] ਸਮੇਤ ਹੋ। ੪। ੧੪।

ਕਹੂੰ ਜਟਾਧਾਰੀ ਕਹੂੰ ਕੰਠੀ ਧਰੇ ਬ੍ਰਹਮਚਾਰੀ
ਕਹੂੰ ਜੋਗ ਸਾਧੀ ਕਹੂੰ ਸਾਧਨਾ ਕਰਤ ਹੋ।
ਕਹੂੰ ਕਾਨ ਫਾਰੇ ਕਹੂੰ ਡੰਡੀ ਹੁਇ ਪਧਾਰੇ
ਕਹੂੰ ਫੂਕਿ ਫੂਕਿ ਪਾਵਨ ਕੌ ਪ੍ਰਿਥੀ ਪੈ ਧਰਤ ਹੋ।
ਕਤਹੂੰ ਸਿਪਾਹੀ ਹੁਇ ਕੈ ਸਾਧਤ ਸਿਲਾਹਨ ਕੌ
ਕਹੂੰ ਛਤ੍ਰੀ ਹੁਇ ਕੈ ਅਰਿ ਮਾਰਤ ਮਰਤ ਹੋ।
ਕਹੂੰ ਭੂਮਿ ਭਾਰ ਕੌ ਉਤਾਰਤ ਹੋ ਮਹਾਰਾਜ
ਕਹੂੰ ਭਵ ਭੂਤਨ ਕੀ ਭਾਵਨਾ ਭਰਤ ਹੋ। ੫। ੧੫।

ਕਹੂੰ ਗੀਤ ਨਾਦ ਕੇ ਨਿਦਾਨ ਕੌ ਬਤਾਵਤ ਹੋ
ਕਹੂੰ ਨ੍ਰਿਤਕਾਰੀ ਚਿਤ੍ਰਕਾਰੀ ਕੇ ਨਿਧਾਨ ਹੋ।
ਕਤਹੂੰ ਪਯੂਖ ਹੁਇ ਕੈ ਪੀਵਤ ਪਿਵਾਵਤ ਹੋ
ਕਤਹੂੰ ਮਯੂਖ ਊਖ ਕਹੂੰ ਮਦਿ ਪਾਨਿ ਹੋ।
ਕਹੂੰ ਮਹਾ ਸੂਰ ਹੁਇ ਕੈ ਮਾਰਤ ਮਵਾਸਨ ਕੌ
ਕਹੂੰ ਮਹਾਦੇਵ ਦੇਵਤਾਨ ਕੇ ਸਮਾਨ ਹੋ।
ਕਹੂੰ ਮਹਾਦੀਨ ਕਹੂੰ ਦ੍ਰਬ ਕੇ ਅਧੀਨ
ਕਹੂੰ ਬਿਦਿਆ ਮੈ ਪ੍ਰਬੀਨ ਕਹੂੰ ਭੂਮਿ ਕਹੂੰ ਭਾਨੁ[2] ਹੋ। ੬।੧੬।

ਕਹੂੰ ਅਕਲੰਕ ਕਹੂੰ ਮਾਰੁਤ ਮਯੰਕ
ਕਹੂੰ ਪੂਰਨ ਪ੍ਰਜੰਕ ਕਹੂੰ ਸੁਧਤਾ ਕੀ ਸਾਰ ਹੋ।
ਕਹੂੰ ਦੇਵ ਧਰਮ ਕਹੂੰ ਸਾਧਨਾ ਕੇ ਹਰਮ
ਕਹੂੰ ਕੁਤਸਤਿ ਕੁਕਰਮ ਕਹੂੰ ਧਰਮ ਕੇ ਪ੍ਰਕਾਰ ਹੋ।
ਕਹੂੰ ਪਉਨਹਾਰੀ ਕਹੂੰ ਬਿਦਿਆ ਕੇ ਬੀਚਾਰੀ
ਕਹੂੰ ਜੋਗੀ[3] ਜਤੀ ਬ੍ਰਹਮਚਾਰੀ ਨਰ ਕਹੂੰ ਨਾਰਿ ਹੋ।
ਕਹੂੰ ਛਤ੍ਰਧਾਰੀ ਕਹੂੰ ਛਾਲਾ ਧਰੇ ਛੈਲ ਭਾਰੀ
ਕਹੂੰ ਛਕਵਾਰੀ ਕਹੂੰ ਛਲ ਕੇ ਪ੍ਰਕਾਰ ਹੋ। ੭। ੧੭।

ਕਹੂੰ ਗੀਤ ਕੇ ਗਵਯਾ ਕਹੂੰ ਬੇਨੁ ਕੇ ਬਜਯਾ
ਕਹੂੰ ਨ੍ਰਿਤ ਕੇ ਨਚਯਾ ਕਹੂੰ ਨਰ ਕੋ ਅਕਾਰ ਹੋ।
ਕਹੂੰ ਬੇਦ ਬਾਨੀ ਕਹੂੰ ਕੋਕ ਕੀ ਕਹਾਨੀ

੧. 'ਸੁਰਗੁਨ', 'ਸੁਰਗਨ' ੨. 'ਭਾਨ' ੩. 'ਜੋਗ', 'ਜੋਗਿ'

ਬਾਣੀ (ਆਕਾਸ਼ ਬਾਣੀ) ਹੋ, ਕਿਤੇ ਸਰਸਵਤੀ ਅਤੇ ਪਾਰਬਤੀ ਹੋ, ਕਿਤੇ ਦੁਰਗਾ ਅਤੇ ਸ਼ਿਵਾ (ਮ੍ਰਿੜਾਨੀ) ਹੋ ਅਤੇ ਕਿਤੇ ਤੁਸੀਂ ਕਾਲੇ ਰੰਗ ਵਾਲੀ ਹੋ ਅਤੇ ਕਿਤੇ ਸਫ਼ੈਦ ਵਰਣ ਵਾਲੀ ਹੋ। ਕਿਤੇ ਧਰਮ-ਧਾਮ (ਧਰਮ ਦੀ ਮਰਯਾਦਾ ਰਖਣ ਵਾਲੇ) ਹੋ ਅਤੇ ਕਿਤੇ ਸਭ ਥਾਂ ਵਿਚਰਨ ਕਰਨ ਵਾਲੇ (ਸਰਬ ਵਿਆਪੀ) ਹੋ, ਕਿਤੇ ਜਤ-ਸਤ ਧਾਰਨ ਕਰਨ ਵਾਲੇ ਹੋ ਅਤੇ ਕਿਤੇ ਕਾਮ ਵਿਚ ਖ਼ੁਸ਼ (ਉਲਾਸੀ) ਹੋ; ਕਿਤੇ ਦਾਨ ਦੇਣ ਵਾਲੇ ਹੋ ਅਤੇ ਕਿਤੇ ਦਾਨ ਲੈਣ ਵਾਲੇ ਹੋ। ਕਿਤੇ ਤੁਸੀਂ ਵੇਦ-ਰੀਤ ਨੂੰ ਪਾਲਣ ਵਾਲੇ ਹੋ ਅਤੇ ਕਿਤੇ ਇਸ ਤੋਂ ਉਲਟ ਹੋ, ਕਿਤੇ ਤਿੰਨਾਂ ਗੁਣਾਂ (ਰਜੋ, ਸਤੋ, ਤਮੋ) ਤੋਂ ਪਰੇ ਹੋ ਅਤੇ ਕਿਤੇ ਇੰਨ੍ਹਾਂ ਗੁਣਾਂ ਨਾਲ ਸੰਯੁਕਤ ਹੋ।੧੪।

(ਹੇ ਪ੍ਰਭੂ!) ਕਿਤੇ ਤੁਸੀਂ ਜਟਾਧਾਰੀ (ਸਾਧੂ) ਹੋ ਅਤੇ ਕਿਤੇ ਗਲ ਵਿਚ ਕੰਠੀ ਧਾਰਨ ਕਰਨ ਵਾਲੇ ਬ੍ਰਹਮਚਾਰੀ (ਰਾਮਾਨੰਦੀ ਸਾਧੂ) ਹੋ, ਕਿਤੇ ਜੋਗ ਨੂੰ ਸਾਧ ਲਿਆ ਹੈ ਅਤੇ ਕਿਤੇ (ਜੋਗ) ਸਾਧਨਾ ਕਰ ਰਹੇ ਹੋ। ਕਿਤੇ ਤੁਸੀਂ ਕੰਨ ਪਾਟੇ ਜੋਗੀ ਹੋ, ਕਿਤੇ ਡੰਡਾ-ਧਾਰੀ (ਸੰਨਿਆਸੀ) ਹੋ ਕੇ ਵਿਚਰ ਰਹੇ ਹੋ, ਕਿਤੇ ਫੂਕ ਫੂਕ ਕੇ ਪੈਰਾਂ ਨੂੰ ਧਰਤੀ ਉਤੇ ਧਰਨ ਵਾਲੇ (ਜੈਨ ਸਾਧੂ) ਹੋ। ਕਿਤੇ ਸਿਪਾਹੀ ਹੋ ਕੇ ਸ਼ਸਤ੍ਰਾਂ ('ਸਿਲਾਹਨ') ਦਾ ਅਭਿਆਸ ਕਰ ਰਹੇ ਹੋ ਅਤੇ ਕਿਤੇ ਛਤ੍ਰੀ (ਯੋਧਾ) ਰੂਪ ਹੋ ਕੇ ਵੈਰੀ ਨੂੰ ਮਾਰਦੇ ਅਤੇ ਮਰਦੇ ਹੋ। ਕਿਤੇ ਮਹਾਰਾਜੇ ਦਾ ਰੂਪ ਧਾਰ ਕੇ ਧਰਤੀ ਉਪਰੋਂ ਜ਼ੁਲਮ ਦੇ ਭਾਰ ਨੂੰ ਉਤਾਰਦੇ ਹੋ ਅਤੇ ਕਿਤੇ ਜਗਤ ਦੇ ਜੀਵਾਂ ਦੀ ਇੱਛਾਂ ਨੂੰ ਪੂਰਾ ਕਰਦੇ ਹੋ।੧੫।

ਕਿਤੇ ਤੁਸੀਂ ਗੀਤ ਅਤੇ ਨਾਦ ਦੇ ਢੰਗਾਂ ('ਨਿਦਾਨ') ਨੂੰ ਦਸਣ ਵਾਲੇ ਹੋ ਅਤੇ ਕਿਤੇ ਨਾਚ ਕਲਾ ਅਤੇ ਚਿੱਤਰਕਲਾ ਦੇ ਭੰਡਾਰ ਹੋ। ਕਿਤੇ ਤੁਸੀਂ ਅੰਮ੍ਰਿਤ ਅਥਵਾ ਸੋਮ ਰਸ ('ਪਯੂਖ') ਹੋ ਕੇ (ਉਸ ਨੂੰ) ਪੀਂਦੇ ਅਤੇ ਪਿਲਾਂਦੇ ਹੋ ਅਤੇ ਕਿਤੇ ਤੁਸੀਂ ਮਾਖੀਉਂ ਅਤੇ ਕਿਤੇ ਗੰਨੇ ਦਾ ਰਸ ਹੋ ਅਤੇ ਕਿਤੇ ਮਦਿਰਾ ਦਾ ਪਾਨ ਕਰਨ ਵਾਲੇ ਹੋ। ਕਿਤੇ ਤੁਸੀਂ ਮਹਾਨ ਸੂਰਮੇ ਬਣ ਕੇ ਬਾਗੀਆਂ ('ਮਵਾਸਨ') ਨੂੰ ਮਾਰਦੇ ਹੋ ਅਤੇ ਕਿਤੇ ਤੁਸੀਂ ਦੇਵਤਿਆਂ ਦੇ ਵੀ ਮਹਾ ਦੇਵ ਵਰਗੇ ਹੋ। ਕਿਤੇ ਤੁਸੀਂ ਅਤਿ ਕੰਗਾਲ ਹੋ ਅਤੇ ਕਿਤੇ ਧਨਾਢ ਹੋ, ਕਿਤੇ ਵਿਦਿਆ ਵਿਚ ਪ੍ਰਬੀਨ ਹੋ ਅਤੇ ਕਿਤੇ ਧਰਤੀ ਅਤੇ ਕਿਤੇ ਸੂਰਜ ਹੋ।੧੬।

(ਹੇ ਪ੍ਰਭੂ!), ਤੁਸੀਂ ਕਿਤੇ ਕਲੰਕ ਤੋਂ ਬਿਨਾ ਹੋ ਅਤੇ ਕਿਤੇ ਚੰਦ੍ਰਮਾ ('ਮਯੰਕ') ਨੂੰ ਮਾਰਨ ਵਾਲੇ (ਕਲੰਕਿਤ ਕਰਨ ਵਾਲੇ ਗੋਤਮ ਰਿਸ਼ੀ) ਹੋ, ਕਿਤੇ ਤੁਸੀਂ ਇਸਤਰੀ ਸਹਿਤ ਪਲੰਘ ਵਾਲੇ (ਗ੍ਰਿਹਸਤੀ) ਹੋ ਅਤੇ ਕਿਤੇ ਤੁਸੀਂ ਸ਼ੁੱਧਤਾ ਦਾ ਸਾਰ-ਤੱਤ੍ਵ ਹੋ (ਅਰਥਾਤ ਸੁਖ-ਸੁਵਿਧਾ ਤੋਂ ਪਰੇ ਹੋ), ਕਿਤੇ ਤੁਸੀਂ ਦੇਵ-ਧਰਮੀ ਹੋ ਅਤੇ ਕਿਤੇ ਵਸੀਲਿਆਂ (ਸਾਧਨਾਂ) ਦੇ ਮਹੱਲ (ਭੰਡਾਰ) ਹੋ, ਕਿਤੇ ਨਿੰਦਾਯੋਗ ਕੁਕਰਮ (ਕਰਨ ਵਾਲੇ) ਹੋ ਅਤੇ ਕਿਤੇ ਧਰਮ ਦੇ ਅਨੇਕ ਢੰਗ ਹੋ। ਕਿਤੇ ਪੌਣ ਦਾ ਆਹਾਰ ਕਰਨ ਵਾਲੇ ਹੋ, ਕਿਤੇ ਵਿਦਿਆ ਦਾ ਵਿਚਾਰ ਕਰਨ ਵਾਲੇ (ਵਿਦਵਾਨ) ਹੋ, ਕਿਤੇ ਜੋਗੀ, ਜਤੀ, ਬ੍ਰਹਮਚਾਰੀ, ਪੁਰਸ਼ ਅਤੇ ਨਾਰੀ ਹੋ। ਕਿਤੇ ਛਤ੍ਰਧਾਰੀ (ਰਾਜੇ), ਮ੍ਰਿਗਛਾਲਾ-ਧਾਰੀ (ਸੰਨਿਆਸੀ) ਹੋ, ਕਿਤੇ ਬਹੁਤ ਸੁੰਦਰ ਨੌਜਵਾਨ ਅਤੇ ਕਿਤੇ ਨਿਰਬਲ ਸ਼ਰੀਰ ਵਾਲੇ ('ਛਕਵਾਰੀ') ਅਤੇ ਕਿਤੇ ਛਲ ਦੇ ਅਨੇਕ ਰੂਪ ਹੋ।੧੭।

ਕਿਤੇ ਗੀਤਾਂ ਦੇ ਗਾਣ ਵਾਲੇ ਹੋ, ਕਿਤੇ ਬੰਸਰੀ ਵਜਾਉਣ ਵਾਲੇ ਹੋ, ਕਿਤੇ ਨਾਚ ਦੇ ਨਚਾਰ ਹੋ ਅਤੇ ਕਿਤੇ ਨਰ ਸਰੂਪ ਵਾਲੇ ਹੋ। ਕਿਤੇ ਤੁਸੀਂ ਵੇਦ-ਬਾਣੀ ਹੋ, ਕਿਤੇ ਕਾਮ ਦੇ ਭੇਦਾਂ ਦਾ ਬ੍ਰਿੱਤਾਂਤ ਹੋ, ਕਿਤੇ ਰਾਜੇ ਹੋ, ਕਿਤੇ ਰਾਣੀ ਹੋ ਅਤੇ ਕਿਤੇ ਤੁਸੀਂ ਇਸਤਰੀ ਦੇ ਵੱਖ ਵੱਖ ਸਰੂਪ ਹੋ। ਕਿਤੇ ਬੰਸਰੀ ਵਜਾਉਣ ਵਾਲੇ, ਕਿਤੇ ਗਊਆਂ ਨੂੰ ਚਰਾਉਣ ਵਾਲੇ,

ਕਹੂੰ ਰਾਜਾ ਕਹੂੰ ਰਾਨੀ ਕਹੂੰ ਨਾਰਿ ਕੇ ਪ੍ਰਕਾਰ ਹੋ।
ਕਹੂੰ ਬੇਨ ਕੇ ਬਜਯਾ ਕਹੂੰ ਧੇਨ ਕੇ ਚਰਯਾ
ਕਹੂੰ ਲਾਖਨ ਲਵਯਾ ਕਹੂੰ ਸੁੰਦਰ ਕੁਮਾਰ ਹੋ।
ਸੁਧਤਾ ਕੀ ਸਾਨ ਹੋ ਕਿ ਸੰਤਨ ਕੇ ਪ੍ਰਾਨ ਹੋ
ਕਿ ਦਾਤਾ ਮਹਾ ਦਾਨਿ ਹੋ ਕਿ ਨ੍ਰਿਦੋਖੀ ਨਿਰੰਕਾਰ ਹੋ। ੮। ੧੮।

ਨਿਰਜੁਰ ਨਿਰੂਪ ਹੋ ਕਿ ਸੁੰਦਰ ਸਰੂਪ ਹੋ
ਕਿ ਭੂਪਨ ਕੇ ਭੂਪ ਹੋ ਕਿ ਦਾਤਾ ਮਹਾ ਦਾਨ ਹੋ।
ਪ੍ਰਾਨ ਕੇ ਬਚਯਾ ਦੂਧ ਪੂਤ ਕੇ ਦਿਵਯਾ
ਰੋਗ ਸੋਗ ਕੇ ਮਿਟਯਾ ਕਿਧੌ ਮਾਨੀ ਮਹਾ ਮਾਨ ਹੋ।
ਬਿਦਿਆ ਕੇ ਬਿਚਾਰ ਹੋ ਕਿ ਅਦ੍ਵੈ ਅਵਤਾਰ ਹੋ
ਕਿ ਸਿਧਤਾ ਕੀ ਸੂਰਤਿ ਹੋ ਕਿ ਸੁਧਤਾ ਕੀ ਸਾਨ ਹੋ।
ਜੋਬਨ ਕੇ ਜਾਲ ਹੋ ਕਿ ਕਾਲ ਹੂੰ ਕੇ ਕਾਲ ਹੋ
ਕਿ ਸਤ੍ਰੁਨ ਕੇ ਸੂਲ ਹੋ ਕਿ ਮਿਤ੍ਰਨ ਕੇ ਪ੍ਰਾਨ ਹੋ। ੯। ੧੯।

ਕਹੂੰ ਬ੍ਰਹਮਬਾਦ ਕਹੂੰ ਬਿਦਿਆ ਕੋ ਬਿਖਾਦ
ਕਹੂੰ ਨਾਦ ਕੇ ਨਿਨਾਦ[1] ਕਹੂੰ ਪੂਰਨ ਭਗਤ ਹੋ।
ਕਹੂੰ ਬੇਦ ਰੀਤਿ ਕਹੂੰ ਬਿਦਿਆ ਕੀ ਪ੍ਰਤੀਤਿ
ਕਹੂੰ ਨੀਤਿ ਅਉ ਅਨੀਤਿ ਕਹੂੰ ਜ੍ਵਾਲਾ ਸੀ ਜਗਤ ਹੋ।
ਪੂਰਨ ਪ੍ਰਤਾਪ ਕਹੂੰ ਇਕਾਤੀ[2] ਕੋ ਜਾਪ ਕਹੂੰ
ਤਾਪ ਕੋ ਅਤਾਪ ਕਹੂੰ ਜੋਗ ਤੇ ਡਿਗਤ ਹੋ।
ਕਹੂੰ ਬਰ ਦੇਤ ਕਹੂੰ ਛਲ ਸੋ ਛਿਨਾਇ ਲੇਤ
ਸਰਬ ਕਾਲਿ ਸਰਬ ਠੌਰਿ ਏਕ ਸੇ ਲਗਤ ਹੋ। ੧੦। ੨੦।

ਤ੍ਵਪ੍ਰਸਾਦਿ। ਸ੍ਵੈਯੇ

ਸ੍ਰਾਵਗ ਸੁਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰਿ ਜੋਗਿ ਜਤੀ ਕੇ।
ਸੂਰ ਸੁਰਾਰਦਨ ਸੁਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ।
ਸਾਰੇ ਹੀ ਦੇਸ ਕੋ ਦੇਖਿ ਰਹਿਯੋ ਮਤ ਕੋਊ ਨ ਦੇਖੀਅਤ ਪ੍ਰਾਨ ਪਤੀ ਕੇ।
ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂੰ ਤੇ ਏਕ ਰਤੀ ਬਿਨੁ ਏਕ ਰਤੀ ਕੇ। ੧। ੨੧।
ਮਾਤੇ ਮਤੰਗ ਜਰੇ ਜਰ ਸੰਗਿ ਅਨੂਪ ਉਤੰਗ ਸੁਰੰਗ ਸਵਾਰੇ।
ਕੋਟਿ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੋ ਜਾਤ ਨਿਵਾਰੇ।
ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ।
ਏਤੇ ਭਏ ਤੋ ਕਹਾ ਭਏ ਭੂਪਤਿ ਅੰਤ ਕੋ ਨਾਗੇ[3] ਹੀ ਪਾਇ ਪਧਾਰੇ। ੨। ੨੨।

੧.'ਨਨਾਦ' ੨. 'ਏਕਾਂਤੀ' ੩. 'ਨਾਂਗੇ'

ਕਿਤੇ (ਵਿਅਰਥ ਦੀਆਂ) ਤੋਹਮਤਾਂ ਲਗਵਾਉਣ ਵਾਲੇ ਅਤੇ ਕਿਤੇ ਸੁੰਦਰ ਕੁਮਾਰ ਹੋ। ਕਿਤੇ ਤੁਸੀਂ ਪਵਿਤਰਤਾ ਦੀ ਸ਼ਾਨ ਹੋ, ਜਾਂ ਸੰਤਾਂ ਦੇ ਪ੍ਰਾਣ ਹੋ ਜਾਂ ਮਹਾਨ ਦਾਨ ਦੇਣ ਵਾਲੇ ਦਾਨੀ ਹੋ ਜਾਂ ਨਿਰਦੋਸ਼ ਨਿਰਾਕਾਰ ਹੋ।੧੮।

(ਹੇ ਪ੍ਰਭੂ!) ਤੁਸੀਂ ਨਿਰੋਗ ਅਤੇ ਅਰੂਪ ਹੋ ਜਾਂ ਸੁੰਦਰ ਸਰੂਪ ਵਾਲੇ ਹੋ, ਜਾਂ ਰਾਜਿਆਂ ਦੇ ਰਾਜੇ ਹੋ ਜਾਂ ਮਹਾਨ ਦਾਨ ਕਰਨ ਵਾਲੇ ਦਾਨੀ ਹੋ। ਤੁਸੀਂ ਪ੍ਰਾਣਾਂ ਦੀ ਰਖਿਆਂ ਕਰਨ ਵਾਲੇ ਹੋ ਜਾਂ ਦੁੱਧ ਪੁੱਤਰ ਬਖਸ਼ਣ ਵਾਲੇ ਹੋ ਜਾਂ ਰੋਗ ਅਤੇ ਸੋਗ ਨੂੰ ਮਿਟਾਉਣ ਵਾਲੇ ਹੋ ਜਾਂ ਵੱਡੇ ਅਭਿਮਾਨ ਵਾਲੇ ਅਭਿਮਾਨੀ ਹੋ। ਤੁਸੀਂ ਵਿਦਿਆ ਦਾ ਵਿਚਾਰ (ਵਿਦਵਾਨ) ਹੋ ਜਾਂ ਅਦ੍ਵੈਤ-ਸਰੂਪ ਵਾਲੇ ਹੋ, ਜਾਂ ਸਿੱਧੀਆਂ ਦੀ ਪ੍ਰਤਿਮੂਰਤੀ ਹੋ, ਜਾਂ ਸ਼ੁੱਧਤਾ ਦਾ ਗੌਰਵ ਹੋ। ਤੁਸੀਂ ਜਵਾਨੀ ਦੇ ਜਾਲ (ਆਕਰਸ਼ਿਤ ਕਰ ਕੇ ਮੋਹ ਬੰਧਨ ਵਿਚ ਫਸਾਉਣ ਵਾਲੇ) ਹੋ, ਜਾਂ ਕਾਲ ਦੇ ਵੀ ਕਾਲ ਹੋ, ਜਾਂ ਵੈਰੀਆਂ ਲਈ ਪੀੜਾਕਾਰੀ ਹੋ, ਜਾਂ ਮਿਤਰਾਂ ਲਈ ਪ੍ਰਾਣ-ਰੂਪ ਹੋ।੧੯।

ਕਿਤੇ ਤੁਸੀਂ ਬ੍ਰਹਮ ਸੰਬੰਧੀ ਵਿਚਾਰ-ਚਰਚਾ ਹੋ, ਜਾਂ ਵਿਦਿਆ ਦੇ ਤਰਕ-ਵਿਤਰਕ ਹੋ, ਜਾਂ ਕਿਤੇ ਅਨਹਦ ਨਾਦ ਦੀ ਧੁਨ ਹੋ, ਜਾਂ ਕਿਤੇ (ਅਨਹਦ ਨਾਦ ਦੀ ਧੁਨ ਵਿਚ) ਪੂਰੀ ਤਰ੍ਹਾਂ ਲੀਨ ਭਗਤ ਹੋ। ਕਿਤੇ ਤੁਸੀਂ ਵੇਦ-ਰੀਤ ਦੇ ਪਾਲਕ ਹੋ, ਕਿਤੇ ਵਿਦਿਆ ਦੀ ਪ੍ਰਤੀਤੀ (ਵਿਸ਼ਵਾਸ) ਹੋ, ਕਿਤੇ ਨੀਤੀ ਹੋ ਅਤੇ ਕਿਤੇ ਅਨੀਤੀ ਹੋ ਅਤੇ ਕਿਤੇ ਅੱਗ ਵਾਂਗ ਚਮਕਦੇ ਹੋ। ਕਿਤੇ ਪੂਰਨ ਪ੍ਰਤਾਪ ਵਾਲੇ ਹੋ, ਕਿਤੇ ਏਕਾਂਤ-ਵਾਸੀ (ਸਾਧਕ) ਦੇ ਜਾਪ ਹੋ, ਕਿਤੇ ਤਪਸਿਆ (ਦੁਆਰਾ ਪ੍ਰਾਪਤ ਨ ਕੀਤੇ ਜਾ ਸਕਣ ਵਾਲੇ) ਅਕਾਲ ਪੁਰਖ (ਅਤਾਪ) ਹੋ ਅਤੇ ਕਿਤੇ ਜੋਗ-ਸਾਧਨਾ ਤੋਂ ਡਿਗਣ ਵਾਲੇ ਹੋ। ਕਿਤੇ ਵਰ ਦੇਣ ਵਾਲੇ ਹੋ ਕਿਤੇ ਛਲ ਨਾਲ ਖੋਹ ਲੈਣ ਵਾਲੇ ਹੋ, (ਮੈਨੂੰ) ਸਭ ਸਮਿਆਂ ਵਿਚ ਅਤੇ ਸਭਨਾਂ ਠਿਕਾਣਿਆਂ ਵਿਚ ਇਕ-ਸਮਾਨ ਪ੍ਰਤੀਤ ਹੁੰਦੇ ਹੋ।੨੦।

ਤੇਰੀ ਕ੍ਰਿਪਾ ਨਾਲ। ਸ੍ਵੈਯੇ

(ਹੇ ਪ੍ਰਭੂ! ਮੈਂ) ਬੁੱਧ ਅਤੇ ਜੈਨ ਮਤ ਨੂੰ ਮੰਨਣ ਵਾਲੇ ਸ਼੍ਰਾਵਕਾਂ, ਕਰਮਕਾਂਡੀਆਂ, ਸਿੱਧਾਂ, ਜੋਗੀਆਂ ਅਤੇ ਜਤੀਆਂ ਦੇ ਸਿੱਧਾਂਤਿਕ ਵਿਚਾਰਾਂ (ਘਰਾਂ) ਨੂੰ ਘੋਖ ਲਿਆ ਹੈ; ਸੂਰਵੀਰਾਂ, (ਦੇਵਤਿਆਂ ਦੇ ਵੈਰੀ) ਦੈਂਤਾਂ ਅਤੇ ਸ਼ੁੱਧ ਅੰਮ੍ਰਿਤ (ਸੁਧਾ) ਪਾਨ ਕਰਨ ਵਾਲੇ ਦੇਵਤਿਆਂ ਅਤੇ ਅਨੇਕ ਪ੍ਰਕਾਰ ਦੇ ਸੰਤਾਂ ਦੀਆਂ ਮੰਡਲੀਆਂ ਨੂੰ (ਤੁਰ ਫਿਰ ਕੇ ਵੇਖ ਲਿਆ ਹੈ); ਸਾਰਿਆਂ ਦੇਸਾਂ ਦੇ ਮਤ-ਮਤਾਂਤਰਾਂ ਨੂੰ ਵੇਖ ਲਿਆ ਹੈ ਪਰ ਕੋਈ ਵੀ ਅਜਿਹਾ ਨਹੀਂ ਵੇਖਿਆ ਜੋ (ਸੱਚੇ ਅਰਥਾਂ ਵਿਚ) ਪਰਮਾਤਮਾ ਦਾ ਬਣਿਆ ਹੋਵੇ (ਅਰਥਾਤ ਅਧਿਆਤਮਿਕ ਕਰਤੱਵ ਪ੍ਰਤਿ ਸਚੇਤ ਹੋਵੇ)। (ਸਚ ਤਾਂ ਇਹ ਹੈ ਕਿ) ਪਰਮਾਤਮਾ ਦੀ ਕ੍ਰਿਪਾ ਦੀ ਭਾਵਨਾ ਅਤੇ ਇਕ ਮਾਤਰ ਪ੍ਰੀਤ (ਰਤੀ ਤੋਂ ਬਿਨਾ) (ਇਹ ਸਾਰੇ) ਇਕ ਰਤੀ ਦੇ ਵੀ ਨਹੀਂ ਹਨ (ਅਰਥਾਤ ਤੁੱਛ ਹਨ)।੨੧। ਸੋਨੇ ਨਾਲ ਜੜ੍ਹੇ ਹੋਏ, ਉੱਚੇ ਅਕਾਰ ਪ੍ਰਕਾਰ ਵਾਲੇ ਸੰਧੂਰ ਨਾਲ ਸੰਵਾਰੇ ਹੋਏ ਅਨੁਪਮ ਮਸਤ ਹਾਥੀ ਹੋਣ; ਹਿਰਨਾਂ ਵਾਂਗ ਕੁਦਣ ਅਤੇ ਪੌਣ ਦੀ ਤੇਜ਼ੀ ਨੂੰ ਵੀ ਪਿਛੇ ਛੱਡਣ ਵਾਲੇ ਕਰੋੜਾਂ ਘੋੜੇ ਹੋਣ; (ਦੁਆਰ 'ਤੇ ਖੜੇ) ਵੱਡੀਆਂ ਭੁਜਾਵਾਂ ਵਾਲੇ ਰਾਜੇ ਚੰਗੀ ਤਰ੍ਹਾਂ ਨਾਲ ਸਿਰ ਨਿਵਾਉਂਦੇ ਹੋਣ, ਜਿਨ੍ਹਾਂ ਦੀ ਕਿ ਗਿਣਤੀ ਵੀ ਨ ਕੀਤੇ ਜਾ ਸਕਦੀ ਹੋਵੇ; ਅਜਿਹੇ (ਪ੍ਰਤਾਪੀ) ਰਾਜਾ ਬਣ ਗਏ, ਤਾਂ ਕੀ ਹੋਇਆ, (ਕਿਉਂਕਿ) ਅੰਤ ਵਿਚ ਤਾਂ ਨੰਗੇ ਪੈਰੀਂ ਹੀ (ਇਸ ਸੰਸਾਰ ਤੋਂ) ਜਾਣਾ ਹੁੰਦਾ ਹੈ।੨੨।

ਜੀਤ ਫਿਰੇ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ।
ਗੁੰਜਤ ਗੂੜ[1] ਗਜਾਨ ਕੇ ਸੁੰਦਰ ਹਿੰਤਸਤ[2] ਹੀ ਹਯ ਰਾਜ ਹਜਾਰੇ।
ਭੂਤ ਭਵਿਖ ਭਵਾਨ ਕੇ ਭੂਪਤਿ ਕਉਨ ਗਨੈ ਨਹੀ ਜਾਤ ਬਿਚਾਰੇ।
ਸ੍ਰੀਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕੋ ਅੰਤ ਕੇ ਧਾਮ ਸਿਧਾਰੇ। ੩। ੨੩।
ਤੀਰਥ ਨ੍ਹਾਨ[3] ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੇ।
ਬੇਦ ਪੁਰਾਨ ਕਤੇਬ ਕੁਰਾਨ ਜਿਮੀਨ ਜਮਾਨ ਸਬਾਨ ਕੇ ਪੇਖੇ।
ਪਉਨ ਅਹਾਰ ਜਤੀ ਜਤ ਧਾਰਿ ਸਬੈ ਸੁ ਬਿਚਾਰ ਹਜਾਰਕ ਦੇਖੇ।
ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ। ੪। ੨੪।

ਸੁਧ ਸਿਪਾਹੀ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ।
ਭਾਰੀ ਗੁਮਾਨ ਭਰੇ ਮਨ ਮੈ ਕਰਿ ਪਰਬਤ ਪੰਖ ਹਲੈ ਨ ਹਲੈਂਗੇ।
ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ।
ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨੁ ਨਿਦਾਨ ਚਲੈਂਗੇ। ੫। ੨੫।

ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛਯਾ।
ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲਯਾ।
ਗਾੜੇ ਗੜ੍ਹਾਨ ਕੇ ਤੋੜਨਹਾਰ ਸੁ ਬਾਤਨ ਹੀ ਚਕ ਚਾਰ ਲਵਯਾ।
ਸਾਹਿਬੁ ਸ੍ਰੀ ਸਭ ਕੋ ਸਿਰਨਾਇਕ ਜਾਚਕ ਅਨੇਕ ਸੁ ਏਕ ਦਿਵਯਾ। ੬। ੨੬।

ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿਖ ਭਵਾਨ ਜਪੈਂਗੇ।
ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ।
ਪੁੰਨ ਪ੍ਰਤਾਪਨ ਬਾਢਿ ਜੈਤ ਧੁਨਿ ਪਾਪਨ ਕੈ ਬਹੁ ਪੁੰਜ ਖਪੈਂਗੇ।
ਸਾਧ ਸਮੂਹ ਪ੍ਰਸੰਨ ਫਿਰੈ ਜਗਿ ਸਤ੍ਰ ਸਭੈ ਅਵਿਲੋਕਿ ਚਪੈਂਗੇ। ੭। ੨੭।
ਮਾਨਵ ਇੰਦ੍ਰ ਗਜਿੰਦ੍ਰ ਨਰਾਧਿਪ ਜੌਨ ਤ੍ਰਿਲੋਕ ਕੋ ਰਾਜੁ ਕਰੈਂਗੇ।
ਕੋਟਿ ਇਸਨਾਨ ਗਜਾਦਿਕ ਦਾਨਿ ਅਨੇਕ ਸੁਅੰਬਰ ਸਾਜਿ ਬਰੈਂਗੇ।
ਬ੍ਰਹਮ ਮਹੇਸੁਰ ਬਿਸਨੁ ਸਚੀਪਤਿ ਅੰਤਿ ਫਸੇ ਜਮ ਫਾਸਿ ਪਰੈਂਗੇ।
ਜੇ ਨਰ ਸ੍ਰੀ ਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰਿ ਨ ਦੇਹ ਧਰੈਂਗੇ। ੮। ੨੮।

---

੧. 'ਗੂੜ੍ਹ' ੨. 'ਹੰਸਤ' ੩. 'ਨਾਨ'

(ਜਿਨ੍ਹਾਂ ਨੇ) ਸਾਰੇ ਦੇਸ-ਦੇਸਾਂਤਰਾਂ ਨੂੰ ਜਿਤ ਲਿਆ ਹੋਵੇ ਅਤੇ ਜਿਨ੍ਹਾਂ ਦੇ (ਰਾਜ-ਮਹੱਲ ਅਗੇ) ਢੋਲ, ਮ੍ਰਿਦੰਗ ਅਤੇ ਨਗਾਰੇ ਵਜਦੇ ਹੋਣ; ਸੁੰਦਰ ਹਾਥੀਆਂ ਦੇ ਸਮੂਹ ਚਿੰਘਾੜਦੇ ਹੋਣ ਅਤੇ ਹਜ਼ਾਰਾਂ ਹੀ ਸ੍ਰੇਸ਼ਠ ਘੋੜੇ ਹਿਣਕਦੇ ਹੋਣ; (ਅਜਿਹੇ ਮਹੱਤਵ ਵਾਲੇ) ਭੂਤ, ਭਵਿਖ ਅਤੇ ਵਰਤਮਾਨ ਤਿੰਨਾਂ ਕਾਲਾਂ ਵਿਚ ਇਤਨੇ ਰਾਜੇ ਹੋਏ ਹਨ ਕਿ ਜਿਨ੍ਹਾਂ ਨੂੰ ਵਿਚਾਰਿਆ ਨਹੀਂ ਜਾ ਸਕਦਾ (ਅਰਥਾਤ ਅਣਗਿਣਤ ਹਨ); ਪਰ ਮਾਇਆ ਦੇ ਸੁਆਮੀ ਪ੍ਰਭੂ ਦੇ ਸਿਮਰਨ ਤੋਂ ਬਿਨਾ ਅੰਤ ਨੂੰ ਯਮਰਾਜ ਦੇ ਘਰ ਚਲੇ ਗਏ ਹਨ।੨੩। (ਜੇ ਕੋਈ) ਤੀਰਥ ਇਸ਼ਨਾਨ, ਦਇਆ, ਦਾਨ, (ਵਿਕਾਰਾਂ ਤੋਂ ਬਚਣ ਦੇ) ਸੰਜਮ, ਨੇਮ ਅਤੇ ਹੋਰ ਅਨੇਕਾਂ ਵਿਸ਼ੇਸ਼ ਕਰਮ ਕਰਨ ਵਾਲੇ; ਵੇਦਾਂ, ਪੁਰਾਣਾਂ, ਕਤੇਬਾਂ ਅਤੇ ਕੁਰਾਨ ਆਦਿ ਧਰਤੀ ਉਤੇ ਉਪਲਬਧ ਸਾਰਿਆਂ ਸਮਿਆਂ ਦੇ (ਧਰਮ ਗ੍ਰੰਥਾਂ ਨੂੰ) ਘੋਖਣ ਵਾਲੇ; ਪੌਣ ਦਾ ਆਹਾਰ ਕਰਨ ਅਤੇ ਜਤ-ਸਤ ਧਾਰ ਕੇ ਜਤੀ ਬਣਨ ਵਾਲੇ ਹਜ਼ਾਰਾਂ ਹੀ ਵਿਚਾਰ ਪੂਰਵਕ ਵੇਖੇ ਹਨ; ਪਰ ਮਾਇਆ ਦੇ ਸੁਆਮੀ ਪ੍ਰਭੂ ਦੇ ਭਜਨ ਅਤੇ ਪ੍ਰੇਮ ('ਰਤੀ') ਤੋਂ ਬਿਨਾ ਰਾਜੇ ਵੀ (ਪਰਮਾਤਮਾ ਦੇ ਦੁਆਰ ਤੇ) ਪ੍ਰਵਾਨ ਨਹੀਂ ਹਨ।੨੪।

ਚੰਗੀ ਸਿਖੀ ਹੋਈ ਫੌਜ ਜਿਸ ਦੇ ਸਾਰੇ ਸਿਪਾਹੀਆਂ (ਦੀ ਸ਼ਕਤੀ) ਦਾ ਕੋਈ ਅੰਤ ਨ ਹੋਵੇ ਅਤੇ ਜੋ ਕਵਚ ਸਜਾ ਕੇ ਵੈਰੀਆਂ ਨੂੰ ਦਲਣ ਵਾਲੇ ਹੋਣ; ਉਹ (ਸ਼ੂਰਵੀਰ) ਆਪਣੇ ਮਨ ਵਿਚ ਭਾਰੀ ਗੁਮਾਨ ਭਰਨ ਵਾਲੇ ਹੋਣ ਕਿ ਪਰਬਤ ਭਾਵੇਂ ਖੰਭ ਲਾ ਕੇ (ਆਪਣੇ ਸਥਾਨ ਤੋਂ) ਹਿਲ ਜਾਣ, (ਪਰ ਉਹ ਯੋਧੇ ਰਣ ਵਿਚੋਂ) ਹਿਲਣ ਵਾਲੇ ਨ ਹੋਣ; ਉਹ ਵੈਰੀਆਂ ਨੂੰ ਤੋੜਨ ਵਾਲੇ, ਬਾਗੀਆਂ ਨੂੰ ਮਰੋੜਨ ਵਾਲੇ ਅਤੇ ਮਸਤ ਹਾਥੀਆਂ ਦੀ ਮਸਤੀ ਨੂੰ ਮਲ ਸੁਟਣ ਵਾਲੇ ਹੋਣ; ਪਰ ਮਾਇਆ ਦੇ ਸੁਆਮੀ ਪਰਮਾਤਮਾ ਦੀ ਕ੍ਰਿਪਾ ਤੋਂ ਬਿਨਾ (ਅਜਿਹੇ ਬਲਵਾਨ ਸੂਰਮੇ ਵੀ) ਅੰਤ ਵਿਚ ਸੰਸਾਰ ਨੂੰ ਤਿਆਗ ਕੇ ਚਲੇ ਜਾਣਗੇ।੨੫।

ਅਪਾਰ ਸ਼ਕਤੀ ਵਾਲੇ ਸ਼ੂਰਵੀਰ ਅਤੇ ਬਹੁਤ ਬਲਵਾਨ ਜੋ ਬਿਨਾ ਵਿਚਾਰੇ (ਸੰਕੋਚ ਕੀਤੇ) ਸ਼ਸਤ੍ਰਾਂ ਦੀ ਧਾਰ ਨੂੰ ਸਹਾਰਦੇ ਹਨ; ਕਈ ਦੇਸਾਂ ਨੂੰ ਤੋੜਦੇ ਹਨ, ਬਾਗੀਆਂ ਨੂੰ ਦਲ ਦਿੰਦੇ ਹਨ ਅਤੇ ਮਸਤ ਹਾਥੀਆਂ ਦਾ ਹੰਕਾਰ ਮਲ ਦਿੰਦੇ ਹਨ; ਜੋ ਦ੍ਰਿੜ੍ਹ ਕਿਲਿਆਂ ਨੂੰ ਤੋੜਨ ਵਾਲੇ ਹਨ ਅਤੇ ਗੱਲਾਂ ਵਿਚ ਹੀ ਜੋ ਚੌਹਾਂ ਚੱਕਾਂ ਨੂੰ ਜਿਤ ਲੈਣ ਦੀ ਸਮਰਥਾ ਰਖਦੇ ਹਨ; ਪਰ ਮਾਇਆ ਦਾ ਸੁਆਮੀ ਪ੍ਰਭੂ ਉਨ੍ਹਾਂ ਸਭਨਾਂ ਦਾ ਮਾਲਕ ਹੈ, (ਉਸ ਦੇ ਦਰ ਤੇ) ਇਹ ਸਾਰੇ ਜਾਚਕ ਹਨ ਅਤੇ ਉਹ ਇਕ ਹੀ ਦੇਣ ਵਾਲਾ ਹੈ।੨੬।

ਦੈਂਤ, ਦੇਵ ਤੇ ਨਾਗ ਅਤੇ ਰਾਖਸ਼ ਵੀ ਜਿਸ ਨੂੰ ਤਿੰਨਾਂ ਕਾਲਾਂ (ਭੂਤ, ਭਵਿਖ, ਵਰਤਮਾਨ) ਵਿਚ ਜਪਦੇ ਹਨ; ਜੋ ਪਲ ਹੀ ਪਲ ਵਿਚ ਜਲ-ਥਲ ਦੇ ਸਾਰੇ ਜੀਵਾਂ ਦੀ ਸਥਾਪਨਾ ਕਰ ਦਿੰਦਾ ਹੈ; ਜਿਸ ਦੇ ਸਿਮਰਨ ਨਾਲ ਪੁੰਨਾਂ ਦੀ ਪ੍ਰਚੰਡਤਾ ਵਧ ਜਾਂਦੀ ਹੈ ਅਤੇ ਜਿਸ ਦੇ ਜੈਘੋਸ਼ ਨੂੰ ਸੁਣ ਕੇ ਪਾਪਾਂ ਦੇ ਸਮੂਹ ਨਸ਼ਟ ਹੋ ਜਾਂਦੇ ਹਨ; (ਉਸ ਦੇ ਪ੍ਰਤਾਪ ਨੂੰ) ਵੇਖ ਕੇ ਸਾਰੇ ਸੰਤ ਜਗਤ ਵਿਚ ਪ੍ਰਸੰਨਤਾ-ਪੂਰਵਕ ਫਿਰਦੇ ਹਨ ਅਤੇ ਉਨ੍ਹਾਂ ਨੂੰ ਵੇਖ ਕੇ ਵੈਰੀ ਲੋਕ ਨਸ਼ਟ ਹੋ ਜਾਂਦੇ ਹਨ।੨੭। ਜੋ ਮਨੁੱਖ, ਇੰਦਰ, ਗਜਿੰਦਰ, ਕੁਬੇਰ ਵਾਂਗ ਤਿੰਨ ਲੋਕਾਂ ਉਤੇ ਰਾਜ ਕਰਦੇ ਹਨ; ਜੋ ਕਰੋੜਾਂ ਤੀਰਥਾਂ ਦਾ ਇਸ਼ਨਾਨ ਕਰਕੇ ਹਾਥੀ ਆਦਿ ਦਾਨ ਕਰਦੇ ਹਨ ਅਤੇ ਅਨੇਕ ਸੁਅੰਬਰਾਂ ਦੀ ਵਿਵਸਥਾ ਕਰ ਕੇ (ਇਸਤਰੀਆਂ ਨੂੰ) ਵਰਦੇ ਹਨ; ਪਰ ਜੇ ਉਹ ਬ੍ਰਹਮਾ, ਮਹੇਸ਼ ਅਤੇ ਵਿਸ਼ਣੂ ਅਤੇ ਇੰਦਰ (ਸਚੀ-ਪਤੀ) (ਦਾ ਧਿਆਨ ਧਰਦੇ ਹਨ, ਤਾਂ) ਅੰਤ ਵਿਚ ਜਮਰਾਜ ਦੇ ਫੰਧੇ ਵਿਚ ਫਸਦੇ ਹਨ; ਜਿਹੜੇ ਪੁਰਸ਼ ਮਾਇਆ ਦੇ ਸੁਆਮੀ ਪਰਮਾਤਮਾ ਦੇ ਚਰਨਾਂ ਦੀ ਛੋਹ ਪ੍ਰਾਪਤ ਕਰਦੇ ਹਨ, ਉਹ ਮਨੁੱਖ ਫਿਰ ਦੇਹ ਧਾਰਨ ਨਹੀਂ ਕਰਨਗੇ (ਭਾਵ ਆਵਾਗਵਣ ਦੇ ਚੱਕਰ ਤੋਂ ਮੁਕਤ ਹੋ ਜਾਣਗੇ)।੨੮।

ਕਹਾ ਭਯੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧ੍ਯਾਨ ਲਗਾਇਓ।
ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨ ਲੋਕ ਗਇਓ ਪਰਲੋਕ ਗਵਾਇਓ।
ਬਾਸੁ ਕੀਓ ਬਿਖਿਆਨ ਸੋ ਬੈਠ ਕੇ ਐਸੇ ਹੀ ਐਸ ਸੋ ਬੈਸ ਬਿਤਾਇਓ।
ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ। ੯। ੨੯।

ਕਾਹੂੰ ਲੈ ਪਾਹਨ ਪੂਜ ਧਰਿਓ ਸਿਰਿ ਕਾਹੂੰ ਲੈ ਲਿੰਗੁ ਗਰੇ ਲਟਕਾਇਓ।
ਕਾਹੂੰ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂੰ ਪਛਾਹ ਕੋ ਸੀਸ ਨਿਵਾਇਓ।
ਕੋਊ ਬੁਤਾਨ ਕੌ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੌ ਪੂਜਨ ਧਾਇਓ।
ਕੂਰ ਕ੍ਰਿਆ ਉਰਝਿਓ ਸਭ ਹੀ ਜਗੁ ਸ੍ਰੀ ਭਗਵਾਨ ਕੌ ਭੇਦੁ ਨ ਪਾਇਓ। ੧੦।੩੦।

ਤ੍ਵਪ੍ਰਸਾਦਿ। ਤੋਮਰ ਛੰਦ

ਹਰਿ ਜਨਮ ਮਰਨ ਬਿਹੀਨ। ਦਸ ਚਾਰ ਚਾਰ ਪ੍ਰਬੀਨ।
ਅਕਲੰਕ ਰੂਪ ਅਪਾਰ। ਅਨਛਿਜ ਤੇਜ ਉਦਾਰ। ੧। ੩੧।
ਅਨਭਿਜ ਰੂਪ ਦੁਰੰਤ। ਸਭ ਜਗਤ ਭਗਤ ਮਹੰਤ।
ਜਸ ਤਿਲਕ ਭੂ ਭ੍ਰਿਤ ਭਾਨੁ। ਦਸ ਚਾਰ ਚਾਰ ਨਿਧਾਨ। ੨। ੩੨।
ਅਕਲੰਕ ਰੂਪ ਅਪਾਰ। ਸਭ ਲੋਕ ਸੋਕ ਬਿਦਾਰ।
ਕਲ ਕਾਲ ਕਰਮ ਬਿਹੀਨ। ਸਭ ਕਰਮ ਧਰਮ ਪ੍ਰਬੀਨ। ੩। ੩੩।
ਅਨਖੰਡ ਅਤੁਲ ਪ੍ਰਤਾਪ। ਸਭ ਥਾਪਿਓ ਜਿਹ ਥਾਪ।
ਅਨਖੇਦ ਭੇਦ ਅਛੇਦ। ਮੁਖਚਾਰ ਗਾਵਤ ਬੇਦ। ੪। ੩੪।
ਜਿਹ ਨੇਤਿ ਨਿਗਮ ਕਹੰਤ। ਮੁਖਚਾਰ ਬਕਤ ਬਿਅੰਤ।
ਅਨਭਿਜ ਅਤੁਲ ਪ੍ਰਤਾਪ। ਅਨਖੰਡ ਅਮਿਤ ਅਥਾਪ। ੫। ੩੫।

ਜਿਹ ਕੀਨ ਜਗਤ ਪਸਾਰ। ਰਚਿਓ ਬਿਚਾਰਿ ਬਿਚਾਰਿ।
ਅਨੰਤ ਰੂਪ ਅਖੰਡ। ਅਤੁਲ ਪ੍ਰਤਾਪ ਪ੍ਰਚੰਡ। ੬। ੩੬।
ਜਿਹ ਅੰਡ ਤੇ ਬ੍ਰਹਮੰਡ। ਕੀਨੇ ਸੁ ਚੌਦਹ ਖੰਡ।
ਸਭ ਕੀਨ[1] ਜਗਤ ਪਸਾਰ। ਅਬਿਯਕਤ[2] ਰੂਪ ਉਦਾਰ। ੭। ੩੭।
ਜਿਹ ਕੋਟਿ ਇੰਦ੍ਰ ਨ੍ਰਿਪਾਰ। ਕਈ ਬ੍ਰਹਮ ਬਿਸਨ ਬਿਚਾਰ।
ਕਈ ਰਾਮ ਕ੍ਰਿਸਨ ਰਸੂਲ। ਬਿਨ ਭਗਤਿ ਕੋ ਨ ਕਬੂਲ। ੮। ੩੮।

੧. 'ਕੀਨੋ' ੨. 'ਅਬਿਯੁਕਤ', 'ਅਬਿਅਕਤ'

ਕੀ ਹੋਇਆ ਜੇ ਕੋਈ ਦੋਵੇਂ ਅੱਖਾਂ ਬੰਦ ਕਰ ਕੇ ਬੈਠ ਗਿਆ ਅਤੇ ਬਗਲੇ ਵਾਂਗ ਧਿਆਨ ਲਗਾ ਲਿਆ; ਜੇ ਕੋਈ (ਉਮਰ ਭਰ) ਸੱਤ ਸਮੁੰਦਰਾਂ ਵਿਚ ਇਸ਼ਨਾਨ ਕਰਦਾ ਫਿਰਿਆ (ਤਾਂ ਇਹ ਸਮਝ ਲਿਆ ਜਾਵੇ ਕਿ) ਉਸ ਦਾ ਲੋਕ ਵੀ ਗਿਆ ਅਤੇ ਪਰਲੋਕ ਵੀ (ਉਸ ਨੇ) ਗੰਵਾਂ ਲਿਆ; ਬਾਨ-ਪ੍ਰਸਤੀ (ਬਿਖਿਆਨ-ਵੈਖਾਨਸ) ਹੋ ਕੇ ਜੰਗਲਾਂ ਵਿਚ ਨਿਵਾਸ ਕੀਤਾ, ਉਨ੍ਹਾਂ ਨੇ ਵੀ ਇਸ ਤਰ੍ਹਾਂ ਆਪਣੀ ਸਾਰੀ ਉਮਰ (ਵਿਅਰਥ ਵਿਚ) ਬਿਤਾ ਦਿੱਤੀ; (ਮੈਂ) ਸਚ ਕਹਿੰਦਾ ਹਾਂ, ਸਾਰੇ (ਧਿਆਨ ਨਾਲ) ਸੁਣ ਲਵੋ ਕਿ ਜਿੰਨ੍ਹਾਂ ਨੇ ਪਰਮਾਤਮਾ ਨਾਲ ਪ੍ਰੇਮ ਦਾ ਸੰਬੰਧ ਜੋੜਿਆ ਹੈ, ਉਨ੍ਹਾਂ ਨੇ ਹੀ ਉਸ ਨੂੰ ਪ੍ਰਾਪਤ ਕੀਤਾ ਹੈ।੨੯।

ਕਿਸੇ ਨੇ ਸਾਲਗ੍ਰਾਮ ਨੂੰ ਪੂਜ ਕੇ ਸਿਰ ਉਤੇ ਧਾਰਨ ਕਰ ਲਿਆ ਹੈ ਅਤੇ ਕਿਸੇ ਨੇ ਸ਼ਿਵਲਿੰਗ ਲੈ ਕੇ ਗਲੇ ਵਿਚ ਲਟਕਾ ਲਿਆ ਹੈ; ਕਿਸੇ ਨੇ ਪਰਮਾਤਮਾ ਨੂੰ ਪੂਰਬ ਦਿਸ਼ਾ ਵਿਚ ਜਾਣਿਆ ਹੈ ਅਤੇ ਕਿਸੇ ਨੇ ਪੱਛਮ ਵਲ ਸਿਰ ਨਿਵਾਇਆ ਹੈ; ਕੋਈ ਮੂਰਖ ਬੁਤਾਂ (ਮੂਰਤੀ) ਨੂੰ ਪੂਜ ਰਿਹਾ ਹੈ ਅਤੇ ਕੋਈ ਕਬਰਾਂ ਨੂੰ ਪੂਜਦਾ ਫਿਰਦਾ ਹੈ; ਸਾਰਾ ਸੰਸਾਰ ਕੂੜੀ ਕ੍ਰਿਆ ਵਿਚ ਉਲਝਿਆ ਹੋਇਆ ਹੈ, ਪਰ ਮਾਇਆ ਦੇ ਸੁਆਮੀ ਦਾ ਕਿਸੇ ਨੇ ਵੀ ਭੇਦ ਨਹੀਂ ਪਾਇਆ ਹੈ।੩੦।

ਤੇਰੀ ਕ੍ਰਿਪਾ ਨਾਲ। ਤੋਮਰ ਛੰਦ

ਪਰਮਾਤਮਾ ਜਨਮ-ਮਰਨ ਤੋਂ ਰਹਿਤ ਹੈ, ਅਠਾਰ੍ਹਾਂ ਵਿਦਿਆਵਾਂ (ਚਾਰ ਵੇਦ, ਛੇ ਵੇਦਾਂਗ, ਮੀਮਾਂਸਾ, ਨਿਆਇ, ਪੁਰਾਣ, ਸਮ੍ਰਿਤੀਆਂ, ਆਯੁਰਵੇਦ, ਧਨੁਰਵੇਦ, ਗੰਧਰਵ ਵੇਦ ਅਤੇ ਨੀਤੀ ਸ਼ਾਸਤ੍ਰ) ਵਿਚ ਪ੍ਰਬੀਨ ਹੈ, ਨਿਸ਼ਕਲੰਕ ਰੂਪ ਵਾਲਾ ਅਪਰ ਅਪਾਰ ਹੈ, ਉਸ ਉਦਾਰ ਸਰੂਪ ਵਾਲੇ ਦਾ ਤੇਜ ਕਦੇ ਨਸ਼ਟ ਨਹੀਂ ਹੁੰਦਾ।੩੧। (ਉਹ) ਅਭਿਜ ਰੂਪ ਵਾਲਾ ਸਭ ਵਿਚ ਲੁਕਿਆ ਹੋਇਆ (ਦੁਰੰਤ) ਹੈ, ਸਾਰੇ ਜਗਤ ਦੇ ਭਗਤਾਂ ਦਾ ਸ਼ਿਰੋਮਣੀ ਹੈ, ਜਸ ਦਾ ਟਿਕਾ ਹੈ, ਭੂਮੀ ਅਤੇ ਸੂਰਜ ਦਾ ਆਧਾਰ (ਭ੍ਰਿਤ) ਹੈ, ਅਠਾਰ੍ਹਾਂ ਸਿੱਧੀਆਂ ਦਾ ਭੰਡਾਰ ਹੈ।੩੨। (ਉਹ) ਕਲੰਕ-ਰਹਿਤ ਅਪਰ ਅਪਾਰ ਹੈ, ਸਾਰਿਆਂ ਲੋਕਾਂ ਦੇ ਸੋਗ ਨੂੰ ਨਸ਼ਟ ਕਰਨ ਵਾਲਾ ਹੈ, ਕਲਿਯੁਗ ਦੇ ਕਰਮਕਾਂਡਾਂ ਤੋਂ ਪਰੇ ਹੈ ਅਤੇ ਸਾਰੇ ਧਰਮ-ਕਰਮਾਂ ਵਿਚ ਪ੍ਰਬੀਨ ਹੈ।੩੩। (ਉਸ ਦਾ) ਪ੍ਰਤਾਪ ਅਖੰਡ ਅਤੇ ਅਤੁਲ (ਨ ਤੁਲਨਾਇਆ ਜਾ ਸਕਣ ਵਾਲਾ) ਹੈ, (ਉਸ ਨੇ) ਸਭ ਸਥਾਪਨਾਵਾਂ ਨੂੰ ਸਥਾਪਿਤ ਕਰ ਰਖਿਆ ਹੈ, (ਉਸ) ਖੇਦ ਤੋਂ ਰਹਿਤ ਦਾ ਭੇਦ ਖੋਲ੍ਹਿਆ ਨਹੀਂ ਜਾ ਸਕਦਾ; ਚਾਰ ਮੁਖਾਂ ਵਾਲਾ ਬ੍ਰਹਮਾ (ਉਸ ਨੂੰ) ਵੇਦਾਂ ਦੁਆਰਾ ਗਾਉਂਦਾ ਹੈ।੩੪। ਜਿਸ ਨੂੰ ਵੇਦ ('ਨਿਗਮ') ਨੇਤਿ ਨੇਤਿ (ਬੇਅੰਤ ਬੇਅੰਤ) ਕਹਿੰਦੇ ਹਨ, ਚਾਰ ਮੁਖਾਂ ਵਾਲਾ ਬ੍ਰਹਮਾ ਜਿਸ ਨੂੰ ਬੇਅੰਤ ਬੇਅੰਤ ਦਸਦਾ ਹੈ, ਜੋ ਅਭਿਜ (ਨਿਰਲਿਪਤ) ਅਤੇ ਅਤੁਲ ਪ੍ਰਤਾਪ ਵਾਲਾ ਹੈ, ਉਹ ਨ ਖੰਡਿਆ ਜਾ ਸਕਣ ਵਾਲਾ, ਸੀਮਾ ਵਿਚ ਨ ਬੰਨ੍ਹਿਆ ਜਾ ਸਕਣ ਵਾਲਾ ਅਤੇ ਸਥਾਪਿਤ ਨ ਕੀਤਾ ਜਾ ਸਕਣ ਵਾਲਾ ਹੈ।੩੫।

ਜਿਸ ਨੇ ਜਗਤ ਦਾ ਪਸਾਰ ਕੀਤਾ ਹੈ, (ਜਿਸ ਨੇ ਹਰ ਇਕ) ਵਿਚਾਰ ਨੂੰ ਵਿਚਾਰ-ਪੂਰਵਕ ਰਚਿਆ ਹੈ, ਜੋ ਅਨੰਤ ਅਤੇ ਅਖੰਡ ਰੂਪ ਵਾਲਾ ਹੈ ਅਤੇ ਜਿਸ ਦਾ ਪ੍ਰਤਾਪ ਅਤੁਲ ਅਤੇ ਪ੍ਰਚੰਡ ਹੈ।੩੬। ਜਿਸ ਨੇ ਅੰਡੇ ਤੋਂ ਬ੍ਰਹਿਮੰਡ (ਦੀ ਰਚਨਾ ਕੀਤੀ ਹੈ), ਫਿਰ ਚੌਦਾਂ ਖੰਡਾਂ ਨੂੰ ਸਿਰਜਿਆ ਹੈ ਅਤੇ ਸਾਰੇ ਜਗਤ ਦਾ ਪਸਾਰ ਪਸਾਰਿਆ ਹੈ, (ਉਹ) ਅਵਿਅਕਤ (ਅਕਥਨੀ) ਰੂਪ ਵਾਲਾ (ਪ੍ਰਭੂ) ਉਦਾਰ ਹੈ।੩੭। ਜਿਸ ਨੇ ਕਰੋੜਾਂ ਇੰਦਰ ਵਰਗੇ ਰਾਜੇ ਬਣਾਏ ਹਨ ਅਤੇ ਕਈ ਬ੍ਰਹਮਾ, ਵਿਸ਼ਨੂ ਦੀ ਵਿਚਾਰ ਪੂਰਵਕ (ਰਚਨਾ ਕੀਤੀ ਹੈ), ਕਈ ਰਾਮ, ਕ੍ਰਿਸ਼ਣ, ਰਸੂਲ ਆਦਿ (ਪੈਦਾ ਕੀਤੇ ਹਨ), ਪਰ ਬਿਨਾ ਭਗਤੀ ਉਸ ਦੇ ਦੁਆਰ ਤੇ ਕੋਈ ਪ੍ਰਵਾਨ ਨਹੀਂ ਹੁੰਦਾ।੩੮।

ਕਈ ਸਿੰਧ ਬਿੰਧ ਨਗਿੰਦ੍ਰ। ਕਈ ਮਛ ਕਛ ਫਨਿੰਦ੍ਰ।
ਕਈ ਦੇਵਿ ਆਦਿ ਕੁਮਾਰਿ। ਕਈ ਕ੍ਰਿਸਨ ਬਿਸਨ ਅਵਤਾਰ। ੯।੩੯।
ਕਈ ਇੰਦ੍ਰ ਬਾਰ ਬੁਹਾਰ। ਕਈ ਬੇਦ ਅਉ ਮੁਖਚਾਰ।
ਕਈ ਰੁਦ੍ਰ ਛੁਦ੍ਰ ਸਰੂਪ। ਕਈ ਰਾਮ ਕ੍ਰਿਸਨ ਅਨੂਪ। ੧੦। ੪੦।

ਕਈ ਕੋਕ ਕਾਬਿ ਭਣੰਤ। ਕਈ ਬੇਦ ਭੇਦ ਕਹੰਤ।
ਕਈ ਸਾਸਤ੍ਰ ਸਿੰਮ੍ਰਿਤਿ ਬਖਾਨ। ਕਹੂੰ ਕਥਤ ਹੀ ਸੁ ਪੁਰਾਨ। ੧੧। ੪੧।
ਕਈ ਅਗਨਹੋਤ੍ਰ[1] ਕਰੰਤ। ਕਈ ਉਰਧ ਤਾਪ ਦੁਰੰਤ।
ਕਈ ਉਰਧ ਬਾਹੁ ਸੰਨਿਆਸ। ਕਹੂੰ ਜੋਗ ਭੇਸ ਉਦਾਸ। ੧੨। ੪੨।
ਕਹੂੰ ਨਿਵਲੀ ਕਰਮ ਕਰੰਤ। ਕਹੂੰ ਪਉਨ ਅਹਾਰ ਦੁਰੰਤ।
ਕਹੂੰ ਤੀਰਥ ਦਾਨ ਅਪਾਰ। ਕਹੂੰ ਜਗ ਕਰਮ ਉਦਾਰ। ੧੩। ੪੩।

ਕਹੂੰ ਅਗਨਹੋਤ੍ਰ[1] ਅਨੂਪ। ਕਹੂੰ ਨਿਆਇ ਰਾਜ ਬਿਭੂਤ।
ਕਹੂੰ ਸਾਸਤ੍ਰ ਸਿੰਮ੍ਰਿਤ ਰੀਤਿ। ਕਹੂੰ ਬੇਦ ਸਿਉ ਬਿਪ੍ਰੀਤਿ। ੧੪। ੪੪।
ਕਈ ਦੇਸਿ ਦੇਸਿ ਫਿਰੰਤ। ਕਈ ਏਕ ਠੌਰ ਇਸਥੰਤ।
ਕਹੂੰ ਕਰਤ ਜਲ ਮਹਿ ਜਾਪ। ਕਹੂੰ ਸਹਤ ਤਨ ਪਰ ਤਾਪ। ੧੫। ੪੫।
ਕਹੂੰ ਬਾਸ ਬਨਹਿ ਕਰੰਤ। ਕਹੂੰ ਤਾਪ ਤਨਹਿ ਸਹੰਤ।
ਕਹੂੰ ਗ੍ਰਿਹਸਤ ਧਰਮ ਅਪਾਰ। ਕਹੂੰ ਰਾਜ ਨੀਤਿ ਉਦਾਰ। ੧੬। ੪੬।

ਕਹੂੰ ਰੋਗ ਰਹਤ ਅਭਰਮ। ਕਹੂੰ ਕਰਮ ਕਰਤ ਅਕਰਮ।
ਕਹੂੰ ਸੇਖ ਬ੍ਰਹਮ ਸਰੂਪ। ਕਹੂੰ ਨੀਤਿ ਰਾਜ ਅਨੂਪ। ੧੭। ੪੭।
ਕਹੂੰ ਰੋਗ ਸੋਗ ਬਿਹੀਨ। ਕਹੂੰ ਏਕ ਭਗਤਿ ਅਧੀਨ।
ਕਹੂੰ ਰੰਕ ਰਾਜਕੁਮਾਰ। ਕਹੂੰ ਬੇਦ ਬਿਆਸ ਅਵਤਾਰ। ੧੮। ੪੮।
ਕਈ ਬ੍ਰਹਮ ਬੇਦ ਰਟੰਤ। ਕਈ ਸੇਖ ਨਾਮ ਉਚਰੰਤ।
ਬੈਰਾਗਿ ਕਹੂੰ ਸਨਿਆਸਿ। ਕਹੂੰ ਫਿਰਤਿ ਰੂਪ ਉਦਾਸਿ। ੧੯। ੪੯।
ਸਭ ਕਰਮ ਫੋਕਟ ਜਾਨ। ਸਭ ਧਰਮ ਨਿਹਫਲ ਮਾਨ।
ਬਿਨੁ ਏਕ ਨਾਮ ਅਧਾਰ। ਸਭ ਕਰਮ ਭਰਮ ਬਿਚਾਰ। ੨੦। ੫੦।

ਤ੍ਵਪ੍ਰਸਾਦਿ। ਲਘੁਨਰਾਜ[2] ਛੰਦ

ਜਲੇ ਹਰੀ। ਥਲੇ ਹਰੀ। ਉਰੇ ਹਰੀ। ਬਨੇ ਹਰੀ। ੧। ੫੧।
ਗਿਰੇ ਹਰੀ। ਗੁਫੇ ਹਰੀ। ਛਿਤੇ ਹਰੀ। ਨਭੇ ਹਰੀ। ੨। ੫੨।
ਈਹਾ ਹਰੀ। ਊਹਾ[3] ਹਰੀ। ਜਿਮੀ ਹਰੀ। ਜਮਾ ਹਰੀ। ੩। ੫੩।
ਅਲੇਖ ਹਰੀ। ਅਭੇਖ ਹਰੀ। ਅਦੋਖ ਹਰੀ। ਅਦ੍ਵੈਖ ਹਰੀ। ੪। ੫੪।

੧. 'ਅਗਨਿਹੋਤ' ੨. 'ਲਘੁਨਿਰਾਜ' ੩. 'ਊਹਾਂ'

ਜਿਸ ਨੇ ਕਈ ਸਮੁੰਦਰ, ਸੁਮੇਰ ਵਰਗੇ ਪਰਬਤ (ਬਣਾਏ ਹਨ), ਕਈ ਮੱਛ, ਕੱਛ ਅਤੇ ਸ਼ੇਸ਼ਨਾਗ (ਰਚੇ ਹਨ), ਕਈ ਦੇਵਤੇ ਅਤੇ ਸਨਕਾਦਿਕ (ਸਿਰਜੇ ਹਨ), ਕਈ ਕ੍ਰਿਸ਼ਣ, ਵਿਸ਼ਣੂ ਆਦਿ ਅਵਤਾਰਾਂ ਨੂੰ ਅਵਤਰਿਤ ਕੀਤਾ ਹੈ।੩੯। ਉਸ ਦੇ ਦੁਆਰ ਉਤੇ ਕਈ ਇੰਦਰ ਝਾੜੂ ਦਿੰਦੇ ਹਨ, ਕਈ ਵੇਦ ਅਤੇ ਬ੍ਰਹਮਾ ਹਨ, ਕਈ ਤੁੱਛ ਰੂਪ ਵਾਲੇ ਰੁਦ੍ਰ ਹਨ, ਕਈ ਅਨੂਪਮ ਰੂਪ ਵਾਲੇ ਕ੍ਰਿਸ਼ਣ ਅਤੇ ਰਾਮ ਹਨ।੪੦।

ਕਈ ਕੋਕ-ਸ਼ਾਸਤ੍ਰ ਅਤੇ ਕਾਵਿ ਨੂੰ ਪੜ੍ਹਦੇ ਹਨ, ਕਈ ਵੇਦਾਂ ਦੇ ਰਹੱਸ ਨੂੰ ਪ੍ਰਗਟ ਕਰਦੇ ਹਨ (ਵਿਆਖਿਆ ਕਰਦੇ ਹਨ), ਕਿਤਨੇ ਹੀ ਸ਼ਾਸਤ੍ਰਾਂ ਅਤੇ ਸਮ੍ਰਿਤੀਆਂ ਦਾ ਬਖਾਨ ਕਰਦੇ ਹਨ, ਅਤੇ ਕਿਤਨੇ ਹੀ ਪੁਰਾਣਾਂ ਦੀ ਕਥਾ ਕਰਦੇ ਹਨ।੪੧। ਕਿਤਨੇ ਹੀ ਹੋਮ ਕਰਦੇ ਹਨ, ਕਿਤਨੇ ਹੀ ਪੁਠੇ ਲਟਕ ਕੇ ਕਠਿਨ ਤਪ ਕਰਦੇ ਹਨ, ਕਈ ਬਾਂਹਵਾਂ ਨੂੰ ਉੱਚਾ ਉਠਾ ਕੇ (ਤਪਸਿਆ ਕਰਨ ਵਾਲੇ) ਸੰਨਿਆਸੀ ਹਨ, ਕਈ ਜੋਗੀਆਂ ਦੇ ਭੇਸ ਵਿਚ ਨਿਰਲਿਪਤ ਫਿਰਦੇ ਹਨ।੪੨। ਕਿਤੇ ਕੋਈ ਨੌਲੀ-ਕਰਮ ਕਰਦੇ ਹਨ, ਕਿਤੇ ਕੋਈ ਕਠਿਨ ਪੌਣ-ਆਹਾਰ ਕਰਦੇ ਹਨ, ਕਈ ਤੀਰਥਾਂ ਉਤੇ ਅਪਾਰ ਦਾਨ ਕਰਦੇ ਹਨ ਅਤੇ ਕਈ ਉਦਾਰਤਾ ਪੂਰਵਕ ਯੱਗ-ਕਰਮ ਕਰਦੇ ਹਨ।੪੩।

ਕਿਤੇ ਅਨੂਪ ਹਵਨ ('ਅਗਨੀ-ਹੋਤ੍ਰ') ਹੁੰਦੇ ਹਨ, ਕਿਤੇ ਰਾਜ-ਸੰਪਦਾ ਕਾਰਨ ਨਿਆਂ ਹੁੰਦਾ ਹੈ, ਕਿਤੇ ਸ਼ਾਸਤ੍ਰਾਂ ਅਤੇ ਸਮ੍ਰਿਤੀਆਂ ਦੀ ਵਿਧੀ ਹੁੰਦੀ ਹੈ ਅਤੇ ਕਿਤੇ ਵੇਦਾਂ ਦੇ ਉਲਟ ਰੀਤਾਂ ਹੁੰਦੀਆਂ ਹਨ।੪੪। ਕਈ ਦੇਸ-ਦੇਸਾਂਤਰਾਂ ਵਿਚ ਫਿਰਦੇ ਹਨ, ਕਈ ਇਕੋ ਸਥਾਨ ਉਤੇ ਸਥਿਤ ਹਨ, ਕਈ ਪਾਣੀ ਵਿਚ (ਖੜੇ ਹੋ ਕੇ) ਜਾਪ ਕਰਦੇ ਹਨ, ਕਈ ਸ਼ਰੀਰ ਉਤੇ ਧੁਪ ('ਤਾਪ') ਸਹਿਨ ਕਰਦੇ ਹਨ।੪੫। ਕਿਤੇ (ਕਈ) ਬਨਾਂ ਵਿਚ ਵਾਸ ਕਰਦੇ ਹਨ, ਕਿਤੇ (ਕਈ) ਸ਼ਰੀਰ ਉਤੇ ਗਰਮੀ ਸਹਿੰਦੇ ਹਨ, ਕਿਤੇ (ਕਈ) ਗ੍ਰਿਹਸਥ ਧਰਮ ਦੀ ਪਾਲਨਾ ਕਰਦੇ ਹਨ ਅਤੇ ਕਈ ਰਾਜਨੀਤੀ ਦਾ ਉਦਾਰਤਾ ਪੂਰਵਕ ਨਿਰਵਾਹ ਕਰਦੇ ਰਹੇ ਹਨ।੪੬।

ਕਿਤੇ (ਕਈ) ਰੋਗ ਅਤੇ ਭਰਮ ਤੋਂ ਰਹਿਤ ਹਨ, ਕਿਤੇ (ਕਈ) ਨ ਕੀਤੇ ਜਾਣ ਵਾਲੇ ਕਰਮ ਕਰਦੇ ਹਨ, ਕਿਤੇ (ਕਈ) ਸ਼ੇਸ਼ਨਾਗ ਬ੍ਰਹਮ-ਸਰੂਪ ਹਨ, ਕਿਤੇ ਅਨੂਪਮ ਨੀਤੀਵਾਨ ਹਨ।੪੭। ਕਿਤੇ ਰੋਗ ਅਤੇ ਸੋਗ ਤੋਂ ਰਹਿਤ ਹਨ, ਕਿਤੇ (ਕਈ) ਇਕ-ਮਾਤਰ ਭਗਤੀ ਦੇ ਵਸ ਵਿਚ ਹਨ, ਕਿਤੇ (ਕਈ) ਨਿਰਧਨ (ਅਤੇ ਕਿਤੇ) ਰਾਜ ਕੁਮਾਰ ਹਨ, ਕਿਤੇ (ਕਈ) ਵੇਦ ਵਿਆਸ ਦਾ ਅਵਤਾਰ ਹਨ।੪੮। ਕਈ ਬ੍ਰਹਮੇ ਵੇਦਾਂ ਨੂੰ ਪੜ੍ਹ ਰਹੇ ਹਨ, ਕਈ ਸ਼ੇਸ਼ਨਾਗ ਨਾਮ ਦਾ ਉੱਚਾਰਨ ਕਰ ਰਹੇ ਹਨ; ਕਿਤੇ (ਕੋਈ) ਵੈਰਾਗੀ ਹੈ ਅਤੇ ਕਿਤੇ ਸੰਨਿਆਸੀ, ਕਿਤੇ ਕੋਈ (ਤਪਸਵੀ) ਸੰਸਾਰ ਤੋਂ ਉਪਰਾਮ ਹੋ ਕੇ ਫਿਰ ਰਿਹਾ ਹੈ।੪੯। (ਪਿਛੇ ਦਸੇ) ਸਾਰੇ ਕਰਮ ਵਿਅਰਥ ਸਮਝੋ, ਸਾਰੇ ਧਰਮ ਨਿਸਫਲ ਮਨੋ, ਇਕ ਨਾਮ ਦੇ ਆਧਾਰ ਤੋਂ ਬਿਨਾ ਸਾਰੇ ਕਰਮਾਂ ਨੂੰ ਭਰਮ ਮਾਤਰ ਸਮਝਣਾ ਚਾਹੀਦਾ ਹੈ।੫੦।

ਤੇਰੀ ਕ੍ਰਿਪਾ ਨਾਲ। ਲਘੁ ਨਰਾਜ ਛੰਦ

ਜਲ ਵਿਚ ਹਰੀ ਹੈ, ਥਲ ਵਿਚ ਹਰੀ ਹੈ, ਹਿਰਦੇ ਵਿਚ ਹਰੀ ਹੈ ਅਤੇ ਜੰਗਲਾਂ ਵਿਚ ਵੀ ਹਰੀ ਹੀ ਹੈ।੫੧। ਪਰਬਤਾਂ ਵਿਚ ਹਰੀ ਹੈ, ਗੁਫਾਵਾਂ ਵਿਚ ਹਰੀ ਹੈ, ਧਰਤੀ ('ਛਿਤ') ਵਿਚ ਹਰੀ ਹੈ, ਆਕਾਸ਼ ਵਿਚ ਹਰੀ ਹੈ।੫੨। ਇਸ ਲੋਕ ਵਿਚ ਹਰੀ ਹੈ, ਪਰਲੋਕ ਵਿਚ ਹਰੀ ਹੈ, ਜ਼ਮੀਨ ਉਤੇ ਹਰੀ ਹੈ, ਆਕਾਸ਼ ਵਿਚ ਵੀ ਹਰੀ ਹੈ।੫੩। ਹਰੀ ਲੇਖ ਤੋਂ ਬਿਨਾ ਹੈ, ਹਰੀ ਭੇਖ ਤੋਂ ਬਿਨਾ ਹੈ, ਹਰੀ ਦੋਖ ਤੋਂ ਬਿਨਾ ਹੈ, ਹਰੀ ਦ੍ਵੈਤਭਾਵ ਤੋਂ ਬਿਨਾ ਹੈ।੫੪।

ਅਕਾਲ ਹਰੀ। ਅਪਾਲ ਹਰੀ। ਅਛੇਦ ਹਰੀ। ਅਭੇਦ ਹਰੀ। ੫। ੫੫।
ਅਜੰਤ੍ਰ ਹਰੀ। ਅਮੰਤ੍ਰ ਹਰੀ। ਸੁਤੇਜ ਹਰੀ। ਅਤੰਤ੍ਰ ਹਰੀ। ੬। ੫੬।
ਅਜਾਤਿ ਹਰੀ। ਅਪਾਤਿ ਹਰੀ। ਅਮਿਤ[1] ਹਰੀ। ਅਮਾਤ ਹਰੀ। ੭। ੫੭।

ਅਰੋਗ ਹਰੀ। ਅਸੋਗ[2] ਹਰੀ। ਅਭਰਮ ਹਰੀ। ਅਕਰਮ ਹਰੀ। ੮। ੫੮।
ਅਜੈ ਹਰੀ। ਅਭੈ ਹਰੀ। ਅਭੇਦ ਹਰੀ। ਅਛੇਦ ਹਰੀ। ੯। ੫੯।
ਅਖੰਡ ਹਰੀ। ਅਭੰਡ ਹਰੀ। ਅਡੰਡ ਹਰੀ। ਪ੍ਰਚੰਡ ਹਰੀ। ੧੦। ੬੦।

ਅਤੇਵ ਹਰੀ। ਅਭੇਵ ਹਰੀ। ਅਜੇਵ ਹਰੀ। ਅਛੇਵ ਹਰੀ। ੧੧। ੬੧।
ਭਜੋ ਹਰੀ। ਥਪੋ ਹਰੀ। ਤਪੋ ਹਰੀ। ਜਪੋ ਹਰੀ। ੧੨। ੬੨।
ਜਲਸ ਤੁਹੀ। ਥਲਸ ਤੁਹੀ। ਨਦਿਸ ਤੁਹੀ। ਨਦਸ ਤੁਹੀ। ੧੩। ੬੩।
ਬ੍ਰਿਛਸ ਤੁਹੀ। ਪਤਸ ਤੁਹੀ। ਛਿਤਸ ਤੁਹੀ। ਉਰਧਸ ਤੁਹੀ। ੧੪। ੬੪।
ਭਜਸ ਤੁਅੰ। ਭਜਸ ਤੁਅੰ। ਰਟਸ ਤੁਅੰ। ਠਟਸ ਤੁਅੰ। ੧੫। ੬੫।

ਜਿਮੀ ਤੁਹੀ। ਜਮਾ ਤੁਹੀ। ਮਕੀ ਤੁਹੀ। ਮਕਾ ਤੁਹੀ। ੧੬। ੬੬।
ਅਭੂ ਤੁਹੀ। ਅਭੈ ਤੁਹੀ। ਅਛੂ ਤੁਹੀ। ਅਛੈ ਤੁਹੀ। ੧੭। ੬੭।
ਜਤਸ ਤੁਹੀ। ਬ੍ਰਤਸ ਤੁਹੀ। ਗਤਸ ਤੁਹੀ। ਮਤਸ ਤੁਹੀ। ੧੮। ੬੮।
ਤੁਹੀ ਤੁਹੀ। ਤੁਹੀ ਤੁਹੀ। ਤੁਹੀ ਤੁਹੀ। ਤੁਹੀ ਤੁਹੀ। ੧੯। ੬੯।
ਤੁਹੀ ਤੁਹੀ। ਤੁਹੀ ਤੁਹੀ। ਤੁਹੀ ਤੁਹੀ। ਤੁਹੀ ਤੁਹੀ। ੨੦। ੭੦।

ਤ੍ਵਪ੍ਰਸਾਦਿ। ਕਬਿਤੁ

ਖੂਕ ਮਲਹਾਰੀ ਗਜ ਗਦਾਹਾ ਬਿਭੂਤ ਧਾਰੀ
ਗਿਦੂਆ ਮਸਾਨ ਬਾਸ ਕਰਿਓਈ ਕਰਤ ਹੈ।
ਘੁਘੂ ਮਟਬਾਸੀ ਲਗੇ ਡੋਲਤ ਉਦਾਸੀ ਮ੍ਰਿਗ
ਤਰਵਰ ਸਦੀਵ ਮੋਨ ਸਾਧੇ ਈ ਮਰਤ ਹੈ।
ਬਿੰਦ ਕੇ ਸਧਯਾ ਤਾਹਿ ਹੀਜ ਕੀ ਬਡਯਾ ਦੇਤ
ਬੰਦਰਾ ਸਦੀਵ ਪਾਇ ਨਾਗੇ ਈ ਫਿਰਤ ਹੈ।
ਅੰਗਨਾ ਅਧੀਨ ਕਾਮ ਕ੍ਰੋਧ ਮੈ ਪ੍ਰਬੀਨ
ਏਕ ਗਿਆਨ ਕੇ ਬਿਹੀਨ ਛੀਨ ਕੈਸੇ ਕੈ ਤਰਤ ਹੈ।੧।੭੧।

---
੧. 'ਅਮਿਤ੍ਰ' ੨. 'ਅਸੋਕ'

ਹਰੀ ਕਾਲ-ਰਹਿਤ ਹੈ, ਹਰੀ ਪਾਲਣ-ਪੋਸ਼ਣ ਤੋਂ ਰਹਿਤ ਹੈ, ਹਰੀ ਛੇਦਿਆਂ ਨਹੀਂ ਜਾ ਸਕਦਾ, ਹਰੀ ਦਾ ਭੇਦ ਨਹੀਂ ਪਾਇਆ ਜਾ ਸਕਦਾ।੫੫। ਹਰੀ ਜੰਤ੍ਰਾਂ ਤੋਂ ਰਹਿਤ ਹੈ, ਹਰੀ ਮੰਤ੍ਰਾਂ ਤੋਂ ਰਹਿਤ ਹੈ, ਹਰੀ ਵੱਡੇ ਤੇਜ ਵਾਲਾ ਹੈ, ਹਰੀ ਤੰਤ੍ਰਾਂ ਤੋਂ ਰਹਿਤ ਹੈ।੫੬। ਹਰੀ ਜਨਮ ਤੋਂ ਰਹਿਤ ਹੈ, ਹਰੀ ਬਰਾਦਰੀ ਤੋਂ ਰਹਿਤ (ਅਪਾਤਿ) ਹੈ, ਹਰੀ ਮਿਤਰ ਤੋਂ ਬਿਨਾ ਹੈ, ਹਰੀ ਮਾਤਾ ਤੋਂ ਬਿਨਾ ਹੈ।੫੭।

ਹਰੀ ਰੋਗ ਤੋਂ ਰਹਿਤ ਹੈ, ਹਰੀ ਸੋਗ ਤੋਂ ਰਹਿਤ ਹੈ, ਹਰੀ ਭਰਮ ਤੋਂ ਰਹਿਤ ਹੈ, ਹਰੀ ਕਰਮਾਂ ਤੋਂ ਵੀ ਪਰੇ ਹੈ।੫੮। ਹਰੀ ਅਜਿਤ ਹੈ, ਹਰੀ ਭੈ-ਰਹਿਤ ਹੈ, ਹਰੀ ਭੇਦ (ਖੰਡ ਖੰਡ ਕਰਨ ਦੀ ਕ੍ਰਿਆ) ਤੋਂ ਰਹਿਤ ਹੈ, ਹਰੀ ਨਾਸ਼ ਤੋਂ ਰਹਿਤ ਹੈ।੫੯। ਹਰੀ ਖੰਡਿਆ ਨਹੀਂ ਜਾ ਸਕਦਾ, ਹਰੀ ਭੰਡਿਆ ਨਹੀਂ ਜਾ ਸਕਦਾ, ਹਰੀ ਨੂੰ ਦੰਡਿਤ ਨਹੀਂ ਕੀਤਾ ਜਾ ਸਕਦਾ, ਹਰੀ ਪ੍ਰਚੰਡ ਤੇਜ ਵਾਲਾ ਹੈ।੬੦।

ਹਰੀ ਬਹੁਤ ਮਹਾਨ ਹੈ, ਹਰੀ ਦਾ ਭੇਦ ਨਹੀਂ ਪਾਇਆ ਜਾ ਸਕਦਾ, ਹਰੀ ਅਜਿਤ ਹੈ, ਹਰੀ ਛੇਦਿਆ ਨਹੀਂ ਜਾ ਸਕਦਾ।੬੧। ਹਰੀ ਦਾ ਭਜਨ ਕਰੋ, ਹਰੀ ਨੂੰ (ਹਿਰਦੇ ਵਿਚ) ਟਿਕਾਓ, ਹਰੀ ਦੀ ਤਪਸਿਆ ਕਰੋ, ਹਰੀ ਦਾ ਜਾਪ ਕਰੋ।੬੨। (ਹੇ ਹਰੀ!) ਤੂੰ ਹੀ ਜਲ ਹੈਂ, ਤੂੰ ਹੀ ਥਲ ਹੈਂ, ਤੂੰ ਹੀ ਨਦੀ ਹੈਂ, ਤੂੰ ਹੀ ਸਮੁੰਦਰ ਹੈਂ।੬੩। ਤੂੰ ਹੀ ਬ੍ਰਿਛ ਹੈਂ, ਤੂੰ ਹੀ ਪੱਤਰ ਹੈਂ, ਤੂੰ ਹੀ ਧਰਤੀ ਹੈ ਅਤੇ ਤੂੰ ਹੀ ਆਕਾਸ਼ ਹੈਂ।੬੪। (ਮੈਂ) ਤੈਨੂੰ ਭਜਦਾ ਹਾਂ, ਤੈਨੂੰ ਭਜਦਾ ਹਾਂ, ਤੈਨੂੰ ਜਪਦਾ ਹਾਂ, ਤੈਨੂੰ ਹੀ ਸੁਰਤਿ ਵਿਚ ਟਿਕਾਉਂਦਾ ਹਾਂ।੬੫।

ਤੂੰ ਹੀ ਜ਼ਮੀਨ ਹੈਂ, ਤੂੰ ਹੀ ਆਕਾਸ਼ ਹੈਂ, ਤੂੰ ਹੀ ਮਕਾਨ ਵਾਲਾ ਹੈ ਅਤੇ ਖ਼ੁਦ ਹੀ ਮਕਾਨ ਹੈਂ।੬੬। ਤੂੰ ਹੀ ਜਨਮ ਤੋਂ ਬਿਨਾ ਹੈਂ, ਤੂੰ ਹੀ ਡਰ ਤੋਂ ਰਹਿਤ ਹੈਂ, ਤੂੰ ਹੀ ਛੋਹ ਤੋਂ ਪਰੇ ਹੈਂ, ਤੂੰ ਹੀ ਨਾਸ਼ ਤੋਂ ਮੁਕਤ ਹੈਂ।੬੭। ਤੂੰ ਹੀ ਜਤ ਹੈਂ, ਤੂੰ ਹੀ ਬ੍ਰਤ ਹੈਂ, ਤੂੰ ਹੀ ਗਤੀ ਹੈਂ ਅਤੇ ਤੂੰ ਹੀ ਗਿਆਨ ਹੈ।੬੮। ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ।੬੯। ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ, ਤੂੰ ਹੀ (ਅਰਥਾਤ ਸਭ ਕੁਝ ਸਭ ਪਾਸੇ ਤੂੰ ਹੀ ਤੂੰ ਹੈਂ)।੭੦।

ਤੇਰੀ ਕ੍ਰਿਪਾ ਨਾਲ। ਕਬਿੱਤ

(ਜੇ ਅਘੋਰੀਆਂ ਵਾਂਗ ਮਲ ਖਾਂਦਿਆਂ ਮੁਕਤੀ ਮਿਲਦੀ ਤਾਂ) ਸੂਰ ਮਲ ਖਾਂਦਾ ਹੈ; (ਜੇ ਵਿਭੂਤੀ ਮਲਣ ਨਾਲ ਮੁਕਤੀ ਮਿਲਦੀ ਤਾਂ) ਹਾਥੀ ਅਤੇ ਖੋਤੇ ਖੇਹ ਵਿਚ ਵਲਿਦਦੇ ਹਨ; (ਜੇ ਮਸਾਣਾਂ ਵਿਚ ਰਿਹਾਂ ਮੁਕਤੀ ਮਿਲਦੀ ਤਾਂ) ਗਿਦੜ ਮਸਾਣਾਂ ਵਿਚ ਹੀ ਰਿਹਾ ਕਰਦੇ ਹਨ (ਉਨ੍ਹਾਂ ਨੂੰ ਮੁਕਤੀ ਕਿਉਂ ਨਹੀਂ ਮਿਲਦੀ); (ਜੇ ਮਠਾਂ ਵਿਚ ਵਸ ਕੇ ਮੁਕਤੀ ਮਿਲਦੀ ਤਾਂ) ਉਲੂ ਮਠਾਂ ਵਿਚ ਹੀ ਵਸਦੇ ਹਨ; (ਜੇ ਭਰਮਣ ਕਰਦਿਆਂ ਮੁਕਤੀ ਮਿਲਦੀ ਤਾਂ) ਪਸ਼ੂ ('ਮ੍ਰਿਗ') ਸਦਾ ਉਦਾਸੀਆਂ ਵਾਂਗ ਫਿਰਦੇ ਰਹਿੰਦੇ ਹਨ; (ਜੇ ਮੋਨ ਧਾਰਨ ਕਰਨ ਨਾਲ ਮੁਕਤੀ ਮਿਲਦੀ ਤਾਂ) ਬ੍ਰਿਛ ਸਦਾ ਮੋਨ ਧਾਰਿਆਂ ਹੀ ਮਰ ਜਾਂਦੇ ਹਨ; (ਜੇ) ਵੀਰਜ ਦੇ ਸਾਧਿਆਂ (ਬ੍ਰਹਮਚਰਯ ਨੂੰ ਪਾਲਿਆਂ) (ਮੁਕਤੀ ਮਿਲਦੀ) ਤਾਂ ਉਨ੍ਹਾਂ ਨੂੰ ਹੀਜੜੇ ਦੀ ਤੁਲਨਾ ਦੇਣੀ ਚਾਹੀਦੀ ਹੈ; (ਜੇ ਨੰਗੇ ਪੈਰੀ ਫਿਰਨ ਨਾਲ ਮੁਕਤੀ ਮਿਲਦੀ, ਤਾਂ) ਬੰਦਰ ਸਦਾ ਨੰਗੇ ਪੈਰੀਂ ਫਿਰਦੇ ਹਨ (ਉਨ੍ਹਾਂ ਨੂੰ ਮੁਕਤੀ ਕਿਉਂ ਨਹੀਂ ਮਿਲਦੀ); ਇਸਤਰੀ ਦੇ ਅਧੀਨ ਅਤੇ ਕਾਮ ਕ੍ਰੋਧ ਆਦਿ ਵਿਸ਼ਿਆਂ ਵਿਚ ਪੂਰੀ ਤਰ੍ਹਾਂ ਲਿਪਤ ਤੁੱਛ (ਵਿਅਕਤੀ) ਇਕ ਬ੍ਰਹਮ ਗਿਆਨ ਤੋਂ ਬਿਨਾ ਕਿਵੇਂ ਭਵ-ਸਾਗਰ ਤੋਂ ਤਰ ਸਕਦੇ ਹਨ।੭੧।

ਭੂਤ ਬਨਚਾਰੀ ਛਿਤ ਛਉਨਾ ਸਭੈ ਦੁਧਾਧਾਰੀ
ਪਉਨ ਕੇ ਅਹਾਰੀ ਸੁ ਭੁਜੰਗ ਜਾਨੀਅਤੁ ਹੈ।
ਤ੍ਰਿਣ ਕੇ ਭਛਯਾ ਧਨ ਲੋਭ ਕੇ ਤਜਯਾ
ਤੇ ਤੋ ਗਊਅਨ ਕੇ ਜਯਾ ਬ੍ਰਿਖਭਯਾ ਮਾਨੀਅਤੁ ਹੈ।
ਨਭ ਕੇ ਉਡਯਾ ਤਾਹਿ ਪੰਛੀ ਕੀ ਬਡਯਾ ਦੇਤ
ਬਗੁਲਾ ਬਿੜਾਲ ਬ੍ਰਿਕ ਧਿਆਨੀ ਠਾਨੀਅਤੁ ਹੈ।
ਜੇਤੋ ਬਡੇ ਗਿਆਨੀ ਤਿਨੋ ਜਾਨੀ ਪੈ ਬਖਾਨੀ ਨਾਹਿ
ਐਸੇ ਨ ਪ੍ਰਪੰਚ ਮਨਿ ਭੂਲਿ ਆਨੀਅਤੁ ਹੈ। ੨। ੭੨।

ਭੂਮਿ ਕੇ ਬਸਯਾ ਤਾਹਿ ਭੂਚਰੀ ਕੈ ਜਯਾ ਕਹੈ
ਨਭ ਕੇ ਉਡਯਾ ਸੋ ਚਿਰਯਾ ਕੈ ਬਖਾਨੀਐ।
ਫਲ ਕੇ ਭਛਯਾ ਤਾਹਿ ਬਾਂਦਰੀ ਕੇ ਜਯਾ ਕਹੈ
ਆਦਿਸ[1] ਫਿਰਯਾ ਤੇਤੋ ਭੂਤ ਕੇ ਪਛਾਨੀਐ।
ਜਲ ਕੇ ਤਰਯਾ ਕੌ ਗੰਗੇਰੀ ਸੀ ਕਹਤ ਜਗ
ਆਗ ਕੇ ਭਛਯਾ ਸੋ ਚਕੋਰ ਸਮ ਮਾਨੀਐ।
ਸੂਰਜ ਸਿਵਯਾ ਤਾਹਿ ਕਉਲ ਕੀ ਬਡਯਾ ਦੇਤ
ਚੰਦ੍ਰਮਾ ਸਿਵਯਾ ਕੌ ਕਵੀ ਕੈ ਪਹਿਚਾਨੀਐ। ੩। ੭੩।

ਨਾਰਾਇਣ ਕਛ ਮਛ ਤੇਂਦੂਆ[2] ਕਹਤ ਸਭ
ਕਉਲਨਾਭਿ ਕਉਲ ਜਿਹ ਤਾਲ ਮੈ ਰਹਤੁ ਹੈ।
ਗੋਪੀਨਾਥ ਗੂਜਰ ਗੋਪਾਲ ਸਬੈ ਧੇਨਚਾਰੀ
ਰਿਖੀਕੇਸ ਨਾਮ ਕੈ ਮਹੰਤ ਲਹੀਅਤ ਹੈ।
ਮਾਧਵ ਭਵਰ ਔ ਅਟੇਰੂ ਕੌ ਕਨਯਾ ਨਾਮ
ਕੰਸ ਕੇ ਬਧਯਾ ਜਮਦੂਤ ਕਹੀਅਤੁ ਹੈ।
ਮੂੜ ਰੂੜਿ ਪੀਟਤ ਨ ਗੂੜਤਾ ਕੌ ਭੇਦ ਪਾਵੈ
ਪੂਜਤ ਨ ਤਾਹਿ ਜਾ ਕੇ ਰਾਖੇ ਰਹੀਅਤੁ ਹੈ। ੪। ੭੪।

ਬਿਸ੍ਵਪਾਲ ਜਗਤ ਕਾਲ ਦੀਨ ਦਿਆਲ ਬੈਰੀ ਸਾਲ
ਸਦਾ ਪ੍ਰਤਿਪਾਲ ਜਮ ਜਾਲ ਤੇ ਰਹਤੁ ਹੈ।
ਜੋਗੀ ਜਟਾਧਾਰੀ ਸਤੀ ਸਾਚੇ ਬਡੇ ਬ੍ਰਹਮਚਾਰੀ
ਧਿਆਨ ਕਾਜ ਭੂਖ ਪਿਆਸ ਦੇਹ ਪੈ ਸਹਤ ਹੈ।

੧. 'ਅਦਿਸ' ੨. 'ਤਿੰਦੂਆ'

ਭੂਤ ਬਨ ਵਿਚ ਫਿਰਨ ਵਾਲੇ ਹਨ, ਧਰਤੀ ('ਛਿਤ') ਉਤੇ ਸਾਰੇ ਛੋਟੇ ਬੱਚੇ (ਮਾਂ ਦੇ) ਦੁੱਧ ਉਤੇ ਪਲਦੇ ਹਨ, ਪੌਣ ਨੂੰ ਆਹਾਰ ਬਣਾਉਣ ਵਾਲੇ ਸੱਪ ਅਖਵਾਉਂਦੇ ਹਨ; ਘਾਹ ਖਾਣ ਵਾਲਿਆਂ ਅਤੇ ਧਨ ਦੇ ਲੋਭ ਨੂੰ ਤਿਆਗਣ ਵਾਲਿਆਂ ਨੂੰ ਗਊਆਂ ਦੇ ਜਾਏ ਬਲਦ ਹੀ ਮੰਨਣਾ ਚਾਹੀਦਾ ਹੈ (ਕਿਉਂਕਿ ਉਹ ਸਿਰ ਸੁਟ ਕੇ ਬਿਨਾ ਕਿਸੇ ਲਾਲਸਾ ਦੇ ਕੰਮ ਕਰੀ ਜਾਂਦੇ ਹਨ); (ਜੋ ਸਿੱਧੀਆਂ ਦੇ ਬਲ ਤੇ) ਆਕਾਸ਼ ਵਿਚ ਉਡਦੇ ਹਨ, ਉਨ੍ਹਾਂ ਨੂੰ ਪੰਛੀ ਦੀ ਉਪਮਾ ਦੇਣੀ ਚਾਹੀਦੀ ਹੈ ਅਤੇ ਬਗਲੇ, ਬਿੱਲੇ ਤੇ ਬਘਿਆੜ ਨੂੰ ਧਿਆਨੀ ਕਹਿਣਾ ਚਾਹੀਦਾ ਹੈ (ਕਿਉਂਕਿ ਉਹ ਸ਼ਿਕਾਰ ਦੀ ਤਾਕ ਵਿਚ ਅੱਖਾਂ ਬੰਦ ਕਰ ਕੇ ਬੈਠੇ ਰਹਿੰਦੇ ਹਨ); ਜਿਤਨੇ ਵੀ ਵੱਡੇ ਵੱਡੇ ਗਿਆਨੀ ਹੋਏ ਹਨ, ਉਨ੍ਹਾਂ ਨੇ (ਇਨ੍ਹਾਂ ਦਿਖਾਵਿਆਂ ਦੀ ਅਸਲੀਅਤ ਨੂੰ) ਸਮਝ ਲਿਆ, ਪਰ ਦਸਿਆ ਕੁਝ ਨਹੀਂ, (ਇਸ ਲਈ ਅਸੀਂ ਗਜ ਵਜ ਕੇ ਕਹਿੰਦੇ ਹਾਂ ਕਿ) ਅਜਿਹੇ ਪ੍ਰਪੰਚਾਂ ਅਥਵਾ ਪਾਖੰਡਾਂ ਨੂੰ ਭੁਲ ਕੇ ਵੀ ਮਨ ਵਿਚ ਨਹੀਂ ਲਿਆਉਣਾ ਚਾਹੀਦਾ।੭੨।

ਭੂਮੀ ਉਤੇ ਵਸਣ ਵਾਲਿਆਂ ਨੂੰ ਭੂਚਰੀ ('ਘੀਸ') ਦੇ ਜਾਏ ਕਹਿਣਾ ਚਾਹੀਦਾ ਹੈ ਅਤੇ ਆਕਾਸ਼ ਵਿਚ ਉਡਣ ਵਾਲਿਆਂ ਨੂੰ ਚਿੜੀਆਂ ਕਹਿਣਾ ਚਾਹੀਦਾ ਹੈ; ਫਲਾਂ ਦੇ ਖਾਣ ਵਾਲਿਆਂ ਨੂੰ ਬਾਂਦਰੀ ਦੇ ਪੈਦਾ ਕੀਤੇ ਕਹਿਣਾ ਚਾਹੀਦਾ ਹੈ ਅਤੇ ਅਦ੍ਰਿਸ਼ਟ ਰੂਪ ਵਿਚ ਫਿਰਨ ਵਾਲਿਆਂ ਨੂੰ ਭੂਤ ਸਮਝਣਾ ਚਾਹੀਦਾ ਹੈ; ਪਾਣੀ ਵਿਚ ਤਰਨ ਵਾਲਿਆਂ ਨੂੰ ਜਗਤ 'ਜਲ-ਜੁਲਾਹਾ' ਹੀ ਕਹਿੰਦਾ ਹੈ (ਕਿਉਂਕਿ ਉਡਣ ਵਾਲਾ ਉਹ ਕੀੜਾ ਜਲ ਉਤੇ ਹੀ ਤਾਣਾ ਤਣਦਾ ਰਹਿੰਦਾ ਹੈ) ਅਤੇ ਅੱਗ ਖਾਣ ਵਾਲੇ ਨੂੰ ਚਕੋਰ ਵਰਗਾ ਸਮਝਣਾ ਚਾਹੀਦਾ ਹੈ; ਸੂਰਜ ਦੇ ਉਪਾਸਕ ਨੂੰ ਕਮਲ ਫੁਲ ਦੀ ਉਪਮਾ ਦੇਣੀ ਚਾਹੀਦੀ ਹੈ ਅਤੇ ਚੰਦ੍ਰਮਾ ਦੇ ਉਪਾਸਕ ਨੂੰ ਕਮਲਨੀ ਸਮਝਣਾ ਚਾਹੀਦਾ ਹੈ (ਕਿਉਂਕਿ ਇਹ ਕ੍ਰਮਵਾਰ ਸੂਰਜ ਅਤੇ ਚੰਦ੍ਰਮਾ ਨੂੰ ਵੇਖ ਕੇ ਖਿੜਦੇ ਜਾਂ ਵਿਗਸਦੇ ਹਨ)।੭੩।

(ਜੇ ਜਲ ਵਿਚ ਨਿਵਾਸ ਕਰਨ ਵਾਲੇ ਨੂੰ ਨਾਰਾਇਣ ਕਿਹਾ ਜਾਣਾ ਹੈ ਤਾਂ) ਸਾਰਿਆਂ ਕਛੂਆਂ, ਮੱਛਾਂ ਅਤੇ ਤੇਂਦੂਆਂ ਨੂੰ ਨਾਰਾਇਣ ਕਿਹਾ ਜਾਵੇਗਾ, (ਜੇ ਵਿਸ਼ਣੂ ਨੂੰ 'ਕੌਲ-ਨਾਭੀ' ਆਖਦੇ ਹਨ ਤਾਂ) ਜਿਸ ਤਾਲਾਬ ਵਿਚ ਕਮਲ ਪੈਦਾ ਹੁੰਦੇ ਹਨ, ਕੀ ਉਹ ਕੌਲ-ਨਾਭੀ ਨਹੀਂ ਹੈ; (ਜੇ ਉਸ ਪਰਮ-ਸੱਤਾ ਦਾ ਨਾਂ) ਗੋਪੀਨਾਥ ਹੈ ਤਾਂ ਸਾਰੇ ਗੁਜਰ ਅਤੇ ਗਊਆਂ ਦੇ ਪਾਲਕ ਗਵਾਲੇ ਗੋਪੀਆਂ ਦੇ ਪਤੀ (ਨਹੀਂ ਹਨ), ਜੇ (ਉਸ ਦਾ ਨਾਮ ਰਿਖੀਕੇਸ਼ ਹੈ ਤਾਂ) ਰਿਖੀਕੇਸ਼ ਨਾਂ ਦੇ ਕਈ ਮਹੰਤ ਵੇਖੇ ਜਾਂਦੇ ਹਨ; (ਜੇ ਉਸ ਦਾ ਨਾਂ ਮਾਧਵ ਯਦੂਵੰਸ਼ੀ ਕ੍ਰਿਸ਼ਣ ਹੈ ਤਾਂ ਭੌਰੇ ਦਾ ਨਾਂ ਵੀ) ਮਾਧਵ ਹੈ, (ਜੇ ਉਸ ਦਾ ਨਾਂ ਕਨ੍ਹੱਯਾ ਹੈ ਤਾਂ ਲੰਮੀਆਂ ਟੰਗਾਂ ਵਾਲੀ) ਮਕੜੀ ਦਾ ਨਾਂ ਵੀ ਕਨ੍ਹੱਯਾ ਹੈ ਅਤੇ (ਜੇ ਉਸ ਦਾ ਨਾਂ ਕੰਸ-ਬਧਕ ਹੈ ਤਾਂ) ਕੰਸ ਨੂੰ ਮਾਰਨ ਵਾਲਾ ਜਮਦੂਤ ਵੀ ਕੰਸ-ਬਧਕ ਹੈ; ਅਗਿਆਨੀ ਲੋਕ ਕੇਵਲ ਪਰੰਪਰਾ (ਲਕੀਰ ਦੀ ਫਕੀਰੀ) ਨੂੰ ਪਾਲਦੇ ਹਨ, (ਪਰ) ਬ੍ਰਹਮਗਿਆਨ ਦੇ ਰਹੱਸ ਨੂੰ ਸਮਝਦੇ ਨਹੀਂ ਅਤੇ ਉਸ ਨੂੰ ਪੂਜਦੇ ਨਹੀਂ ਜਿਸ ਦੇ ਰਖਿਆਂ (ਸੰਸਾਰ ਵਿਚ) ਰਹੀਦਾ ਹੈ।੭੪।

(ਜੋ ਪਰਮਾਤਮਾ) ਵਿਸ਼ਵ ਦਾ ਪਾਲਕ ਅਤੇ ਜਗਤ ਦਾ ਕਾਲ-ਸਰੂਪ ਹੈ, ਦੀਨਾਂ ਉਤੇ ਦਿਆਲੂ ਅਤੇ ਵੈਰੀਆਂ ਲਈ ਦੁਖਦਾਇਕ ਹੈ, (ਹਰ ਇਕ ਦੀ) ਸਦਾ ਪਾਲਨਾ ਕਰਦਾ ਹੈ ਅਤੇ ਜਮ ਦੇ ਜਾਲ ਦੇ ਪ੍ਰਭਾਵ ਤੋਂ ਮੁਕਤ ਹੈ। (ਕਈ) ਜਟਾਧਾਰੀ ਜੋਗੀ, ਸੱਚੇ ਸਤੀ ਅਤੇ ਵੱਡੇ ਬ੍ਰਹਮਚਾਰੀ (ਉਸ ਪ੍ਰਭੂ ਦੇ) ਧਿਆਨ ਲਈ ਭੁਖ ਅਤੇ ਪਿਆਸ ਨੂੰ ਆਪਣੇ ਸ਼ਰੀਰ ਉਤੇ ਸਹਿਨ ਕਰਦੇ ਹਨ। (ਉਸ ਦੇ ਗਿਆਨ ਦੀ ਪ੍ਰਾਪਤੀ ਲਈ ਕਈ) ਨੌਲਿ ਕਰਮ,

ਨਿਉਲੀ ਕਰਮ ਜਲ ਹੋਮ ਪਾਵਕ ਪਵਨ ਹੋਮ
ਅਧੋ ਮੁਖ ਏਕ ਪਾਇ ਠਾਢੇ ਨਿਬਹਤ ਹੈ।
ਮਾਨਵ ਫਨਿੰਦ ਦੇਵ ਦਾਨਵ ਨ ਪਾਵੈ ਭੇਦ
ਬੇਦ ਔ ਕਤੇਬ ਨੇਤਿ ਨੇਤਿ ਕੈ ਕਹਤ ਹੈ। ੫। ੭੫।

ਨਾਚਤ ਫਿਰਤ ਮੋਰ ਬਾਦਰ ਕਰਤ ਘੋਰ
ਦਾਮਿਨੀ ਅਨੇਕ ਭਾਉ ਕਰਿਓ ਈ ਕਰਤ ਹੈ।
ਚੰਦ੍ਰਮਾ ਤੇ ਸੀਤਲ ਨ ਸੂਰਜ ਕੇ ਤਪਤ ਤੇਜ
ਇੰਦ੍ਰ ਸੋ ਨ ਰਾਜਾ ਭਵ ਭੂਮਿ ਕੋ ਭਰਤ ਹੈ।
ਸਿਵ ਸੇ ਤਪਸੀ ਆਦਿ ਬ੍ਰਹਮਾ ਸੇ ਨ ਬੇਦਚਾਰੀ
ਸਨਤ ਕੁਮਾਰ ਸੀ ਤਪਸਿਆ ਨ ਅਨਤ ਹੈ।
ਗਿਆਨ ਕੇ ਬਿਹੀਨ ਕਾਲ ਫਾਸ ਕੇ ਅਧੀਨ ਸਦਾ
ਜੁਗਨ ਕੀ ਚਉਕਰੀ ਫਿਰਾਏ ਈ ਫਿਰਤ ਹੈ। ੬। ੭੬।

ਏਕ ਸਿਵ ਭਏ ਏਕ ਗਏ ਏਕ ਫੇਰ ਭਏ
ਰਾਮਚੰਦ੍ਰ ਕ੍ਰਿਸਨ ਕੇ ਅਵਤਾਰ ਭੀ ਅਨੇਕ ਹੈ।
ਬ੍ਰਹਮਾ ਅਰੁ ਬਿਸਨੁ ਕੇਤੇ ਬੇਦ ਔ ਪੁਰਾਨ ਕੇਤੇ
ਸਿੰਮ੍ਰਿਤ ਸਮੂਹਨ ਕੇ ਹੁਇ ਹੁਇ ਬਿਤਏ ਹੈ।
ਮੋਨਦੀ ਮਦਾਰ ਕੇਤੇ ਅਸੁਨੀ ਕੁਮਾਰ ਕੇਤੇ
ਅੰਸਾ ਅਵਤਾਰ ਕੇਤੇ ਕਾਲ ਬਸਿ ਭਏ ਹੈ।
ਪੀਰ ਔ ਪਿਕਾਬਰ[1] ਕੇਤੇ ਗਨੇ ਨ ਪਰਤ ਏਤੇ
ਭੂਮਿ ਹੀ ਤੇ ਹੁਇ ਕੈ ਫੇਰਿ ਭੂਮਿ ਹੀ ਮਿਲਏ ਹੈ।੭।੭੭।

ਜੋਗੀ ਜਤੀ ਬ੍ਰਹਮਚਾਰੀ ਬਡੇ ਬਡੇ ਛਤ੍ਰਧਾਰੀ
ਛਤ੍ਰ ਹੀ ਕੀ ਛਾਇਆ ਕਈ ਕੋਸ ਲੌ ਚਲਤ ਹੈ।
ਬਡੇ ਬਡੇ ਰਾਜਨ ਕੇ ਦਾਬਤਿ ਫਿਰਤਿ ਦੇਸ
ਬਡੇ ਬਡੇ ਰਾਜਨ ਕੇ ਦ੍ਰਪ ਕੋ ਦਲਤੁ ਹੈ।
ਮਾਨ ਸੇ ਮਹੀਪ ਅਉ ਦਿਲੀਪ ਕੈਸੇ[2] ਛਤ੍ਰਧਾਰੀ
ਬਡੋ ਅਭਿਮਾਨ ਭੁਜ ਦੰਡ ਕੋ ਕਰਤ ਹੈ।
ਦਾਰਾ ਸੇ ਦਲੀਸਰ[3] ਦੁਰਜੋਧਨ ਸੇ ਮਾਨਧਾਰੀ
ਭੋਗਿ ਭੋਗਿ ਭੂਮਿ ਅੰਤਿ ਭੂਮਿ ਮੈ ਮਿਲਤ ਹੈ। ੮। ੭੮।

ਸਿਜਦੇ ਕਰੇ ਅਨੇਕ ਤੋਪਚੀ ਕਪਟ ਭੇਸ
ਪੋਸਤੀ ਅਨੇਕਦਾ ਨਿਵਾਵਤ ਹੈ ਸੀਸ ਕੋ।

੧. ਪਿਗਾਂਬਰ' ੨. 'ਜੈਸੇ' ੩. 'ਦਲੀਸਤ'

(ਕਰਦੇ ਹਨ ਅਤੇ ਕਈ) ਜਲ, ਅਗਨੀ ਅਤੇ ਪੌਣ ਨਾਲ ਸੰਬੰਧਿਤ ਹੋਮ (ਕਰਦੇ ਹਨ ਅਤੇ ਕਈ) ਮੂਧੇ ਮੂੰਹ ਲਟਕ ਕੇ (ਅਤੇ ਕਈ) ਇਕ ਪੈਰ ਤੇ ਖੜੇ ਹੋ ਕੇ (ਸਮੇਂ ਨੂੰ) ਗੁਜ਼ਾਰਦੇ ਹਨ। (ਉਸ ਦਾ) ਭੇਦ ਮਨੁੱਖ, ਸ਼ੇਸ਼ਨਾਗ, ਦੇਵਤੇ ਅਤੇ ਦੈਂਤ ਨਹੀਂ ਪਾ ਸਕਦੇ ਅਤੇ ਵੇਦ ਤੇ ਕਤੇਬ ਵੀ ਬੇਅੰਤ ਬੇਅੰਤ ਕਹਿੰਦੇ ਹਨ।੭੫।

(ਜੇ ਪਰਮਾਤਮਾ ਨ੍ਰਿਤ-ਭਗਤੀ ਕਰਨ ਨਾਲ ਮਿਲਦਾ ਹੋਵੇ ਤਾਂ) ਮੋਰ ਨਚਦਾ ਰਹਿੰਦਾ ਹੈ; (ਜੇ ਪਰਮਾਤਮਾ ਨਰਸਿੰਘੇ ਵਜਾਉਣ ਨਾਲ ਮਿਲਦਾ ਹੋਵੇ ਤਾਂ) ਬਦਲ ਗਜਦੇ ਰਹਿੰਦੇ ਹਨ; (ਅਤੇ ਜੇ ਪਰਮਾਤਮਾ ਰਾਸ-ਲੀਲਾ ਨਾਲ ਮਿਲਦਾ ਹੋਵੇ ਤਾਂ) ਬਿਜਲੀ ਅਨੇਕ ਹਾਵ-ਭਾਵ ਕਰਦੀ ਹੀ ਰਹਿੰਦੀ ਹੈ। (ਜੇ ਪਰਮਾਤਮਾ ਸ਼ਾਂਤੀ ਧਾਰਿਆਂ ਮਿਲਦਾ ਹੋਵੇ ਤਾਂ) ਚੰਦ੍ਰਮਾ ਤੋਂ ਕੋਈ ਠੰਡਾ ਨਹੀਂ ਹੈ, (ਜੇ ਉਹ ਗਰਮੀ ਸਹਾਰਿਆ ਮਿਲਦਾ ਹੋਵੇ ਤਾਂ) ਸੂਰਜ ਵਰਗੇ ਤਪਦੇ ਤੇਜ ਵਾਲਾ ਕੋਈ ਨਹੀਂ ਹੈ (ਅਤੇ ਜੇ ਲੋਕਾਂ ਨੂੰ ਮਾਲ-ਧਨ ਨਾਲ ਭਰਨ ਨਾਲ ਕਿਸੇ ਰਾਜੇ ਨੂੰ ਪਰਮਾਤਮਾ ਮਿਲਦਾ ਹੋਵੇ ਤਾਂ) ਇੰਦਰ ਵਰਗਾ ਜਗਤ ਅਤੇ ਧਰਤੀ ਨੂੰ ਭਰਨ ਵਾਲਾ ਕੋਈ ਰਾਜਾ ਨਹੀਂ ਹੈ। (ਜੇ ਤਪ ਕੀਤਿਆਂ ਮਿਲਦਾ ਹੋਵੇ ਤਾਂ) ਸ਼ਿਵ ਵਰਗਾ (ਕੋਈ) ਤਪਸੀ ਨਹੀਂ (ਤੇ ਜੇ ਵੇਦ ਪੜ੍ਹਿਆਂ ਮਿਲਦਾ ਹੋਵੇ ਤਾਂ) ਬ੍ਰਹਮਾ ਵਰਗਾ ਵੇਦ-ਵਿਚਾਰੀ ਕੋਈ ਨਹੀਂ ਹੈ ਅਤੇ (ਜੇ ਤਪਸਿਆ ਕੀਤਿਆਂ ਮਿਲਦਾ ਹੋਵੇ ਤਾਂ) ਸਨਤ ਕੁਮਾਰ ਵਰਗੀ ਤਪਸਿਆ ਕਿਸੇ ਹੋਰ ਨੇ ਨਹੀਂ ਕਰਨੀ। ਗਿਆਨ ਤੋਂ ਵਾਂਝੇ ਲੋਕ, ਕਾਲ ਦੇ ਫੰਧੇ ਵਿਚ ਫਸੇ ਲੋਕ ਸਦਾ ਯੁਗਾਂ ਦੀ ਚੌਕੜੀ ਦੇ ਫਿਰਾਏ ਫਿਰਦੇ ਰਹਿੰਦੇ ਹਨ (ਅਰਥਾਤ ਆਵਾਗਵਣ ਵਿਚ ਉਲਝੇ ਰਹਿੰਦੇ ਹਨ)।੭੬।

ਇਕ ਸ਼ਿਵ ਹੋਏ ਉਹ ਵੀ ਗਏ, ਇਕ ਫਿਰ ਹੋਏ (ਉਹ ਵੀ ਚਲੇ ਗਏ), ਰਾਮ ਚੰਦਰ, ਕ੍ਰਿਸ਼ਣ ਵਰਗੇ ਅਵਤਾਰ ਵੀ ਅਨੇਕਾਂ ਹੋਏ। ਕਿਤਨੇ ਹੀ ਬ੍ਰਹਮਾ ਅਤੇ ਵਿਸ਼ਨੂ (ਹੋਏ), ਕਿਤਨੇ ਹੀ ਵੇਦ ਅਤੇ ਪੁਰਾਨ (ਹੋਏ), ਅਤੇ ਸਮ੍ਰਿਤੀਆਂ ਦੇ ਸਮੂਹ ਹੋ ਹੋ ਕੇ ਬੀਤ ਗਏ ਹਨ। ਕਿਤਨੇ ਹੀ (ਧਰਮ ਦੀ ਰਖਿਆ ਕਰਨ ਵਾਲੇ) ਮੁਆਵਨੁੱਦੀਨ ਅਤੇ ਮਦਾਰ (ਸ਼ੇਖ ਬਦੀਹੁੱਦੀਨ ਕਨੌਜੀ ਵਰਗੇ ਦਰਵੇਸ਼), ਕਿਤਨੇ ਹੀ ਅਸ਼੍ਵਨੀ ਕਮਾਰ, ਕਿਤਨੇ ਹੀ ਅੰਸ਼-ਅਵਤਾਰ (ਇਸ ਸੰਸਾਰ ਵਿਚ ਆ ਕੇ) ਕਾਲ ਵਸ ਹੋ ਗਏ ਹਨ। ਕਿਤਨੇ ਹੀ ਪੀਰ ਅਤੇ ਪੈਗੰਬਰ (ਹੋਏ ਹਨ, ਜੋ) ਇਤਨੇ ਹਨ ਕਿ ਗਿਣੇ ਨਹੀਂ ਜਾ ਸਕਦੇ, ਉਹ (ਸਾਰੇ) ਭੂਮੀ ਉਤੇ ਪੈਦਾ ਹੋ ਕੇ ਫਿਰ ਭੂਮੀ ਵਿਚ ਹੀ ਸਮਾ ਗਏ ਹਨ।੭੭।

ਜੋਗੀ, ਜਤੀ, ਬ੍ਰਹਮਚਾਰੀ ਅਤੇ ਵੱਡੇ ਵੱਡੇ ਛਤ੍ਰਧਾਰੀ (ਰਾਜੇ) ਹੋਏ ਹਨ, ਜੋ ਕਈ ਕੋਹਾਂ ਤਕ ਛਤ੍ਰਾਂ ਦੀ ਛਾਂ ਹੇਠਾਂ ਹੀ ਚਲਦੇ ਹਨ (ਸੰਕੇਤ ਦੁਰਯੋਧਨ ਵਲ ਹੈ ਜੋ ਭੀਸ਼ਮ ਪਿਤਾਮਾ ਨੂੰ ਮਿਲਣ ਲਈ ੪੮ ਕੋਹ ਛਤ੍ਰਾਂ ਦੀ ਛਾਂ ਹੇਠ ਚਲ ਕੇ ਗਿਆ ਸੀ); ਜੋ ਵੱਡਿਆਂ ਵੱਡਿਆਂ ਰਾਜਿਆਂ ਦੇ ਦੇਸ਼ ਨੂੰ ਦਬਾਂਦੇ ਫਿਰਦੇ ਸਨ ਅਤੇ ਵੱਡਿਆਂ ਵੱਡਿਆਂ ਰਾਜਿਆਂ ਦੇ ਹੰਕਾਰ ਨੂੰ ਦਲਦੇ ਫਿਰਦੇ ਸਨ; ਮਾਨਧਾਤਾ ਵਰਗੇ ਰਾਜੇ ਅਤੇ ਦਲੀਪ ਵਰਗੇ ਛਤ੍ਰਧਾਰੀ ਜੋ ਆਪਣੀਆਂ ਭੁਜਾਵਾਂ ਦਾ ਬਹੁਤ ਮਾਣ ਕਰਦੇ ਸਨ; ਦਾਰਾ ਵਰਗੇ ਰਾਜੇ ('ਦਿਲੀਸਰ') ਅਤੇ ਦੁਰਯੋਧਨ ਵਰਗੇ ਹੰਕਾਰੀ (ਜੋ ਭੋਗਾਂ ਨੂੰ) ਭੋਗ ਭੋਗ ਕੇ ਅੰਤ ਵਿਚ ਧਰਤੀ ਵਿਚ ਹੀ ਮਿਲ ਗਏ ਹਨ।੭੮।

(ਜੇ ਸਿਜਦਾ ਕੀਤਿਆਂ ਪਰਮਾਤਮਾ ਪ੍ਰਸੰਨ ਹੁੰਦਾ ਹੋਵੇ ਤਾਂ) ਤੋਪਚੀ ਕਪਟ ਸਹਿਤ ਅਨੇਕ ਵਾਰ (ਗੋਲਾ ਦਾਗਣ ਲਈ) ਸਿਜਦਾ ਕਰਦੇ ਹਨ ਅਤੇ ਪੋਸਤੀ ਵੀ ਅਨੇਕ ਵਾਰ ਸਿਰ ਨਿਵਾਉਂਦਾ ਹੈ। ਕੀ ਹੋਇਆ ਜੇ ਕੋਈ ਪਹਿਲਵਾਨ ਅਨੇਕ ਡੰਡ ਕਢਦਾ ਹੈ ਪਰ

ਕਹਾ ਭਇਓ ਮਲ ਜੌ ਪੈ ਕਾਢਤ ਅਨੇਕ ਡੰਡ
ਸੋ ਤੌ ਨ ਡੰਡੌਤ ਅਸਟਾਂਗ ਅਥਿਤੀਸ ਕੌ।
ਕਹਾ ਭਇਓ ਰੋਗੀ ਜੋ ਪੈ ਡਾਰ੍ਯੋ ਰਹ੍ਯੋ ਉਰਧੁ ਮੁਖਿ
ਮਨ ਤੇ ਨ ਮੂੰਡ ਨਿਹੁਰਾਯੋ[1] ਆਦਿ ਈਸ ਕੌ।
ਕਾਮਨਾ ਅਧੀਨ ਸਦਾ ਦਾਮਨਾ ਪ੍ਰਬੀਨ
ਏਕ ਭਾਵਨਾ ਬਿਹੀਨ ਕੈਸੇ ਪਾਵੈ ਜਗਦੀਸ ਕੌ। ੯। ੭੯।

ਸੀਸ ਪਟਕਤ ਜਾ ਕੇ ਕਾਨ ਮੈ ਖਜੂਰਾ ਧਸੈ
ਮੂੰਡ ਛਟਕਤ ਮਿਤ੍ਰ ਪੁਤ੍ਰ ਹੂੰ ਕੇ ਸੋਕ ਸੌ।
ਆਕ ਕੋ ਚਰਯਾ ਫਲ ਫੂਲ ਕੋ ਭਛਯਾ
ਸਦਾ ਬਨ ਕੋ ਭ੍ਰਮਯਾ ਅਉਰ ਦੂਸਰੋ ਨ ਬੋਕ ਸੌ।
ਕਹਾ ਭਯੋ ਭੇਡ ਜਉ ਘਸਤ ਸੀਸ ਬ੍ਰਿਛਨ ਸੌ
ਮਾਟੀ ਕੋ ਭਛਯਾ ਬੋਲ ਪੂਛ ਲੀਜੈ ਜੋਕ ਸੌ।
ਕਾਮਨਾ ਅਧੀਨ ਕਾਮ ਕ੍ਰੋਧ ਮੈ ਪ੍ਰਬੀਨ
ਏਕ ਭਾਵਨਾ ਬਿਹੀਨ ਕੈਸੇ ਭੇਟੈ ਪਰਲੋਕ ਸੌ। ੧੦। ੮੦।

ਨਾਚਿਓ ਈ ਕਰਤ ਮੋਰ ਦਾਦਰ ਕਰਤ ਸੋਰ
ਸਦਾ ਘਨਘੋਰ ਘਨ ਕਰਿਓ ਈ ਕਰਤ ਹੈ।
ਏਕ ਪਾਇ ਠਾਢੇ ਸਦਾ ਬਨ ਮੈ ਰਹਤ ਬ੍ਰਿਛ
ਫੂਕਿ ਫੂਕਿ ਪਾਵ ਭੂਮਿ ਸ੍ਰਾਵਗ ਧਰਤ ਹੈ।
ਪਾਹਨ ਅਨੇਕ ਜੁਗ ਏਕ ਠਉਰ ਬਾਸੁ ਕਰੈ
ਕਾਗ ਅਉਰ ਚੀਲ ਦੇਸਿ ਦੇਸਿ ਬਿਚਰਤ ਹੈ।
ਗਿਆਨ ਕੇ ਬਿਹੀਨ ਮਹਾ ਦਾਨ ਮੈ ਨ ਹੂਜੈ ਲੀਨ
ਭਾਵਨਾ ਬਿਹੀਨ ਦੀਨ ਕੈਸੇ ਕੈ ਤਰਤ ਹੈ। ੧੧। ੮੧।

ਜੈਸੇ ਏਕ ਸ੍ਵਾਂਗੀ ਕਹੂੰ ਜੋਗੀਆ ਬੈਰਾਗੀ ਬਨੈ
ਕਹੂੰ ਸਨਿਆਸਿ ਭੇਸ ਬਨ ਕੈ ਦਿਖਾਵਈ।
ਕਹੂੰ ਪਉਨਹਾਰੀ ਕਹੂੰ ਬੈਠੇ ਲਾਇ ਤਾਰੀ
ਕਹੂੰ ਲੋਭ ਕੀ ਖੁਮਾਰੀ ਸੌ ਅਨੇਕ ਗੁਨ ਗਾਵਈ।
ਕਹੂੰ ਬ੍ਰਹਮਚਾਰੀ ਕਹੂੰ ਹਾਥ ਪੈ ਲਗਾਵੇ ਬਾਰੀ
ਕਹੂੰ ਡੰਡਧਾਰੀ ਹੁਇ ਕੈ ਲੋਗਨ ਭ੍ਰਮਾਵਈ।
ਕਾਮਨਾ ਅਧੀਨ ਪਰਿਓ ਨਾਚਤ ਹੈ ਨਾਚਨ ਸੋ
ਗਿਆਨ ਕੇ ਬਿਹੀਨ ਕੈਸੇ ਬ੍ਰਹਮ ਲੋਕ ਪਾਵਈ। ੧੨। ੮੨।

੧. 'ਨਿਹਰਾਯੋ'

ਉਸ ਨੂੰ ਈਸ਼ਵਰ ('ਅਥਿਤੀਸ') ਅਗੇ ਕੀਤਾ ਅਸ਼ਟਾਂਗ ਡੰਡੌਤ ਨਹੀਂ ਕਿਹਾ ਜਾ ਸਕਦਾ। ਕੀ ਹੋਇਆ (ਜੋ ਕੋਈ ਜੋਗੀ) ਰੋਗੀ ਵਾਂਗ ਉਪਰ ਵਲ ਮੂੰਹ ਕਰ ਕੇ ਪਿਆ ਰਹੇ, (ਕੀ ਹੋਇਆ ਜੇ ਕੋਈ ਜੋਗੀ ਸਿਰ ਮੁਨਾਈ ਫਿਰਦਾ ਰਹੇ ਜਦੋਂ ਤਕ) ਮਨ ਨੂੰ ਮੁੰਨ ਕੇ (ਸਵੱਛ ਕਰ ਕੇ) ਪਰਮਾਤਮਾ ਦੇ ਦਰਸ਼ਨ (ਧਿਆਨ) ਨਹੀਂ ਕਰਦਾ। (ਜੋ) ਕਾਮਨਾਵਾਂ ਦੇ ਅਧੀਨ, ਛਲ-ਕਪਟ ਵਿਚ ਪ੍ਰਬੀਨ ਅਤੇ ਇਕ (ਪਰਮਾਤਮਾ) ਦੀ ਭਾਵਨਾ ਤੋਂ ਸਖਣੇ ਹਨ, ਉਹ ਪਰਮਾਤਮਾ ਨੂੰ ਕਿਵੇਂ ਪ੍ਰਾਪਤ ਕਰ ਸਕਦੇ ਹਨ।੭੯।

(ਜੇ ਸਿਰ ਦੇ ਪਟਕਿਆਂ ਪਰਮਾਤਮਾ ਮਿਲਦਾ ਹੋਵੇ, ਤਾਂ) ਜਿਸ ਦੇ ਕੰਨ ਵਿਚ ਕੰਨ-ਖਜੂਰਾ ਵੜ ਗਿਆ ਹੋਵੇ ਉਹ ਵੀ ਸਿਰ ਪਟਕਦਾ ਹੈ (ਅਤੇ ਜੇ ਪਰਮਾਤਮਾ ਸਿਰ ਨੂੰ ਪਿਟਣ ਨਾਲ ਮਿਲਦਾ ਹੋਵੇ ਤਾਂ) ਮਿਤਰ ਅਤੇ ਪੁੱਤਰ ਦੇ ਮਰਨ ਦੇ ਸੋਗ ਵਿਚ ਵੀ ਸਿਰ ਪਿਟਿਆ ਜਾਂਦਾ ਹੈ। (ਜੇ ਪਰਮਾਤਮਾ ਬਨ ਵਿਚ ਵਿਚਰਨ ਅਤੇ ਫਲ-ਫੁਲ ਖਾਣ ਨਾਲ ਮਿਲਦਾ ਹੋਵੇ ਤਾਂ) ਅੱਕ ਨੂੰ ਖਾਣ ਵਾਲੇ, ਫਲ-ਫੁਲ ਨੂੰ ਭੱਛਣ ਵਾਲੇ, ਅਤੇ ਸਦਾ ਬਨ ਵਿਚ ਫਿਰਨ ਵਾਲੇ ਬਕਰੇ (ਬੋਕ) ਵਰਗਾ ਕੋਈ ਹੋਰ ਦੂਜਾ ਨਹੀਂ ਹੈ। ਕੀ ਹੋਇਆ ਜੇ ਭੇਡ ਸਦਾ ਆਪਣਾ ਸਿਰ ਬ੍ਰਿਛਾਂ ਨਾਲ ਰਗੜਦੀ ਫਿਰਦੀ ਹੈ (ਪਰ ਮੱਥਾ ਰਗੜਨ ਨਾਲ ਪ੍ਰਭੂ ਨਹੀਂ ਮਿਲਦਾ) ਅਤੇ ਜੇ ਮਿੱਟੀ ਦੇ ਖਾਧਿਆਂ (ਪਰਮਾਤਮਾ ਮਿਲਦਾ ਹੁੰਦਾ ਤਾਂ) ਮਿੱਟੀ ਨੂੰ ਖਾਣ ਵਾਲੀ ਜੋਕ ਨੂੰ ਪੁਛ ਵੇਖੋ। ਜੋ ਵਿਅਕਤੀ ਕਾਮਨਾਵਾਂ ਦੇ ਅਧੀਨ ਹੈ ਅਤੇ ਕਾਮ-ਕ੍ਰੋਧ ਵਿਚ ਪ੍ਰਬੀਨ ਹੈ, (ਪਰ) ਇਕ ਭਾਵਨਾ ਤੋਂ ਵਾਂਝਿਆ ਹੈ ਤਾਂ ਉਹ ਬ੍ਰਹਮਲੋਕ ('ਪਰਲੋਕ') ਨੂੰ ਕਿਵੇਂ ਪ੍ਰਾਪਤ ਕਰ ਸਕਦਾ ਹੈ।੮੦।

(ਜੇ ਨੱਚਣ ਅਤੇ ਸ਼ੋਰ ਪਾਉਣ ਨਾਲ ਪਰਮਾਤਮਾ ਮਿਲਦਾ ਹੋਵੇ ਤਾਂ) ਮੋਰ ਨਚਿਆ ਕਰਦਾ ਹੈ ਅਤੇ ਡੱਡੂ ਰੌਲਾ ਪਾਉਂਦੇ ਹਨ ਅਤੇ ਬਦਲ ਸਦਾ ਗਜਿਆ ਕਰਦੇ ਹਨ। (ਜੇ ਇਕ ਪੈਰ ਉਤੇ ਖੜੋਤਿਆਂ ਪਰਮਾਤਮਾ ਮਿਲਦਾ ਹੋਵੇ ਤਾਂ) ਬਨ ਵਿਚ ਬ੍ਰਿਛ ਸਦਾ ਇਕ ਪੈਰ ਦੇ ਭਾਰ ਤੇ ਖੜੇ ਰਹਿੰਦੇ ਹਨ (ਅਤੇ ਜੇ ਜੀਵਾਂ ਨੂੰ ਦੁਖ ਨ ਦਿੱਤਿਆਂ ਪ੍ਰਭੂ ਮਿਲਦਾ ਹੋਵੇ ਤਾਂ) ਸ੍ਰੇਵੜੇ ਧਰਤੀ ਉਤੇ ਹੂੰਝ ਹੂੰਝ (ਫੂਕ ਫੂਕ ਕੇ) ਪੈਰ ਧਰਦੇ ਹਨ। (ਜੇ ਇਕ ਸਥਾਨ ਉਤੇ ਟਿਕੇ ਰਹਿਣ ਨਾਲ ਪ੍ਰਭੂ ਮਿਲਦਾ ਹੋਵੇ ਤਾਂ) ਪੱਥਰ ਅਨੇਕ ਯੁਗਾਂ ਤਕ ਇਕ ਥਾਂ ਉਤੇ ਵਾਸ ਕਰਦੇ ਹਨ ਅਤੇ (ਜੇ ਘੁੰਮਣ ਫਿਰਨ ਨਾਲ ਪ੍ਰਭੂ ਮਿਲਦਾ ਹੋਵੇ ਤਾਂ) ਕਾਂ ਅਤੇ ਇੱਲਾਂ (ਸਦਾ) ਦੇਸ-ਦੇਸਾਂਤਰਾਂ ਵਿਚ ਵਿਚਰਦੇ ਰਹਿੰਦੇ ਹਨ। (ਜਿਵੇਂ) ਬ੍ਰਹਮ ਗਿਆਨ ਤੋਂ ਰਹਿਤ ਵਿਅਕਤੀ ਮਹਾਦਾਨੀ (ਪਰਮਾਤਮਾ) ਵਿਚ ਲੀਨ ਨਹੀਂ ਹੋ ਸਕਦਾ, ਉਸੇ ਤਰ੍ਹਾਂ ਪ੍ਰੇਮ ਅਤੇ ਸ਼ਰਧਾ ਤੋਂ ਸਖਣੇ ਵਿਅਕਤੀ (ਸੰਸਾਰ ਸਾਗਰ ਨੂੰ) ਕਿਵੇਂ ਤਰ ਸਕਦੇ ਹਨ।੮੧।

ਜਿਵੇਂ ਇਕ ਬਹੁਰੂਪੀਆ ਕਦੇ ਜੋਗੀ ਅਤੇ ਕਦੇ ਬੈਰਾਗੀ ਬਣਦਾ ਹੈ ਅਤੇ ਕਦੇ ਸੰਨਿਆਸੀ ਭੇਸ ਧਾਰਨ ਕਰ ਕੇ ਵਿਖਾਉਂਦਾ ਹੈ। ਕਦੇ ਪੌਣ-ਆਹਾਰੀ ਅਤੇ ਕਦੇ ਸਮਾਧੀ ('ਤਾਰੀ'-ਤਾੜੀ) ਲਗਾ ਕੇ ਬੈਠਦਾ ਹੈ ਅਤੇ ਕਦੇ ਲੋਭ ਦੀ ਖੁਮਾਰੀ ਕਾਰਨ ਅਨੇਕ ਗੁਣ ਗਾਉਂਦਾ ਹੈ। ਕਦੇ ਬ੍ਰਹਮਚਾਰੀ ਹੁੰਦਾ ਹੈ, ਕਦੇ ਹੱਥ ਉਤੇ ਖੇਤੀ ਜੰਮਾ ਕੇ ਵਿਖਾਉਂਦਾ ਹੈ ਅਤੇ ਕਦੇ ਦੰਡਧਾਰੀ ਬਣ ਕੇ ਲੋਕਾਂ ਨੂੰ ਭਰਮਾਉਂਦਾ ਹੈ। (ਜੋ) ਕਾਮਨਾਵਾਂ ਦੇ ਵਸ ਹੋ ਕੇ ਨਚਦਾ ਹੈ, (ਭਲਾ) ਗਿਆਨ ਤੋਂ ਬਿਨਾ ਕੇਵਲ ਨੱਚਣ ਨਾਲ ਕਿਵੇਂ ਬ੍ਰਹਮ-ਲੋਕ ਦੀ ਪ੍ਰਾਪਤੀ ਹੋ ਸਕਦੀ ਹੈ।੮੨।

ਪੰਚ ਬਾਰ ਗੀਦਰ ਪੁਕਾਰੇ ਪਰੇ ਸੀਤ ਕਾਲ
ਕੁੰਚਰ ਅਉ ਗਦਹਾ ਅਨੇਕਦਾ ਪ੍ਰਕਾਰ ਹੀ।
ਕਹਾ ਭਯੋ ਜੋ ਪੈ ਕਲਵਤ੍ਰ ਲੀਓ ਕਾਸੀ ਬੀਚ
ਚੀਰਿ ਚੀਰਿ ਚੋਰਟਾ ਕੁਠਾਰਨ ਸੋ ਮਾਰਹੀ।
ਕਹਾ ਭਇਓ ਫਾਸੀ ਡਾਰਿ ਬੂਡਿਓ ਜੜ ਗੰਗਧਾਰਿ
ਡਾਰਿ ਡਾਰਿ ਫਾਸਿ ਠਗ ਮਾਰਿ ਮਾਰਿ ਡਾਰਹੀ।
ਡੂਬੇ ਨਰਕ ਧਾਰਿ ਮੂੜ ਗਿਆਨ ਕੇ ਬਿਨਾ ਬਿਚਾਰ
ਭਾਵਨਾ ਬਿਹੀਨ ਕੈਸੇ ਗਿਆਨ ਕੋ ਬਿਚਾਰਹੀ। ੧੩। ੮੩।

ਤਾਪ ਕੇ ਸਹੇ ਤੇ ਜੋ ਪੈ ਪਾਈਐ ਅਤਾਪ ਨਾਥ
ਤਾਪਨਾ ਅਨੇਕ ਤਨ ਘਾਇਲ ਸਹਤ ਹੈ।
ਜਾਪ ਕੇ ਕੀਏ ਤੇ ਜੋ ਪੈ ਪਾਯਤ ਅਜਾਪ ਦੇਵ
ਪੂਦਨਾ ਸਦੀਵ ਤੁਹੀ ਤੁਹੀ ਉਚਰਤ ਹੈ।
ਨਭ ਕੇ ਉਡੇ ਤੇ ਜੋ ਪੈ ਨਾਰਾਇਣ ਪਾਈਯਤ
ਅਨਲ ਅਕਾਸ ਪੰਛੀ ਡੋਲਬੋ ਕਰਤ ਹੈ।
ਆਗ ਮੈ ਜਰੇ ਤੇ ਗਤਿ ਰਾਂਡ ਕੀ ਪਰਤ ਕਰਿ
ਪਤਾਲ ਕੇ ਬਾਸੀ ਕਿਉ ਭੁਜੰਗ ਨ ਤਰਤ ਹੈ। ੧੪। ੮੪।

ਕੋਊ ਭਇਓ ਮੁੰਡੀਆ ਸੰਨਿਆਸੀ ਕੋਊ ਜੋਗੀ ਭਇਓ
ਕੋਊ ਬ੍ਰਹਮਚਾਰੀ ਕੋਊ ਜਤੀ ਅਨੁਮਾਨਬੋ।
ਹਿੰਦੂ ਤੁਰਕ ਕੋਊ ਰਾਫਿਜੀ ਇਮਾਮ ਸਾਫੀ
ਮਾਨਸ ਕੀ ਜਾਤਿ ਸਬੈ ਏਕੈ ਪਹਚਾਨਬੋ।
ਕਰਤਾ ਕਰੀਮ ਸੋਈ ਰਾਜਿਕ ਰਹੀਮ ਓਈ
ਦੂਸਰੋ ਨ ਭੇਦ ਕੋਈ ਭੂਲਿ ਭ੍ਰਮ ਮਾਨਬੋ।
ਏਕ ਹੀ ਕੀ ਸੇਵ ਸਭ ਹੀ ਕੋ ਗੁਰਦੇਵ ਏਕ
ਏਕ ਹੀ ਸਰੂਪ ਸਬੈ ਏਕੈ ਜੋਤਿ ਜਾਨਬੋ। ੧੫। ੮੫।

ਦੇਹੁਰਾ ਮਸੀਤ ਸੋਈ ਪੂਜਾ ਔ ਨਿਵਾਜ ਓਈ
ਮਾਨਸ ਸਬੈ ਏਕ ਪੈ ਅਨੇਕ ਕੋ ਭ੍ਰਮਾਉ ਹੈ।
ਦੇਵਤਾ ਅਦੇਵ ਜਛ ਗੰਧ੍ਰਬ ਤੁਰਕ ਹਿੰਦੂ
ਨਿਆਰੇ ਨਿਆਰੇ ਦੇਸਨ ਕੇ ਭੇਸ ਕੋ ਪ੍ਰਭਾਉ ਹੈ।
ਏਕੈ ਨੈਨ ਏਕੈ ਕਾਨ ਏਕੈ ਦੇਹ ਏਕੈ ਬਾਨ
ਖਾਕ ਬਾਦ ਆਤਿਸ ਔ ਆਬ ਕੋ ਰਲਾਉ ਹੈ।
ਅਲਹ ਅਭੇਖ ਸੋਈ ਪੁਰਾਨ ਅਉ ਕੁਰਾਨ ਓਈ
ਏਕ ਹੀ ਸਰੂਪ ਸਬੈ ਏਕ ਹੀ ਬਨਾਉ ਹੈ। ੧੬। ੮੬।

(ਜਿਵੇਂ) ਸਰਦੀ ਦੀ ਰੁਤ ਵਿਚ ਗਿਦੜ ਪੰਜ ਵੇਲੇ ਹੁਆਂ ਹੁਆਂ ਕਰਦਾ ਹੈ ਅਤੇ ਹਾਥੀ ਤੇ ਖੋਤਾ ਅਨੇਕਾਂ ਵਾਰ ਚਿੰਘਾੜਦੇ ਅਤੇ ਹੀਂਗਦੇ ਹਨ (ਪਰ ਉਨ੍ਹਾਂ ਨੂੰ ਕੁਝ ਵੀ ਹਾਸਲ ਨਹੀਂ ਹੁੰਦਾ)। ਕੀ ਹੋਇਆ ਜੇ ਕਰ ਕਾਸ਼ੀ (ਬਨਾਰਸ) ਵਿਚ ਕਲਵਤ੍ਰ (ਨਾਲ ਸ਼ਰੀਰ ਚਿਰਵਾ) ਲਿਆ (ਕਿਉਂਕਿ ਕਈ ਵਾਰ) ਚੋਰ ਨੂੰ ਵੀ ਕੁਹਾੜੀਆਂ ਨਾਲ ਚੀਰ ਚੀਰ ਕੇ ਮਾਰ ਦਿੱਤਾ ਜਾਂਦਾ ਹੈ। ਕੀ ਹੋਇਆ (ਜੇ ਕੋਈ) ਮੂਰਖ (ਆਪਣੇ ਗਲ ਵਿਚ) ਫਾਹੀ ਪਾ ਕੇ ਗੰਗਾ ਦੀ ਧਾਰਾ ਵਿਚ ਰੁੜ ਗਿਆ ਹੈ (ਕਿਉਂਕਿ ਕਈ ਵਾਰ) ਠਗ ਲੋਗ (ਰਾਹੀਆਂ ਨੇ ਗਲੇ ਵਿਚ) ਫਾਹੀ ਪਾ ਕੇ ਮਾਰ ਦਿੰਦੇ ਹਨ। ਗਿਆਨ ਨੂੰ ਬਿਨਾ ਵਿਚਾਰੇ (ਕਈ) ਮੂਰਖ ਵਿਅਕਤੀ ਨਰਕ ਦੀ ਧਾਰਾ ਵਿਚ ਡੁਬ ਜਾਂਦੇ ਹਨ (ਕਿਉਂਕਿ) ਭਾਵਨਾ ਤੋਂ ਬਿਨਾ ਗਿਆਨ ਨੂੰ (ਕਿਵੇਂ) ਵਿਚਾਰਿਆ ਜਾ ਸਕਦਾ ਹੈ।੮੩।

ਜੇ ਕਰ ਸ਼ਰੀਰਕ ਦੁਖ (ਤਾਪ) ਸਹਾਰਨ ਨਾਲ ਦੁਖਾਂ ਤੋਂ ਉੱਚੇ ਸੁਆਮੀ ਨਾਲ ਮੇਲ ਹੋ ਸਕਦਾ ਹੋਵੇ, ਤਾਂ ਘਾਇਲ ਵਿਅਕਤੀ ਅਨੇਕ ਪ੍ਰਕਾਰ ਦੇ ਦੁਖ (ਤਾਪ) ਸ਼ਰੀਰ ਉਤੇ ਸਹਿਨ ਕਰਦਾ ਹੈ। ਜੇ ਜਪੁ ਕੀਤਿਆਂ ਜਪ-ਅਤੀਤ ਪਰਮਾਤਮਾ ਨੂੰ ਪਾਇਆ ਜਾ ਸਕਦਾ ਹੋਵੇ ਤਾਂ ਪੂਦਨਾ (ਇਕ ਵਿਸ਼ੇਸ਼ ਪੰਛੀ) ਸਦਾ 'ਤੁਹੀ-ਤੁਹੀ' ਉਚਾਰਦਾ ਰਹਿੰਦਾ ਹੈ। ਆਕਾਸ਼ ਵਿਚ ਉਡਣ ਨਾਲ ਜੇ ਨਾਰਾਇਣ ਪ੍ਰਾਪਤ ਹੋ ਸਕਦਾ ਹੋਵੇ ਤਾਂ ਅਨਲ ਪੰਛੀ (ਸਦਾ) ਆਕਾਸ਼ ਵਿਚ ਹੀ ਉਡਾਰੀਆਂ ਲਗਾਉਂਦਾ ਰਹਿੰਦਾ ਹੈ। ਜੇ ਅੱਗ ਵਿਚ ਸੜਨ ਨਾਲ ਮੁਕਤੀ ਮਿਲਦੀ ਹੁੰਦੀ (ਤਾਂ) ਅੱਗ ਵਿਚ ਵਿਧਵਾ ਨੂੰ ਪਤੀ ਨਾਲ ਸਤੀ ਹੋਣ ਤੇ ਮੁਕਤੀ ਮਿਲਣੀ ਚਾਹੀਦੀ ਹੈ (ਅਤੇ ਜੇ ਗੁਫਾ ਵਿਚ ਰਹਿਣ ਨਾਲ ਮੁਕਤੀ ਮਿਲਦੀ ਹੋਵੇ ਤਾਂ) ਪਾਤਾਲ ਵਿਚ ਨਿਵਾਸ ਕਰਨ ਵਾਲੇ ਸੱਪ ਕਿਉਂ ਮੁਕਤ ਨਹੀਂ ਹੁੰਦੇ।੮੪।

ਕੋਈ (ਰਾਮਾਨੰਦੀ) ਬੈਰਾਗੀ ਬਣਿਆ ਹੋਇਆ ਹੈ, ਕੋਈ ਸੰਨਿਆਸੀ ਅਤੇ ਕੋਈ ਜੋਗੀ ਬਣ ਗਿਆ ਹੈ, ਕੋਈ ਬ੍ਰਹਮਚਾਰੀ ਅਤੇ ਕੋਈ ਜਤੀ ਦਿਸਦਾ ਹੈ। ਕੋਈ ਹਿੰਦੂ ਹੈ, ਕੋਈ ਤੁਰਕ, ਕੋਈ ਸ਼ੀਆ ('ਰਾਫ਼ਜੀ') ਹੈ ਅਤੇ ਕੋਈ ਸੁੰਨੀ ('ਇਮਾਮਸਾਫੀ'), (ਪਰ) ਸਾਰੇ ਮਨੁੱਖ ਦੀ ਪੈਦਾਇਸ਼ ਅਥਵਾ ਜਾਤਿ ਹਨ (ਇਸ ਲਈ ਇਨ੍ਹਾਂ ਸਾਰਿਆਂ ਨੂੰ) ਇਕੋ ਜਿਹਾ ਸਮਝਣਾ ਚਾਹੀਦਾ ਹੈ। (ਸਭ ਦਾ) ਕਰਤਾ ਉਹੀ ਕ੍ਰਿਪਾਲੂ ਹੈ ਅਤੇ ਰੋਜ਼ੀ ਦੇਣ ਵਾਲਾ ਦਿਆਲੂ ਵੀ ਉਹੀ ਹੈ। (ਇਨ੍ਹਾਂ ਵਿਚ) ਹੋਰ ਕੋਈ ਅੰਤਰ ਸਮਝਣ ਦੇ ਭਰਮ ਵਿਚ ਨਹੀਂ ਪੈਣਾ ਚਾਹੀਦਾ। ਇਕੋ ਦੀ ਹੀ ਸੇਵਾ (ਕਰੋ) (ਕਿਉਂਕਿ) ਸਭ ਦਾ (ਉਹ) ਗੁਰੂ ਇਕੋ ਹੀ ਹੈ, ਸਾਰੇ ਇਕੋ ਦਾ ਸਰੂਪ ਹਨ, (ਸਾਰਿਆਂ ਵਿਚ) ਇਕੋ ਜੋਤਿ ਸਮਝਣੀ ਚਾਹੀਦੀ ਹੈ।੮੫।

ਮੰਦਿਰ ਅਤੇ ਮਸਜਿਦ ਉਹੀ ਹੈ ਅਤੇ ਪੂਜਾ ਅਤੇ ਨਮਾਜ਼ ਵੀ ਉਹੀ ਹੈ, ਮਨੁੱਖ ਸਾਰੇ ਇਕ ਹਨ, ਪਰ ਅਨੇਕਤਾ ਦਾ ਭੁਲੇਖਾ ਪੈਂਦਾ ਹੈ। ਦੇਵਤੇ, ਦੈਂਤ, ਯਕਸ਼, ਗੰਧਰਬ, ਮੁਸਲਮਾਨ ਅਤੇ ਹਿੰਦੂ (ਜੋ ਭਿੰਨ ਭਿੰਨ ਪ੍ਰਤੀਤ ਹੁੰਦੇ ਹਨ, ਇਸ ਦਾ ਕਾਰਨ ਅਸਲ ਵਿਚ) ਵਖਰੇ ਵਖਰੇ ਦੇਸਾਂ ਦੇ ਪਹਿਰਾਵੇ ਦਾ ਪ੍ਰਭਾਵ ਹੈ। (ਸਭ ਦੀਆਂ) ਅੱਖਾਂ ਇਕੋ ਜਿਹੀਆਂ ਹਨ, ਕੰਨ ਇਕੋ ਜਿਹੇ ਹਨ, ਸ਼ਰੀਰ ਇਕੋ ਜਿਹੇ ਹਨ ਅਤੇ ਬੋਲਣ ਸ਼ਕਤੀ ਇਕ ਸਮਾਨ ਹੈ (ਕਿਉਂਕਿ ਸਾਰਿਆਂ ਦੀ ਰਚਨਾ) ਮਿੱਟੀ, ਪੌਣ (ਬਾਦ), ਅਗਨੀ ਅਤੇ ਜਲ ਦੇ ਮੇਲ ਨਾਲ ਹੋਈ ਹੈ। ਅੱਲਾਹ (ਇਸਲਾਮੀ ਪਰਮ ਸੱਤਾ) ਅਤੇ ਅਭੇਖ (ਹਿੰਦੂ ਪਰਮ ਸੱਤਾ) ਉਹੀ ਹੈ, ਕੁਰਾਨ ਅਤੇ ਪੁਰਾਣ ਵੀ ਉਹੀ ਹੈ (ਕਿਉਂਕਿ) ਇਹ ਸਾਰੇ ਇਕ ਦਾ ਹੀ ਸਰੂਪ ਹਨ ਅਤੇ ਸਾਰਿਆਂ ਦੀ ਬਨਾਵਟ ਇਕ-ਸਮਾਨ ਹੈ।੮੬।

ਜੈਸੇ ਏਕ ਆਗ ਤੇ ਕਨੂਕਾ ਕੋਟਿ ਆਗਿ ਉਠੈ
ਨਿਆਰੇ ਨਿਆਰੇ ਹੁਇ ਕੈ ਫੇਰਿ ਆਗ ਮੈ ਮਿਲਾਹਿੰਗੇ।
ਜੈਸੇ ਏਕ ਧੂਰਿ ਤੇ ਅਨੇਕ ਧੂਰਿ ਪੂਰਤ ਹੈ
ਧੂਰਿ ਕੇ ਕਨੂਕਾ ਫੇਰ ਧੂਰਿ ਹੀ ਸਮਾਹਿੰਗੇ।
ਜੈਸੇ ਏਕ ਨਦ ਤੇ ਤਰੰਗ ਕੋਟਿ ਉਪਜਤ ਹੈ
ਪਾਨਿ ਕੇ ਤਰੰਗ ਸਬੈ ਪਾਨਿ ਹੀ ਕਹਾਹਿੰਗੇ।
ਤੈਸੇ ਬਿਸ੍ਵ ਰੂਪ ਤੇ ਅਭੂਤ ਭੂਤ ਪ੍ਰਗਟ ਹੋਇ
ਤਾਹੀ ਤੇ ਉਪਜਿ ਸਬੈ ਤਾਹੀ ਮੈ ਸਮਾਹਿੰਗੇ। ੧੭। ੮੭।

ਕੇਤੇ ਕਛ ਮਛ ਕੇਤੇ ਉਨ ਕਉ ਕਰਤ ਭਛ
ਕੇਤੇ ਅਛ ਬਛ ਹੁਇ ਸਪਛ ਉਡ ਜਾਹਿੰਗੇ।
ਕੇਤੇ ਨਭ ਬੀਚ ਅਛ ਪਛ ਕਉ ਕਰੈਂਗੇ ਭਛ
ਕੇਤਕ ਪ੍ਰਤਛ ਹੁਇ ਪਚਾਇ ਖਾਇ ਜਾਹਿੰਗੇ।
ਜਲ ਕਹਾ ਥਲ ਕਹਾ ਗਗਨ ਕੇ ਗਉਨ ਕਹਾ
ਕਾਲ ਕੇ ਬਨਾਏ ਸਬੈ ਕਾਲ ਹੀ ਚਬਾਹਿੰਗੇ।
ਤੇਜ ਜਿਉ ਅਤੇਜ ਮੈ ਅਤੇਜ ਜੈਸੇ ਤੇਜ ਲੀਨ
ਤਾਹੀ ਤੇ ਉਪਜਿ ਸਬੈ ਤਾਹੀ ਮੈ ਸਮਾਹਿੰਗੇ। ੧੮। ੮੮।

ਕੂਕਤ ਫਿਰਤ ਕੇਤੇ ਰੋਵਤ ਮਰਤ ਕੇਤੇ
ਜਲ ਮੈ ਡੁਬਤ ਕੇਤੇ ਆਗ ਮੈ ਜਰਤ ਹੈ।
ਕੇਤੇ ਗੰਗਬਾਸੀ ਕੇਤੇ ਮਦੀਨਾ ਮਕਾ ਨਿਵਾਸੀ
ਕੇਤਕ ਉਦਾਸੀ ਕੇ ਭ੍ਰਮਾਏ ਈ ਫਿਰਤ ਹੈ।
ਕਰਵਤ ਸਹਤ ਕੇਤੇ ਭੂਮਿ ਮੈ ਗਡਤ ਕੇਤੇ
ਸੂਆ ਪੈ ਚੜਤ[1] ਕੇਤੇ ਦੁਖ ਕਉ ਭਰਤ ਹੈ।
ਗੈਨ ਮੈ ਉਡਤ ਕੇਤੇ ਜਲ ਮੈ ਰਹਤ ਕੇਤੇ
ਗਿਆਨ ਕੇ ਬਿਹੀਨ ਜਕਿ ਜਾਰੇ ਈ ਮਰਤ ਹੈ। ੧੯। ੮੯।

ਸੋਧਿ ਹਾਰੇ ਦੇਵਤਾ ਬਿਰੋਧ ਹਾਰੇ ਦਾਨੋ ਬਡੇ
ਬੋਧਿ ਹਾਰੇ ਬੋਧਕ ਪ੍ਰਬੋਧਿ ਹਾਰੇ ਜਾਪਸੀ।
ਘਸਿ ਹਾਰੇ ਚੰਦਨ ਲਗਾਇ ਹਾਰੇ ਚੋਆ ਚਾਰ
ਪੂਜ ਹਾਰੇ ਪਾਹਨ ਚਢਾਇ ਹਾਰੇ ਲਾਪਸੀ।
ਗਾਹਿ ਹਾਰੇ ਗੋਰਨ ਮਨਾਇ ਹਾਰੇ ਮੜੀ ਮਟ
ਲੀਪ ਹਾਰੇ ਭੀਤਨ ਲਗਾਇ ਹਾਰੇ ਛਾਪਸੀ।
ਗਾਇ ਹਾਰੇ ਗੰਧ੍ਰਬ ਬਜਾਇ ਹਾਰੇ ਕਿੰਨਰ ਸਭ
ਪਚਿ ਹਾਰੇ ਪੰਡਿਤ ਤਪੰਤਿ ਹਾਰੇ ਤਾਪਸੀ। ੨੦। ੯੦।

ਤ੍ਵਪ੍ਰਸਾਦਿ। ਭੁਜੰਗ ਪ੍ਰਯਾਤ[2] ਛੰਦ

ਨ ਰਾਗੰ ਨ ਰੰਗੰ ਨ ਰੂਪੰ ਨ ਰੇਖੰ। ਨ ਮੋਹੰ ਨ ਕ੍ਰੋਹੰ ਨ ਦ੍ਰੋਹੰ ਨ ਦ੍ਵੈਖੰ।
ਨ ਕਰਮੰ ਨ ਭਰਮੰ ਨ ਜਨਮੰ ਨ ਜਾਤੰ। ਨ ਮਿਤ੍ਰੰ ਨ ਸਤ੍ਰੰ ਨ ਪਿਤ੍ਰ ਨ ਮਾਤੰ। ੧। ੯੧।

੧. 'ਚਢਤ' ੨. 'ਪ੍ਰਜਾਤ'

ਜਿਵੇਂ ਅੱਗ ਤੋਂ ਕਰੋੜਾਂ ਚਿਣਗਾਂ ('ਕਨੂਕਾ') ਪੈਦਾ ਹੁੰਦੀਆਂ ਹਨ ਅਤੇ ਵੱਖਰੀ ਵੱਖਰੀ ਹੋਂਦ ਦਰਸਾ ਕੇ ਫਿਰ ਅੱਗ ਵਿਚ ਹੀ ਮਿਲ ਜਾਂਦੀਆਂ ਹਨ; ਜਿਵੇਂ ਧੂੜ ਵਿਚੋਂ ਅਨੇਕ ਜ਼ੱਰੇ ਪੈਦਾ ਹੁੰਦੇ ਹਨ ਅਤੇ ਧੂੜ ਦੇ ਉਹ ਜ਼ੱਰੇ ਫਿਰ ਧੂੜ ਵਿਚ ਹੀ ਸਮਾ ਜਾਂਦੇ ਹਨ; ਜਿਵੇਂ ਇਕ ਸਮੁੰਦਰ ਤੋਂ ਕਰੋੜਾਂ ਤਰੰਗਾਂ ਪੈਦਾ ਹੁੰਦੀਆਂ ਹਨ, ਪਰ ਪਾਣੀ ਦੀਆਂ ਸਾਰੀਆਂ ਲਹਿਰਾਂ ਪਾਣੀ ਹੀ ਅਖਵਾਉਂਦੀਆਂ ਹਨ; ਤਿਵੇਂ ਉਸ ਵਿਰਾਟ ਪਰਮਾਤਮਾ ਤੋਂ ਸੂਖਮ ਅਤੇ ਸਥੂਲ (ਜੜ-ਚੇਤਨ) ਪੈਦਾ ਹੋ ਕੇ, ਉਸ ਤੋਂ ਉਪਜ ਕੇ ਫਿਰ ਉਸੇ ਵਿਚ ਸਮਾ ਜਾਂਦੇ ਹਨ।੮੭।

ਕਿਤਨੇ ਹੀ ਕੱਛੂ ਅਤੇ ਮੱਛ ਹਨ, ਕਿਤਨੇ ਹੀ ਉਨ੍ਹਾਂ ਨੂੰ ਖਾਣ ਵਾਲੇ ਹਨ, ਕਿਤਨੇ ਹੀ ਗਰੁੜ, ਅਨਲ ਆਦਿ ਪੰਛੀ, ਖੰਭਾਂ ਵਾਲੇ ਹੋ ਕੇ ਉਡ ਜਾਣਗੇ। ਕਿਤਨੇ ਹੀ ਆਕਾਸ਼ ਵਿਚ ਗਰੁੜ, ਅਨਲ ਆਦਿ ਪੰਛੀਆਂ ਦਾ ਭੱਛਣ ਕਰਨਗੇ ਅਤੇ ਕਿਨੇ ਹੀ ਪ੍ਰਗਟ ਹੋ ਕੇ (ਉਨ੍ਹਾਂ ਨੂੰ) ਖਾ ਕੇ ਪਚਾ ਜਾਣਗੇ। ਕੀ ਜਲ (ਵਾਸੀ), ਕੀ ਥਲ ਵਾਸੀ ਅਤੇ ਕੀ ਆਕਾਸ਼ ਵਿਚ ਵਿਚਰਨ ਵਾਲੇ ਸਭ ਕਾਲ ਦੇ ਬਣਾਏ ਹੋਏ ਹਨ ਅਤੇ ਕਾਲ ਦੁਆਰਾ ਹੀ ਨਸ਼ਟ ਕੀਤੇ ਜਾਣਗੇ। ਜਿਵੇਂ ਪ੍ਰਕਾਸ਼ ਅੰਧਕਾਰ ਵਿਚ ਅਤੇ ਅੰਧਕਾਰ ਪ੍ਰਕਾਸ਼ ਵਿਚ ਲੀਨ ਹੈ, ਉਸੇ ਤਰ੍ਹਾਂ ਉਸ ਤੋਂ ਪੈਦਾ ਹੋ ਕੇ ਸਭ ਉਸੇ (ਪਰਮ ਸੱਤਾ) ਵਿਚ ਸਮਾ ਜਾਣਗੇ।੮੮।

ਕਿਤਨੇ ਹੀ ਕੂਕਦੇ ਫਿਰਦੇ ਹਨ, ਕਿਤਨੇ ਹੀ ਰੋਂਦੇ ਮਰ ਜਾਂਦੇ ਹਨ, ਕਿਤਨੇ ਹੀ ਜਲ ਵਿਚ ਡੁਬਦੇ ਹਨ ਅਤੇ ਕਿਤਨੇ ਹੀ ਅੱਗ ਵਿਚ ਸੜ ਜਾਂਦੇ ਹਨ, ਕਿਤਨੇ ਹੀ ਗੰਗਾ-ਵਾਸੀ ਹਨ ਅਤੇ ਕਿਤਨੇ ਹੀ ਮੱਕੇ-ਮਦੀਨੇ ਦੇ ਨਿਵਾਸੀ ਹਨ ਅਤੇ ਕਿਤਨੇ ਹੀ ਉਦਾਸੀਨ ਹੋ ਕੇ ਭੌਂਦੇ ਫਿਰਦੇ ਹਨ, ਕਿਤਨੇ ਹੀ (ਕਾਸ਼ੀ ਵਿਚ) ਆਰੇ (ਦੀ ਧਾਰ) ਸਹਿੰਦੇ ਹਨ ਅਤੇ ਕਿਤਨੇ ਹੀ ਧਰਤੀ ਵਿਚ (ਆਪਣੇ ਆਪ ਨੂੰ) ਗਡਵਾ ਲੈਂਦੇ ਹਨ ਅਤੇ ਕਿਤਨੇ ਹੀ ਸੂਲਾਂ ਦੀ ਸੇਜ (ਸੂਆ) ਉਤੇ ਚੜ੍ਹ ਕੇ ਦੁਖ ਨੂੰ ਸਹਿਨ ਕਰਦੇ ਹਨ, ਕਿਤਨੇ ਹੀ ਆਕਾਸ਼ ਵਿਚ (ਰਿੱਧੀਆਂ ਸਿੱਧੀਆਂ ਦੀ ਸ਼ਕਤੀ ਨਾਲ) ਉਡਦੇ ਹਨ ਅਤੇ ਕਿਤਨੇ ਹੀ ਜਲ ਵਿਚ ਰਹਿੰਦੇ ਹਨ, ਕਿਤਨੇ ਹੀ ਗਿਆਨ ਤੋਂ ਸਖਣੇ ਲੋਕ ਮਚਦੀ (ਜਕ) ਅਗਨੀ ਵਿਚ ਸੜ ਮਰਦੇ ਹਨ।੮੯।

(ਉਸ ਪਰਮਾਤਮਾ ਨੂੰ ਪ੍ਰਾਪਤ ਕਰਨ ਲਈ) ਦੇਵਤੇ ਖੋਜ ਕਰ ਕਰ ਕੇ ਹਾਰ ਗਏ, ਵਿਰੋਧੀ ਭਾਵ ਨੂੰ ਪਸਾਰਨ ਵਾਲੇ ਵੱਡੇ ਵੱਡੇ ਦੈਂਤ ਹਾਰ ਗਏ, ਬੁੱਧੀਮਾਨ ਬੁੱਧੀ ਦੀਆਂ ਅਟਕਲਾਂ ਲਗਾ ਲਗਾ ਕੇ ਹਾਰ ਗਏ ਅਤੇ ਜਪ ਕਰਨ ਵਾਲੇ ਸੂਝਵਾਨ ਵੀ ਹਾਰ ਗਏ, ਚੰਦਨ ਘਿਸਾਣ ਵਾਲੇ (ਪੁਜਾਰੀ) ਹਾਰ ਗਏ, ਉਤਮ ਸੁਗੰਧਿਤ ਪਦਾਰਥ ਲਗਾਉਣ ਵਾਲੇ ਹਾਰ ਗਏ, ਮੂਰਤੀਆਂ ('ਪਾਹਨ') ਨੂੰ ਪੂਜਣ ਵਾਲੇ ਹਾਰ ਗਏ, ਅਤੇ ਮਿੱਠੀ ਲੇਟੀ (ਦਾ ਪ੍ਰਸਾਦ) ਚੜ੍ਹਾਉਣ ਵਾਲੇ ਵੀ ਹਾਰ ਗਏ, ਕਬਰਾਂ ਵਿਚ ਫਿਰ ਫਿਰ ਕੇ ਥਕ ਗਏ, ਮੜ੍ਹੀਆਂ ਅਤੇ ਮਠਾਂ ਨੂੰ ਮਨਾਉਣ ਵਾਲੇ ਵੀ ਹਾਰ ਗਏ, ਕੰਧਾਂ (ਵਿਚ ਲਗੀਆਂ ਹਨੂਮਾਨ ਆਦਿ ਦੀਆਂ ਮੂਰਤੀਆਂ ਨੂੰ) ਲਿੰਬਦੇ ਲਿੰਬਦੇ ਵੀ ਹਾਰ ਗਏ ਅਤੇ ਧਾਰਮਿਕ ਜਾਂ ਸੰਪ੍ਰਦਾਇਕ ਠੱਪੇ (ਛਾਪੇ) ਵੀ ਲਗਵਾ ਲਗਵਾ ਕੇ ਹਾਰ ਗਏ, ਗੰਧਰਬ ਗਾ ਗਾ ਕੇ ਹਾਰ ਗਏ, ਸਾਰੇ ਕਿੰਨਰ (ਇਕ ਦੇਵ-ਜੂਨੀ) ਵੀ ਸਾਜ਼ ਵਜਾ ਵਜਾ ਕੇ ਹਾਰ ਗਏ, ਪੰਡਿਤ ਅਤੇ ਤਪਸਵੀ ਤਪ ਕਰ ਕਰ ਕੇ ਹਾਰ ਗਏ (ਪਰ ਪਰਮਾਤਮਾ ਨੂੰ ਪ੍ਰਾਪਤ ਨਹੀਂ ਕਰ ਸਕੇ)।੯੦।

ਤੇਰੀ ਕ੍ਰਿਪਾ ਨਾਲ। ਭੁੰਜਗ ਪ੍ਰਯਾਤ ਛੰਦ

(ਹੇ ਪ੍ਰਭੂ! ਤੇਰਾ ਕਿਸੇ ਨਾਲ ਨ ਤਾਂ ਵਿਸ਼ੇਸ਼) ਪ੍ਰੇਮ ਹੈ, ਨ ਤੇਰਾ ਕੋਈ ਰੰਗ ਹੈ, ਨ ਰੂਪ ਹੈ, ਨ ਰੇਖ ਹੈ, ਨ (ਕਿਸੇ ਨਾਲ ਕੋਈ ਵਿਸ਼ੇਸ਼) ਮੋਹ ਹੈ, ਨ ਕ੍ਰੋਧ ਹੈ, ਨ ਧ੍ਰੋਹ ਹੈ, ਨ ਦ੍ਵੈਸ਼ ਹੈ, ਨ (ਕੋਈ ਵਿਸ਼ੇਸ਼) ਕਰਮ ਹੈ, ਨ ਭਰਮ ਹੈ, ਨ ਜਨਮ ਹੈ, ਨ ਜਾਤਿ ਹੈ, ਨ (ਕੋਈ ਵਿਸ਼ੇਸ਼) ਮਿਤਰ ਹੈ, ਨ ਵੈਰੀ ਹੈ, ਨ ਪਿਉ ਹੈ ਅਤੇ ਨ ਮਾਤਾ ਹੈ।੯੧।

ਨ ਨੇਹੰ ਨ ਗੇਹੰ ਨ ਕਾਮੰ ਨ ਧਾਮੰ। ਨ ਪੁਤ੍ਰੰ ਨ ਮਿਤ੍ਰੰ ਨ ਸਤ੍ਰੰ ਨ ਭਾਮੰ।
ਅਲੇਖੰ ਅਭੇਖੰ ਅਜੋਨੀ ਸਰੂਪੰ। ਸਦਾ ਸਿਧਿਦਾ ਬੁਧਿਦਾ ਬ੍ਰਿਧਿ ਰੂਪੰ। ੨। ੯੨।
ਨਹੀ ਜਾਨ ਜਾਈ ਕਛੂ ਰੂਪ ਰੇਖੰ। ਕਹਾ ਬਾਸ ਤਾਕੋ ਫਿਰੈ ਕਉਨ ਭੇਖੰ।
ਕਹਾ ਨਾਮ ਤਾ ਕੋ ਕਹਾ ਕੈ ਕਹਾਵੈ। ਕਹਾ ਕੈ ਬਖਾਨੋ ਕਹੈ ਮੋ ਨ ਆਵੈ। ੩। ੯੩।

ਨ ਰੋਗੰ ਨ ਸੋਗੰ ਨ ਮੋਹੰ ਨ ਮਾਤੰ। ਨ ਕਰਮੰ ਨ ਭਰਮੰ ਨ ਜਨਮੰ ਨ ਜਾਤੰ।
ਅਦ੍ਵੈਖੰ ਅਭੇਖੰ ਅਜੋਨੀ ਸਰੂਪੇ। ਨਮੋ ਏਕ ਰੂਪੇ ਨਮੋ ਏਕ ਰੂਪੇ। ੪। ੯੪।
ਪਰੇਅੰ ਪਰਾ ਪਰਮ ਪ੍ਰਗਿਆ ਪ੍ਰਕਾਸੀ। ਅਛੇਦੰ ਅਛੈ ਆਦਿ ਅਦ੍ਵੈ ਅਬਿਨਾਸੀ।
ਨ ਜਾਤੰ ਨ ਪਾਤੰ ਨ ਰੂਪੰ ਨ ਰੰਗੇ। ਨਮੋ ਆਦਿ ਅਭੰਗੇ ਨਮੋ ਆਦਿ ਅਭੰਗੇ। ੫। ੯੫।

ਕਿਤੇ ਕ੍ਰਿਸਨ ਸੇ ਕੀਟ ਕੋਟੈ ਉਪਾਏ। ਉਸਾਰੇ ਗੜੇ ਫੇਰਿ ਮੇਟੇ ਬਨਾਏ।
ਅਗਾਧੇ ਅਭੈ ਆਦਿ ਅਦ੍ਵੈ ਅਬਿਨਾਸੀ। ਪਰੇਅੰ ਪਰਾ ਪਰਮ ਪੂਰਨ ਪ੍ਰਕਾਸੀ। ੬। ੯੬।

ਨ ਆਧੰ ਨ ਬਿਆਧੰ ਅਗਾਧੰ ਸਰੂਪੇ। ਅਖੰਡਿਤ ਪ੍ਰਤਾਪ ਆਦਿ ਅਛੇ ਬਿਭੂਤੇ।
ਨ ਜਨਮੰ ਨ ਮਰਨੰ ਨ ਬਰਨੰ ਨ ਬਿਆਧੇ। ਅਖੰਡੇ ਪ੍ਰਚੰਡੇ ਅਦੰਡੇ ਅਸਾਧੇ। ੭। ੯੭।

ਨ ਨੇਹੰ ਨ ਗੇਹੰ ਸਨੇਹੰ ਨ ਸਾਥੇ। ਉਦੰਡੇ ਅਮੰਡੇ ਪ੍ਰਚੰਡੇ ਪ੍ਰਮਾਥੇ।
ਨ ਜਾਤੇ ਨ ਪਾਤੇ ਨ ਸਤ੍ਰੇ ਨ ਮਿਤ੍ਰੇ। ਸੁ ਭੂਤੇ ਭਵਿਖੇ ਭਵਾਨੇ ਅਚਿਤ੍ਰੇ। ੮। ੯੮।

ਨ ਰਾਯੰ ਨ ਰੰਕੰ ਨ ਰੂਪੰ ਨ ਰੇਖੰ। ਨ ਲੋਭੰ ਨ ਅਛੋਭੰ ਅਭੂਤੰ ਅਭੇਖੰ।
ਨ ਸਤ੍ਰੰ ਨ ਮਿਤ੍ਰੰ ਨ ਨੇਹੰ ਨ ਗੇਹੰ। ਸਦੈਵੰ ਸਦਾ ਸਰਬ ਸਰਬਤ੍ਰ[੧] ਸਨੇਹੰ। ੯। ੯੯।
ਨ ਕਾਮੰ ਨ ਕ੍ਰੋਧੰ ਨ ਲੋਭੰ ਨ ਮੋਹੰ। ਅਜੋਨੀ ਅਛੈ ਆਦਿ ਅਦ੍ਵੈ ਅਜੋਹੰ।
ਨ ਜਨਮੰ ਨ ਮਰਨੰ ਨ ਬਰਨੰ ਨ ਬਿਆਧੰ। ਨ ਰੋਗੰ ਨ ਸੋਗੰ ਅਭੈ ਨਿਰਬਿਖਾਧੰ। ੧੦।੧੦੦।

---
੧. 'ਸਰਬਤ'

(ਤੇਰਾ ਕਿਸੇ ਨਾਲ ਕੋਈ ਵਿਸ਼ੇਸ਼) ਸਨੇਹ ਨਹੀਂ ਹੈ, ਨ ਘਰ ਹੈ, ਨ ਕਾਮਨਾ ਹੈ, ਨ ਠਿਕਾਣਾ ਹੈ, ਨ ਪੁੱਤਰ ਹੈ, ਨ ਮਿਤਰ ਹੈ, ਨ ਵੈਰੀ ਹੈ, ਨ ਇਸਤਰੀ। (ਤੁਸੀਂ) ਅਲੇਖ, ਅਭੇਖ, ਅਜੂਨੀ ਸਰੂਪ ਵਾਲੇ ਹੋ। ਸਦਾ ਸਿੱਧੀ ਦੇਣ ਵਾਲੇ, ਬੁੱਧੀ ਦੇਣ ਵਾਲੇ ਅਤੇ ਮਹਾਨ ਰੂਪ ਵਾਲੇ ਹੋ।੯੨। (ਉਸ ਪ੍ਰਭੂ ਦੀ) ਕੁਝ ਕੁ ਵੀ ਰੂਪ-ਰੇਖਾ ਨਹੀਂ ਜਾਣੀ ਜਾਂਦੀ, ਉਸ ਦਾ ਵਾਸਾ ਕਿਥੇ ਹੈ ਅਤੇ ਕਿਸ ਭੇਖ ਵਿਚ ਫਿਰਦਾ ਹੈ, ਉਸ ਦਾ ਕੀ ਨਾਂ ਹੈ ਅਤੇ ਕਿਥੋਂ ਦਾ ਕਿਹਾ ਜਾਂਦਾ ਹੈ, (ਉਸ ਬਾਰੇ) ਕੀ ਕਹਿ ਕੇ ਦਸਾਂ (ਕਿਉਂਕਿ ਉਹ) ਕਹਿਣੇ ਵਿਚ ਨਹੀਂ ਆਉਂਦਾ।੯੩।

(ਉਸ ਨੂੰ) ਨ ਰੋਗ ਹੈ, ਨ ਸੋਗ ਹੈ, ਨ ਮੋਹ ਹੈ, ਨ ਖ਼ੁਮਾਰ ('ਮਾਤੰ') ਹੈ, ਨ ਕਰਮ ਹੈ, ਨ ਭਰਮ ਹੈ, ਨ ਜਨਮ ਹੈ, ਨ ਜਾਤਿ ਹੈ, (ਉਹ) ਦ੍ਵੈਸ਼-ਰਹਿਤ, ਭੇਖ ਰਹਿਤ, ਅਤੇ ਅਜੂਨੀ ਸਰੂਪ ਵਾਲਾ ਹੈ, (ਉਸ) ਇਕ ਰੂਪ ਵਾਲੇ ਨੂੰ ਨਮਸਕਾਰ ਹੈ, ਇਕ ਰੂਪ ਵਾਲੇ ਨੂੰ ਨਮਸਕਾਰ ਹੈ।੯੪। (ਉਹ ਪਰਮ ਸੱਤਾ) ਪਰੇ ਤੋਂ ਪਰੇ ਹੈ, ਸ੍ਰੇਸ਼ਠ ਬੁੱਧੀ ('ਪ੍ਰਗਿਆ') ਨੂੰ ਪ੍ਰਕਾਸ਼ਿਤ ਕਰਨ ਵਾਲੀ ਹੈ, ਛੇਦਨ ਤੋਂ ਰਹਿਤ, ਨਾਸ਼ ਤੋਂ ਰਹਿਤ, ਮੁੱਢ ਕਦੀਮੀ, ਦ੍ਵੈਤ ਤੋਂ ਰਹਿਤ ਅਤੇ ਅਵਿਨਾਸ਼ੀ ਹੈ। (ਉਸ ਦੀ) ਨ ਜਾਤਿ ਹੈ, ਨ ਬਰਾਦਰੀ ਹੈ, ਨ ਰੂਪ ਹੈ ਅਤੇ ਨ ਹੀ ਰੰਗ, (ਉਸ) ਮੁੱਢ ਕਦੀਮੀ ਅਤੇ ਨਾਸ਼ ਤੋਂ ਰਹਿਤ ਨੂੰ ਨਮਸਕਾਰ ਹੈ।੯੫।

(ਉਸ ਨੇ) ਕ੍ਰਿਸ਼ਨ ਵਰਗੇ ਕਿਤਨੇ ਹੀ ਕਰੋੜਾਂ ਕੀੜੇ ਪੈਦਾ ਕੀਤੇ ਹਨ। (ਪਹਿਲਾਂ) ਉਸਾਰੇ, (ਫਿਰ ਧਰਤੀ ਵਿਚ) ਗਡ ਦਿੱਤੇ, ਫਿਰ ਬਣਾਏ ਅਤੇ ਮਿਟਾ ਦਿੱਤੇ। (ਉਹ ਪਰਮਾਤਮਾ) ਅਤਿ ਗੰਭੀਰ, ਭੈ-ਰਹਿਤ, ਆਦਿ, ਦ੍ਵੈਤ-ਰਹਿਤ ਅਵਿਨਾਸ਼ੀ ਹੈ। (ਉਹ) ਪਰੇ ਤੋਂ ਪਰੇ, ਪਰਮ ਸ੍ਰੇਸ਼ਠ ਅਤੇ ਪੂਰਨ ਪ੍ਰਕਾਸ਼ਮਈ ਹੈ।੯੬।

(ਉਸ ਪਰਮਾਤਮਾ ਨੂੰ) ਨ ਆਧਿ (ਮਾਨਸਿਕ ਬੀਮਾਰੀ) ਹੈ, ਨ ਬਿਆਧਿ (ਸ਼ਰੀਰਕ ਰੋਗ ਹੈ), (ਉਹ) ਅਤਿ ਗੰਭੀਰ (ਅਗਾਧ) ਰੂਪ ਵਾਲਾ ਹੈ, (ਉਹ) ਅਖੰਡ ਪ੍ਰਤਾਪ ਵਾਲਾ, ਆਦਿ ਸਰੂਪ ਅਤੇ ਨ ਨਸ਼ਟ ਹੋਣ ਵਾਲੀ ਸੰਪੱਤੀ (ਵਿਭੂਤੀ) ਵਾਲਾ ਹੈ। (ਉਸ ਦਾ) ਨ ਜਨਮ ਹੁੰਦਾ ਹੈ, ਨ ਮਰਨ ਹੁੰਦਾ ਹੈ, ਨ ਕੋਈ ਰੰਗ (ਵਰਨ) ਹੈ ਅਤੇ ਨ ਹੀ ਰੋਗ ਹੈ। (ਉਹ) ਅਖੰਡ, ਪ੍ਰਚੰਡ, ਅਦੰਡ (ਜਿਸ ਨੂੰ ਦੰਡ ਨ ਦਿੱਤਾ ਜਾ ਸਕੇ) ਅਤੇ ਅਸਾਧ ਹੈ।੯੭।

(ਉਸ ਨੂੰ) ਨ (ਕੋਈ ਵਿਸ਼ੇਸ਼) ਨੇਹ ਹੈ, ਨ (ਉਸ ਦਾ) ਕੋਈ ਘਰ, ਨ ਕੋਈ ਸਨੇਹੀ ਹੈ ਅਤੇ ਨ ਹੀ ਸਾਥੀ; (ਉਹ) ਨਿਡਰ, ਸਾਜ-ਸਜਾਵਟ ਤੋਂ ਪਰੇ, ਪ੍ਰਚੰਡ ਅਤੇ (ਵਿਰੋਧੀਆਂ ਦਾ) ਨਾਸ਼ ਕਰਨ ਵਾਲਾ ਹੈ। (ਉਸ ਦੀ) ਨ ਜਾਤਿ ਹੈ, ਨ ਬਰਾਦਰੀ, (ਉਸ ਦਾ) ਨ ਕੋਈ ਵੈਰੀ ਹੈ ਅਤੇ ਨ ਹੀ ਮਿਤਰ। (ਉਹ) ਭੂਤ, ਵਰਤਮਾਨ ਅਤੇ ਭਵਿਖ ਵਿਚ ਮੌਜੂਦ ਹੈ ਅਤੇ ਨਿਰਾਕਾਰ (ਅਚਿਤ੍ਰ) ਰੂਪ ਵਾਲਾ ਹੈ।੯੮।

(ਉਹ) ਨ ਰਾਜਾ ਹੈ, ਨ ਭਿਖਾਰੀ ਹੈ, (ਉਸ ਦਾ) ਨ ਕੋਈ ਰੂਪ ਹੈ ਨ ਰੇਖਾ। (ਉਸ ਨੂੰ) ਨ ਕੋਈ ਲੋਭ ਹੈ, ਨ ਦੁਖ ਹੈ, (ਉਹ) ਸ਼ਰੀਰ (ਭੂਤ) ਰਹਿਤ ਅਤੇ ਭੇਖ-ਰਹਿਤ ਹੈ। (ਉਸਦਾ) ਨ ਕੋਈ ਵੈਰੀ ਹੈ, ਨ ਮਿੱਤਰ, ਨ ਸਨੇਹ ਹੈ ਅਤੇ ਨ ਹੀ ਕੋਈ ਘਰ ਹੈ। (ਉਹ) ਸਦੀਵੀ, ਹਮੇਸ਼ਾ ਸਭ ਵਿਚ ਵਿਆਪਤ ਅਤੇ ਸਭ ਨਾਲ ਸਨੇਹ ਕਰਨ ਵਾਲਾ ਹੈ।੯੯। (ਉਸ ਨੂੰ) ਨ ਕੋਈ ਕਾਮਨਾ ਹੈ, ਨ ਕ੍ਰੋਧ ਹੈ, ਨ ਲੋਭ ਹੈ ਅਤੇ ਨ ਹੀ ਮੋਹ। (ਉਹ) ਅਜੂਨੀ, ਨਸ਼ਟ ਨ ਕੀਤੇ ਜਾ ਸਕਣ ਵਾਲਾ, ਮੁੱਢ ਕਦੀਮੀ, ਅਦ੍ਵੈਤ ਅਤੇ ਅਦਿਖ ਸਰੂਪ ਵਾਲਾ ਹੈ। (ਉਹ) ਨ ਜੰਮਦਾ ਹੈ ਨ ਮਰਦਾ ਹੈ, (ਉਸ ਦਾ) ਨ ਕੋਈ ਰੰਗ ਹੈ, ਨ ਹੀ ਕਲੰਕ ਹੈ, (ਉਸ ਨੂੰ) ਨ ਕੋਈ ਰੋਗ ਹੈ ਅਤੇ ਨ ਹੀ ਸੋਗ ਹੈ। (ਉਹ) ਅਭੈ ਅਤੇ ਵਾਦ-ਵਿਵਾਦ ਤੋਂ ਰਹਿਤ ਹੈ।੧੦੦।

ਅਛੇਦੰ ਅਭੇਦੰ ਅਕਰਮੰ ਅਕਾਲੰ।
ਅਖੰਡੰ ਅਭੰਡੰ ਪ੍ਰਚੰਡੰ ਅਪਾਲੰ।
ਨ ਤਾਤੰ ਨ ਮਾਤੰ ਨ ਜਾਤੰ ਨ ਕਾਯੰ।
ਨ ਨੇਹੰ ਨ ਗੇਹੰ ਨ ਭਰਮੰ ਨ ਭਾਯੰ। ੧੧। ੧੦੧।
ਨ ਰੂਪੰ ਨ ਭੂਪੰ ਨ ਕਾਯੰ ਨ ਕਰਮੰ।
ਨ ਤ੍ਰਾਸੰ ਨ ਪ੍ਰਾਸੰ ਨ ਭੇਦੰ ਨ ਭਰਮੰ।
ਸਦੈਵੰ ਸਦਾ ਸਿਧਿ ਬ੍ਰਿਧੰ ਸਰੂਪੇ।
ਨਮੋ ਏਕ ਰੂਪੇ ਨਮੋ ਏਕ ਰੂਪੇ। ੧੨। ੧੦੨।

ਨ੍ਰਿਉਕਤੰ ਪ੍ਰਭਾ ਆਦਿ ਅਨੁਕਤੰ ਪ੍ਰਤਾਪੇ।
ਅਜੁਗਤੰ ਅਛੈ ਆਦਿ ਅਵਿਕਤੰ ਅਥਾਪੇ।
ਬਿਭੁਗਤੰ ਅਛੈ ਆਦਿ ਅਛੈ ਸਰੂਪੇ।
ਨਮੋ ਏਕ ਰੂਪੇ ਨਮੋ ਏਕ ਰੂਪੇ। ੧੩। ੧੦੩।
ਨ ਨੇਹੰ ਨ ਗੇਹੰ ਨ ਸੋਕੰ ਨ ਸਾਕੰ।
ਪਰੇਅੰ ਪਵਿਤ੍ਰੰ ਪੁਨੀਤੰ ਅਤਾਕੰ।
ਨ ਜਾਤੰ ਨ ਪਾਤੰ ਨ ਮਿਤ੍ਰੰ ਨ ਮੰਤ੍ਰੇ।
ਨਮੋ ਏਕ ਤੰਤ੍ਰੇ[੧] ਨਮੋ ਏਕ ਤੰਤ੍ਰੇ। ੧੪। ੧੦੪।

ਨ ਧਰਮੰ ਨ ਭਰਮੰ ਨ ਸਰਮੰ ਨ ਸਾਕੇ।
ਨ ਬਰਮੰ ਨ ਚਰਮੰ ਨ ਕਰਮੰ ਨ ਬਾਕੇ।
ਨ ਸਤ੍ਰੰ ਨ ਮਿਤ੍ਰੰ ਨ ਪੁਤ੍ਰੰ ਸਰੂਪੇ।
ਨਮੋ ਆਦਿ ਰੂਪੇ ਨਮੋ ਆਦਿ ਰੂਪੇ। ੧੫। ੧੦੫।
ਕਹੂੰ ਕੰਜ ਕੇ ਮੰਜ ਕੇ ਭਰਮਿ ਭੂਲੇ।
ਕਹੂੰ ਰੰਕ ਕੇ ਰਾਜ ਕੇ ਧਰਮ ਅਲੂਲੇ।
ਕਹੂੰ ਦੇਸ ਕੇ ਭੇਸ ਕੇ ਧਰਮ ਧਾਮੇ।
ਕਹੂੰ ਰਾਜ ਕੇ ਸਾਜ ਕੇ ਬਾਜ ਤਾਮੇ। ੧੬। ੧੦੬।

ਕਹੂੰ ਅਛ੍ਰ ਕੇ ਪਛ੍ਰ ਕੇ ਸਿਧ ਸਾਧੇ।
ਕਹੂੰ ਸਿਧ ਕੇ ਬੁਧਿ ਕੇ ਬ੍ਰਿਧ ਲਾਧੇ।
ਕਹੂੰ ਅੰਗ ਕੇ ਰੰਗ ਕੇ ਸੰਗਿ ਦੇਖੇ।
ਕਹੂੰ ਜੰਗ ਕੇ ਰੰਗ ਕੇ ਰੰਗ ਪੇਖੇ। ੧੭। ੧੦੭।
ਕਹੂੰ ਧਰਮ ਕੇ ਕਰਮ ਕੇ ਹਰਮ ਜਾਨੇ।
ਕਹੂੰ ਧਰਮ ਕੇ ਕਰਮ ਕੇ ਭਰਮ ਮਾਨੇ।
ਕਹੂੰ ਚਾਰੁ ਚੇਸਟਾ ਕਹੂੰ ਚਿਤ੍ਰ ਰੂਪੰ।
ਕਹੂੰ ਪਰਮ ਪ੍ਰਗ੍ਯਾ ਕਹੂੰ ਸਰਬ ਭੂਪੰ। ੧੮। ੧੦੮।

੧. 'ਤੰਤੇ'

(ਉਹ) ਅਛੇਦ, ਅਭੇਦ, ਨਿਸ਼ਕਰਮਾ ਅਤੇ ਕਾਲ-ਰਹਿਤ ਹੈ; ਅਖੰਡ, ਅਭੰਡ (ਭੰਡੇ ਜਾਣ ਤੋਂ ਉੱਚਾ), ਪ੍ਰਚੰਡ ਅਤੇ ਅਪਾਲ (ਬਿਨਾ ਕਿਸੇ ਦੁਆਰਾ ਪਾਲੇ ਜਾਣ ਵਾਲਾ) ਹੈ। (ਉਸ ਦਾ) ਨ ਕੋਈ ਪਿਤਾ ਹੈ, ਨ ਮਾਤਾ, ਨ ਜਨਮ ਹੈ ਅਤੇ ਨ ਹੀ ਦੇਹੀ। (ਉਸ ਦਾ) ਨ ਕਿਸੇ ਨਾਲ (ਕੋਈ ਵਿਸ਼ੇਸ਼) ਸਨੇਹ ਹੈ, ਨ ਕੋਈ ਘਰ ਹੈ, ਨ ਕੋਈ ਭਰਮ ਹੈ ਅਤੇ ਨ ਹੀ ਭਾਵਨਾ ਹੈ।੧੦੧। (ਉਸ ਦਾ) ਨ ਕੋਈ ਰੂਪ ਹੈ, ਨ ਹੀ (ਉਸ ਉਪਰ ਕੋਈ) ਰਾਜਾ ਹੈ, ਨ ਕੋਈ ਕਾਇਆ ਹੈ ਅਤੇ ਨ ਹੀ ਕਰਮ। (ਉਸ ਨੂੰ) ਨ ਕੋਈ ਡਰ ਹੈ, ਨ ਝਗੜਾ ਜਾਂ ਬਖੇੜਾ ਹੈ, ਨ ਕੋਈ ਭੇਦ ਹੈ ਅਤੇ ਨ ਹੀ ਭਰਮ। (ਉਹ) ਨਿੱਤ ਹੈ, ਸਦਾ-ਸਿੱਧ ਹੈ ਅਤੇ ਬਿਰਧ ਰੂਪ ਵਾਲਾ ਹੈ। (ਉਸ) ਇਕ ਰੂਪ ਵਾਲੇ ਨੂੰ ਨਮਸਕਾਰ ਹੈ, (ਉਸ) ਇਕ ਰੂਪ ਵਾਲੇ ਨੂੰ ਨਮਸਕਾਰ ਹੈ।੧੦੨।

(ਹੇ ਪ੍ਰਭੂ! ਤੂੰ) ਨ ਕਹੀ ਜਾ ਸਕਣ ਵਾਲੀ ਪ੍ਰਭਾ ਦਾ ਸੁਆਮੀ ਹੈ, ਆਦਿ ਕਾਲ ਤੋਂ ਹੀ ਨ ਕਥਨ ਕੀਤੇ ਜਾ ਸਕਣ ਵਾਲੇ ਪ੍ਰਤਾਪ ਵਾਲਾ ਹੈਂ, (ਤੂੰ ਕਿਸੇ ਹੋਰ ਦੇ ਧਿਆਨ ਨਾਲ) ਸੰਯੁਕਤ ਨਹੀਂ, (ਤੂੰ) ਨ ਛੇਦੇ ਜਾ ਸਕਣ ਵਾਲਾ, ਮੁੱਢ ਕਦੀਮੀ, ਵਿਕਾਰ-ਰਹਿਤ ਅਤੇ ਥਾਪਿਆ ਨ ਜਾ ਸਕਣ ਵਾਲਾ ਹੈਂ। ਨ ਭੋਗੇ ਜਾ ਸਕਣ ਵਾਲੇ, ਨਾਸ਼ ਨ ਹੋ ਸਕਣ ਵਾਲੇ, ਮੁੱਢ ਕਦੀਮੀ, ਵਿਨਾਸ਼ ਤੋਂ ਉਪਰ ਸਰੂਪ ਵਾਲੇ, ਇਕ ਰੂਪ ਵਾਲੇ (ਤੈਨੂੰ) ਨਮਸਕਾਰ ਹੈ, ਇਕ ਰੂਪ ਵਾਲੇ (ਤੈਨੂੰ) ਨਮਸਕਾਰ ਹੈ।੧੦੩। (ਹੇ ਪ੍ਰਭੂ! ਤੇਰਾ) ਨ ਕਿਸੇ ਨਾਲ ਸਨੇਹ ਹੈ, ਨ ਘਰ ਹੈ, ਨ ਸੋਗ ਹੈ ਅਤੇ ਨ ਹੀ ਸਾਕ, (ਤੂੰ) ਪਰੇ ਤੋਂ ਪਰੇ, ਪਵਿਤਰ, ਪਾਵਨ ਅਤੇ ਸੁਤੰਤਰ (ਅਤਾਕ) ਹੈਂ। (ਤੇਰੀ) ਨ ਕੋਈ ਜਾਤਿ ਹੈ, ਨ ਬਰਾਦਰੀ ਹੈ, ਨ ਮਿਤਰ ਹੈ ਅਤੇ ਨ ਹੀ ਸਲਾਹਕਾਰ (ਮੰਤ੍ਰੀ) ਹੈ। (ਹੇ) ਇਕ-ਤੰਤ੍ਰ ਰਾਜ ਵਾਲੇ! (ਤੈਨੂੰ) ਨਮਸਕਾਰ ਹੈ, ਨਮਸਕਾਰ ਹੈ।੧੦੪।

(ਹੇ ਪ੍ਰਭੂ! ਤੇਰਾ) ਨ ਧਰਮ ਹੈ, ਨ ਭਰਮ ਹੈ, ਨ ਸਾਧਨਾ ਹੈ ਅਤੇ ਨ ਹੀ ਸਾਕ-ਸੰਬੰਧ ਹੈ। (ਤੇਰਾ) ਨ ਕੋਈ ਕਵਚ ('ਬਰਮੰ') ਹੈ, ਨ ਢਾਲ ('ਚਰਮੰ') ਹੈ, ਨ ਕਰਮ ਹੈ ਅਤੇ ਨ ਹੀ ਡਰ (ਬਾਕ-ਫ਼ਾਰਸੀ ਸ਼ਬਦ) ਹੈ। (ਤੇਰਾ) ਨ ਕੋਈ ਵੈਰੀ, ਹੈ, ਨ ਮਿਤਰ ਹੈ, ਨ ਪੁੱਤਰ ਹੈ, (ਤੂੰ ਅਜਿਹੇ) ਸਰੂਪ ਵਾਲਾ ਹੈਂ। ਹੇ ਆਦਿ ਸਰੂਪ! (ਤੈਨੂੰ) ਨਮਸਕਾਰ ਹੈ, ਨਮਸਕਾਰ ਹੈ।੧੦੫। (ਹੇ ਪ੍ਰਭੂ! ਤੂੰ) ਕਿਤੇ ਕਮਲ ('ਕੰਜ') ਦੀ ਸੁਗੰਧੀ ('ਮੰਜ') ਦੇ ਭਰਮ ਵਿਚ ਭੁਲੇ (ਭੌਰੇ ਵਾਂਗ ਮੁੰਡਰਾ ਰਿਹਾ ਹੈਂ), ਕਿਤੇ (ਤੂੰ) ਭਿਖਾਰੀ ਦੇ ਸੁਭਾ ਵਿਚ ਅਤੇ ਕਿਤੇ (ਤੂੰ) ਰਾਜੇ ਦੇ ਸੁਭਾ ਵਿਚ ਸਥਿਰ ਹੈਂ। (ਤੂੰ) ਕਿਸੇ ਦੇਸ ਦੇ ਭੇਸ ਅਤੇ ਧਰਮ ਦਾ ਠਿਕਾਣਾ (ਅਰਥਾਤ ਘਰ) ਹੈਂ। ਕਿਤੇ (ਤੂੰ) ਰਾਜ ਦੀ ਸਾਜ-ਸਜਾਵਟ ਹੈਂ ਅਤੇ ਕਿਤੇ (ਉਸ ਰਾਜ ਦੇ) ਬਾਜ਼ ਦਾ ਖਾਧ-ਪਦਾਰਥ (ਮਾਸ ਦਾ ਟੁਕੜਾ) ਹੈਂ।੧੦੬।

ਕਿਤੇ (ਤੂੰ) ਅੱਖਰਾਂ ਦੇ ਉਪਸਰਗਾਂ (ਪ੍ਰਤ੍ਯਯਾਂ) ਦੁਆਰਾ ਸਿੱਧ ਕੀਤਾ ਹੋਇਆ ਹੈਂ ਅਤੇ ਕਿਤੇ (ਤੂੰ) ਸਿੱਧ ਪੁਰਸ਼ ਹੈਂ ਅਤੇ ਕਿਤੇ ਬੁੱਧੀ ਨੂੰ ਪ੍ਰਾਪਤ ਕਰਨ ਵਾਲਾ ਵੱਡਾ ਬੁੱਧੀਮਾਨ ਹੈਂ। ਕਿਤੇ (ਤੂੰ) ਇਸਤਰੀ ਦੇ ਸੰਯੋਗ ਦੀ ਮੌਜ ਵਿਚ ਦਿਸਦਾ ਹੈਂ ਅਤੇ ਕਿਤੇ ਯੁੱਧ ਦੇ ਉਤਸਾਹ ਦੀ ਮਸਤੀ ਵਿਚ ਵਿਖਾਈ ਦਿੰਦਾ ਹੈਂ।੧੦੭। ਕਿਤੇ (ਤੁਸੀਂ) ਧਰਮ-ਕਰਮ ਦੇ ਨਿਵਾਸ-ਸਥਾਨ ਹੋ, ਕਿਤੇ (ਤੁਸੀਂ) ਧਰਮ-ਕਰਮ ਨੂੰ ਭਰਮ ਮੰਨਣ ਵਾਲੇ ਹੋ। ਕਿਤੇ (ਤੁਸੀਂ) ਸੁੰਦਰ ਚੇਸ਼ਟਾ (ਕਰਦੇ ਹੋ ਅਤੇ) ਕਿਤੇ ਚਿਤਰ ਵਰਗੇ ਹੋ। ਕਿਤੇ (ਤੁਸੀਂ) ਸ੍ਰੇਸ਼ਠ ਬੁੱਧੀ ਵਾਲੇ ਹੋ ਅਤੇ ਕਿਤੇ ਸਾਰਿਆਂ ਦੇ ਰਾਜੇ ਹੋ।੧੦੮।

ਕਹੂੰ ਨੇਹ ਗ੍ਰੇਹੰ[1] ਕਹੂੰ ਦੇਹ ਦੋਖੰ। ਕਹੂੰ ਅਉਖਦੀ ਰੋਗ ਕੇ ਸੋਕ ਸੋਖੰ।
ਕਹੂੰ ਦੇਵ ਬਿਦ੍ਯਾ ਕਹੂੰ ਦੈਤ ਬਾਨੀ। ਕਹੂੰ ਜਛ ਗੰਧ੍ਰਬ ਕਿੰਨਰ ਕਹਾਨੀ। ੧੯। ੧੦੯।
ਕਹੂੰ ਰਾਜਸੀ ਸਾਤਕੀ ਤਾਮਸੀ ਹੋ। ਕਹੂੰ ਜੋਗ ਬਿਦ੍ਯਾ ਧਰੇ ਤਾਪਸੀ ਹੋ।
ਕਹੂੰ ਰੋਗ ਹਰਤਾ ਕਹੂੰ ਜੋਗ ਜੁਗਤੰ। ਕਹੂੰ ਭੂਮਿ ਕੀ ਭੁਗਤ ਮੈ ਭਰਮ ਭੁਗਤੰ। ੨੦। ੧੧੦।

ਕਹੂੰ ਦੇਵ ਕੰਨਿਆ ਕਹੂੰ ਦਾਨਵੀ ਹੋ। ਕਹੂੰ ਜਛ ਬਿਦਿਆ ਧਰੇ ਮਾਨਵੀ ਹੋ।
ਕਹੂੰ ਰਾਜਸੀ ਹੋ ਕਹੂੰ ਰਾਜ ਕੰਨਿਆ। ਕਹੂੰ ਸ੍ਰਿਸਟਿ ਕੀ ਪ੍ਰਿਸਟ ਕੀ ਰਿਸਟ ਪੰਨਿਆ। ੨੧। ੧੧੧।
ਕਹੂੰ ਬੇਦ ਬਿਦ੍ਯਾ ਕਹੂੰ ਬਿਓਮ ਬਾਨੀ। ਕਹੂੰ ਕੋਕ ਕੀ ਕਾਬਿ ਕਥੈ ਕਹਾਨੀ।
ਕਹੂੰ ਅਦ੍ਰ ਸਾਰੰ ਕਹੂੰ ਭਦ੍ਰ ਰੂਪੰ। ਕਹੂੰ ਮਦ੍ਰ ਬਾਨੀ ਕਹੂੰ ਛ੍ਰਦ੍ਰ[2] ਸਰੂਪੰ। ੨੨। ੧੧੨।
ਕਹੂੰ ਬੇਦ ਬਿਦਿਆ ਕਹੂੰ ਕਾਬਿ ਰੂਪੰ। ਕਹੂੰ ਚੇਸਟਾ ਚਾਰ ਚਿਤ੍ਰੰ ਸਰੂਪੰ।
ਕਹੂੰ ਪਰਮ ਪੁਰਾਨ ਕੋ ਪਾਰ ਪਾਵੈ। ਕਹੂੰ ਬੈਠਿ ਕੁਰਾਨ ਕੇ ਗੀਤ ਗਾਵੈ। ੨੩। ੧੧੩।

ਕਹੂੰ ਸੁਧ ਸੇਖੰ ਕਹੂੰ ਬ੍ਰਹਮ ਧਰਮੰ। ਕਹੂੰ ਬ੍ਰਿਧ ਅਵਸਥਾ ਕਹੂੰ ਬਾਲ ਕਰਮੰ[3]।
ਕਹੂੰ ਜੁਆ[4] ਸਰੂਪੰ ਜਰਾ ਰਹਤ ਦੇਹੰ। ਕਹੂੰ ਨੇਹ ਦੇਹੰ ਕਹੂੰ ਤਿਆਗ ਗ੍ਰੇਹੰ[5]। ੨੪। ੧੧੪।
ਕਹੂੰ ਜੋਗ ਭੋਗੰ ਕਹੂੰ ਰੋਗ ਰਾਗੰ। ਕਹੂੰ ਰੋਗ ਹਰਤਾ ਕਹੂੰ ਭੋਗ ਤਿਆਗੰ।
ਕਹੂੰ ਰਾਜ ਸਾਜੰ ਕਹੂੰ ਰਾਜ ਰੀਤੰ। ਕਹੂੰ ਪੂਰਣ ਪ੍ਰਗਿਆ ਕਹੂੰ ਪਰਮ ਪ੍ਰੀਤੰ। ੨੫। ੧੧੫।

ਕਹੂੰ ਆਰਬੀ ਤੋਰਕੀ ਪਾਰਸੀ ਹੋ। ਕਹੂੰ ਪਹਲਵੀ ਪਸਤਵੀ ਸੰਸਕ੍ਰਿਤੀ ਹੋ।
ਕਹੂੰ ਦੇਸ ਭਾਖਿਆ ਕਹੂੰ ਦੇਵ ਬਾਨੀ। ਕਹੂੰ ਰਾਜ ਬਿਦਿਆ ਕਹੂੰ ਰਾਜਧਾਨੀ। ੨੬। ੧੧੬।
ਕਹੂੰ ਮੰਤ੍ਰ ਬਿਦਿਆ ਕਹੂੰ ਤੰਤ੍ਰ ਸਾਰੰ। ਕਹੂੰ ਜੰਤ੍ਰ ਰੀਤੰ ਕਹੂੰ ਸਸਤ੍ਰ ਧਾਰੰ।
ਕਹੂੰ ਹੋਮ ਪੂਜਾ ਕਹੂੰ ਦੇਵ ਅਰਚਾ। ਕਹੂੰ ਪਿੰਗੁਲਾ ਚਾਰਣੀ ਗੀਤ ਚਰਚਾ। ੨੭। ੧੧੭।

ਕਹੂੰ ਬੀਨ ਬਿਦਿਆ ਕਹੂੰ ਗਾਨ ਗੀਤੰ। ਕਹੂੰ ਮਲੇਛ ਭਾਖਿਆ ਕਹੂੰ ਬੇਦ ਰੀਤੰ।
ਕਹੂੰ ਨ੍ਰਿਤ ਬਿਦਿਆ ਕਹੂੰ ਨਾਗ ਬਾਨੀ। ਕਹੂੰ ਗਾਰੜੂ ਗੂੜ ਕਥੇ ਕਹਾਨੀ। ੨੮। ੧੧੮।

---

੧. 'ਗੇਹੰ' ੨. 'ਛਿਦ੍ਰ' ੩. 'ਧਰਮੰ' ੪. 'ਜੁਆਨ' ੫. 'ਗੇਹੰ'

ਕਿਤੇ (ਤੁਸੀਂ) ਪ੍ਰੇਮ ਨੂੰ ਗ੍ਰਹਿਣ ਕਰਨ ਵਾਲੇ ਹੋ, ਕਿਤੇ ਤੁਸੀਂ ਦੇਹੀ ਦੇ ਰੋਗ ਹੋ। ਕਿਤੇ ਔਸ਼ਧੀ ਹੋ ਕੇ ਰੋਗ ਦੇ ਦੁਖ ਨੂੰ ਨਸ਼ਟ (ਸੋਖੰ) ਕਰਦੇ ਹੋ। ਕਿਤੇ (ਤੁਸੀਂ) ਦੇਵਤਿਆਂ ਦੀ ਵਿਦਿਆ ਹੋ ਅਤੇ ਕਿਤੇ ਦੈਂਤਾਂ ਦੇ ਬੋਲ ਹੋ। ਕਿਤੇ (ਤੁਸੀਂ) ਯਕਸ਼, ਗੰਧਰਬ, ਕਿੰਨਰ ਆਦਿ ਦੇਵਤਿਆਂ ਦੇ ਬ੍ਰਿੱਤਾਂਤ ਹੋ।੧੦੯। ਕਿਤੇ (ਤੁਸੀਂ) ਰਜੋ ਗੁਣੀ, ਕਿਤੇ ਸਤੋ ਗੁਣੀ ਅਤੇ ਕਿਤੇ ਤਮੋ ਗੁਣੀ ਹੋ। ਕਿਤੇ (ਤੁਸੀਂ) ਯੋਗ ਵਿਦਿਆ ਨੂੰ ਧਾਰਨ ਕਰਨ ਵਾਲੇ ਤਪਸਵੀ ਹੋ। ਕਿਤੇ (ਤੁਸੀਂ) ਰੋਗ-ਰਹਿਤ ਹੋ ਅਤੇ ਕਿਤੇ ਜੋਗ ਨਾਲ ਜੁੜੇ ਹੋਏ ਹੋ। ਕਿਤੇ ਤੁਸੀਂ ਭੂਮੀ ਦੀਆਂ ਭੋਗਣਯੋਗ ਵਸਤੂਆਂ ਨੂੰ ਭੋਗਣ ਦੇ ਭਰਮ ਵਿਚ ਲਿਪਤ (ਦਿਸਦੇ ਹੋ)।੧੧੦।

ਕਿਤੇ (ਤੁਸੀਂ) ਦੇਵ-ਪੁੱਤਰੀ ਹੋ ਅਤੇ ਕਿਤੇ ਦੈਂਤ-ਪੁੱਤਰੀ ਹੋ। ਕਿਤੇ (ਤੁਸੀਂ) ਯਕਸ਼ ਦੀ ਪੁੱਤਰੀ ਹੋ ਅਤੇ ਕਿਤੇ ਵਿਦਿਆ-ਧਾਰੀ ਮਨੁੱਖ ਪੁੱਤਰੀ ਹੋ। ਕਿਤੇ (ਤੁਸੀਂ) ਪਟ-ਰਾਣੀ ਹੋ ਅਤੇ ਕਿਤੇ ਰਾਜ-ਕੰਨਿਆ ਹੋ, ਕਿਤੇ (ਤੁਸੀਂ) ਸ੍ਰਿਸ਼ਟੀ ਦੇ ਥਲੇ ਪਾਤਾਲ ਦੀ ਉਤਮ ਪਨੰਗ ਪੁੱਤਰੀ (ਪੰਨਿਆ-ਨਾਗ ਪੁੱਤਰੀ) ਹੋ।੧੧੧। ਕਿਤੇ (ਤੁਸੀਂ) ਵੇਦ-ਵਿਦਿਆ ਹੋ, ਕਿਤੇ ਆਕਾਸ਼-ਬਾਣੀ ਹੋ, ਕਿਤੇ ਕੋਕ ਸ਼ਾਸਤ੍ਰ ਦੀ ਕਾਵਿ-ਕਥਾ ਹੋ। ਕਿਤੇ (ਤੁਸੀਂ) ਲੋਹਾ ਹੋ ਅਤੇ ਕਿਤੇ ਸੋਨਾ। ਕਿਤੇ (ਤੁਸੀਂ) ਮੰਗਲਮਈ ਬੋਲ ਹੋ ਅਤੇ ਕਿਤੇ ਘਟੀਆ ਕਿਸਮ ਦੇ ਸ਼ਬਦ ਹੋ।੧੧੨। ਕਿਤੇ (ਤੁਸੀਂ) ਵੇਦ-ਵਿਦਿਆ ਹੋ, ਕਿਤੇ ਕਾਵਿ ਰੂਪ ਹੋ। ਕਿਤੇ (ਤੁਸੀਂ) ਸੁੰਦਰ ਚੇਸ਼ਟਾ ਕਰਨ ਵਾਲੇ ਸਾਕਾਰ ਰੂਪ ਹੋ। ਕਿਤੇ (ਤੁਸੀਂ) ਸ੍ਰੇਸ਼ਠ ਪੁਰਾਣਾਂ (ਦੇ ਸਿੱਧਾਂਤਾਂ) ਦੇ ਭੇਦ ਨੂੰ ਪਾਣ ਵਾਲੇ ਹੋ ਅਤੇ ਕਿਤੇ ਬੈਠ ਕੇ ਕੁਰਾਨ ਦੀਆਂ ਆਇਤਾਂ ਪੜ੍ਹਦੇ ਹੋ।੧੧੩।

ਕਿਤੇ (ਤੁਸੀਂ) ਪੱਕੇ ਸ਼ੇਖ ਹੋ ਅਤੇ ਕਿਤੇ ਬ੍ਰਾਹਮਣ ਦੇ ਧਰਮ ਦੀ ਪਾਲਨਾ ਕਰਨ ਵਾਲੇ ਹੋ। ਕਿਤੇ (ਤੁਸੀਂ) ਬਿਰਧ ਅਵਸਥਾ ਵਾਲੇ ਹੋ ਅਤੇ ਕਿਤੇ ਬਾਲਾਂ ਵਾਲੀ ਚੇਸ਼ਟਾ ਕਰਨ ਵਾਲੇ ਹੋ। ਕਿਤੇ (ਤੁਸੀਂ) ਜਵਾਨ ਰੂਪ ਵਾਲੇ ਹੋ ਅਤੇ ਕਿਤੇ ਬੁਢਾਪੇ ਤੋਂ ਰਹਿਤ ਸ਼ਰੀਰ ਵਾਲੇ ਹੋ। ਕਿਤੇ ਦੇਹ ਨੂੰ ਪਿਆਰ ਕਰਨ ਵਾਲੇ ਹੋ ਅਤੇ ਕਿਤੇ ਘਰ ਨੂੰ ਤਿਆਗਣ ਵਾਲੇ ਹੋ।੧੧੪। ਕਿਤੇ ਜੋਗ ਨੂੰ ਭੋਗਦੇ ਹੋ (ਅਰਥਾਤ ਜੋਗ-ਸਾਧਨਾ ਰਾਹੀਂ ਸ਼ਰੀਰ ਨੂੰ ਨਿਰੋਗ ਰਖਦੇ ਹੋ) ਅਤੇ ਕਿਤੇ ਰੋਗ ਨਾਲ ਨਿਘ ਰਖਦੇ ਹੋ। ਕਿਤੇ ਰੋਗ ਹਰਨ ਵਾਲੇ ਹੋ ਅਤੇ ਕਿਤੇ ਭੋਗਾਂ ਦਾ ਤਿਆਗ ਕਰਨ ਵਾਲੇ ਹੋ। ਕਿਤੇ (ਤੁਸੀਂ) ਰਾਜਸੀ ਠਾਠ ਵਾਲੇ ਹੋ ਅਤੇ ਕਿਤੇ ਰਾਜ ਦੇ ਐਸ਼ਵਰਜ ਤੋਂ ਸਖਣੇ ਹੋ। ਕਿਤੇ (ਤੁਸੀਂ) ਪੂਰੀ ਬੁੱਧੀਮਾਨਤਾ ਵਾਲੇ ਹੋ ਅਤੇ ਕਿਤੇ ਉਤਮ ਪ੍ਰੇਮ ਕਰਨ ਵਾਲੇ ਹੋ।੧੧੫।

ਕਿਤੇ (ਤੁਸੀਂ) ਅਰਬੀ (ਭਾਸ਼ਾ) ਹੋ, ਕਿਤੇ ਤੁਰਕੀ ਅਤੇ ਕਿਤੇ ਪਾਰਸੀ ਹੋ। ਕਿਤੇ ਤੁਸੀਂ ਪਹਿਲਵੀ ਹੋ। ਕਿਤੇ ਪਸਤੋ ਹੋ ਅਤੇ ਕਿਤੇ ਸੰਸਕ੍ਰਿਤ ਹੋ। ਕਿਤੇ ਤੁਸੀਂ ਜਨਸਾਧਾਰਣ ਦੀ ਭਾਸ਼ਾ ਹੋ ਅਤੇ ਕਿਤੇ ਦੇਵ-ਬੋਲੀ ਹੋ। ਕਿਤੇ (ਤੁਸੀਂ) ਰਾਜ ਦੀ ਵਿਦਿਆ ਹੋ ਅਤੇ ਕਿਤੇ (ਖੁਦ ਹੀ) ਰਾਜਧਾਨੀ ਹੋ।੧੧੬। ਕਿਤੇ (ਤੁਸੀਂ) ਮੰਤ੍ਰ-ਵਿਦਿਆ ਹੋ ਅਤੇ ਕਿਤੇ ਤੰਤ੍ਰਾਂ ਦਾ ਸਾਰ ਹੋ। ਕਿਤੇ ਯੰਤ੍ਰਾਂ ਦਾ ਗਿਆਨ ਕਰਾਉਣ ਵਾਲੀ ਵਿਦਿਆ ਹੋ ਅਤੇ ਕਿਤੇ ਧਨੁਰ (ਤੀਰ-ਕਮਾਨ) ਵਿਦਿਆ ਨੂੰ ਧਾਰਨ ਕਰਨ ਵਾਲੇ ਹੋ। ਕਿਤੇ (ਤੁਸੀਂ) ਹੋਮ ਅਤੇ ਪੂਜਾ (ਦੀ ਵਿਦਿਆ ਹੋ ਅਤੇ ਕਿਤੇ) ਦੇਵਤਿਆਂ ਦੇ ਪੂਜਣ (ਦੀ ਵਿਦਿਆ ਹੋ)। ਕਿਤੇ (ਤੁਸੀਂ) ਛੰਦ-ਸ਼ਾਸਤ੍ਰ ਹੋ ਅਤੇ ਕਿਤੇ ਸੰਗੀਤ ਦੀ ਚਰਚਾ ਕਰਨ ਵਾਲੇ ਹੋ।੧੧੭।

ਕਿਤੇ (ਤੁਸੀਂ) ਵੀਣਾ ਵਜਾਉਣ ਦੀ ਵਿਦਿਆ ਹੋ ਅਤੇ ਕਿਤੇ ਸੰਗੀਤ ਦੀ ਵਿਦਿਆ ਹੋ। ਕਿਤੇ (ਤੁਸੀਂ) ਮੁਸਲਮਾਨੀ ਦੇਸਾਂ ਦੀ ਭਾਸ਼ਾ ਹੋ ਅਤੇ ਕਿਤੇ (ਤੁਸੀਂ) ਵੇਦ ਦੀ ਮਰਯਾਦਾ (ਨੂੰ ਕਾਇਮ ਕਰਨ ਵਾਲੀ ਭਾਸ਼ਾ ਹੋ)। ਕਿਤੇ (ਤੁਸੀਂ) ਨਾਚ-ਵਿਦਿਆ ਹੋ ਅਤੇ ਕਿਤੇ ਨਾਗ-ਵੰਸ਼ ਦੀ ਬੋਲੀ ਹੋ। ਕਿਤੇ (ਤੁਸੀਂ) ਸੱਪ ਦੀ ਜ਼ਹਿਰ ਨੂੰ ਦੂਰ ਕਰਨ ਵਾਲੀ ਮੰਤ੍ਰ-ਵਿਦਿਆ ਹੋ।੧੧੮।

ਕਹੂੰ ਅਛਰਾ ਪਛਰਾ ਮਛਰਾ ਹੋ।
ਕਹੂੰ ਬੀਰ ਬਿਦਿਆ ਅਭੂਤੰ ਪ੍ਰਭਾ ਹੋ।
ਕਹੂੰ ਛੈਲ ਛਾਲਾ ਧਰੇ ਛਤ੍ਰਧਾਰੀ।
ਕਹੂੰ ਰਾਜ ਸਾਜੰ ਧਿਰਾਜਾਧਿਕਾਰੀ। ੨੯। ੧੧੯।
ਨਮੋ ਨਾਥ ਪੂਰੇ ਸਦਾ ਸਿਧ ਦਾਤਾ।
ਅਛੇਦੀ ਅਛੈ ਆਦਿ ਅਦ੍ਵੈ ਬਿਧਾਤਾ।
ਨ ਤ੍ਰਸਤੰ ਨ ਗ੍ਰਸਤੰ ਸਮਸਤੰ ਸਰੂਪੇ।
ਨਮਸਤੰ ਨਮਸਤੰ ਤੁਅਸਤੰ ਅਭੂਤੇ। ੩੦। ੧੨੦।

ਤ੍ਵਪ੍ਰਸਾਦਿ। ਪਾਧੜੀ ਛੰਦ

ਅਬ੍ਯਕਤ ਤੇਜ ਅਨਭਉ ਪ੍ਰਕਾਸ। ਅਛੈ ਸਰੂਪ ਅਦ੍ਵੈ ਅਨਾਸ।
ਅਨਤੁਟ ਤੇਜ ਅਨਖੁਟ ਭੰਡਾਰ। ਦਾਤਾ ਦੁਰੰਤ ਸਰਬੰ ਪ੍ਰਕਾਰ। ੧। ੧੨੧।
ਅਨਭੂਤ ਤੇਜ ਅਨਛਿਜ ਗਾਤ। ਕਰਤਾ ਸਦੀਵ ਹਰਤਾ ਸਨਾਤ।
ਆਸਨ ਅਡੋਲ ਅਨਭੂਤ ਕਰਮ। ਦਾਤਾ ਦਇਆਲ ਅਨਭੂਤ ਧਰਮ। ੨। ੧੨੨।

ਜਿਹ ਸਤ੍ਰ ਮਿਤ੍ਰ ਨਹੀ ਜਨਮ ਜਾਤਿ। ਜਿਹ ਪੁਤ੍ਰ ਭ੍ਰਾਤ[੧] ਨਹੀ ਮਿਤ੍ਰ ਮਾਤ।
ਜਿਹ ਕਰਮ ਭਰਮ ਨਹੀ ਧਰਮ ਧਿਆਨ। ਜਿਹ ਨੇਹ ਗੇਹ ਨਹੀ ਬਿਓਤਬਾਨ। ੩। ੧੨੩।
ਜਿਹ ਜਾਤਿ ਪਾਤਿ ਨਹੀ ਸਤ੍ਰ ਮਿਤ੍ਰ। ਜਿਹ ਨੇਹ ਗੇਹ ਨਹੀ ਚਿਹਨ ਚਿਤ੍ਰ।
ਜਿਹ ਰੰਗ ਰੂਪ ਨਹੀ ਰਾਗ ਰੇਖ। ਜਿਹ ਜਨਮ ਜਾਤਿ ਨਹੀ ਭਰਮ ਭੇਖ। ੪। ੧੨੪।

ਜਿਹ ਕਰਮ ਭਰਮ ਨਹੀ ਜਾਤਿ ਪਾਤਿ। ਨਹੀ ਨੇਹ ਗੇਹ ਨਹੀ ਪਿਤ੍ਰ ਮਾਤ।
ਜਿਹ ਨਾਮ ਥਾਮ ਨਹੀ ਬਰਗ ਬਿਆਧ। ਜਿਹ ਰੋਗ ਸੋਗ ਨਹੀ ਸਤ੍ਰ ਸਾਧ। ੫। ੧੨੫।
ਜਿਹ ਤ੍ਰਾਸ ਵਾਸ ਨਹੀ ਦੇਹ ਨਾਸ। ਜਿਹ ਆਦਿ ਅੰਤ ਨਹੀ ਰੂਪ ਰਾਸਿ।
ਜਿਹ ਰੋਗ ਸੋਗ ਨਹੀ ਜੋਗ ਜੁਗਤਿ। ਜਿਹ ਤ੍ਰਾਸ ਆਸ ਨਹੀ ਭੂਮਿ ਭੁਗਤ। ੬। ੧੨੬।

ਜਿਹ ਕਾਲ ਬਿਆਲ ਕਟਿਓ ਨ ਅੰਗ। ਅਛੈ ਸਰੂਪ ਅਖੈ ਅਭੰਗ।
ਜਿਹ ਨੇਤਿ ਨੇਤਿ ਉਚਰੰਤ ਬੇਦ। ਜਿਹ ਅਲਖ ਰੂਪ ਕਥਤ ਕਤੇਬ। ੭। ੧੨੭।
ਜਿਹ ਅਲਖ ਰੂਪ ਆਸਨ ਅਡੋਲ। ਜਿਹ ਅਮਿਤ ਤੇਜ ਅਛੈ ਅਤੋਲ।
ਜਿਹ ਧਿਆਨ ਕਾਜ ਮੁਨਿ[੨] ਜਨ ਅਨੰਤ। ਕਈ ਕਲਪ ਜੋਗ ਸਾਧਤ ਦੁਰੰਤ। ੮। ੧੨੮।

੧. 'ਵਿਤ੍ਰ' ੨.'ਮੁਨ'

ਕਿਤੇ (ਤੁਸੀਂ) ਇਸ ਲੋਕ ਦੀ ਸੁੰਦਰੀ, ਕਿਤੇ ਸਵਰਗ ਦੀ ਸੁੰਦਰੀ ਅਤੇ ਕਿਤੇ ਪਾਤਾਲ ਦੀ ਸੁੰਦਰੀ ਹੋ। ਕਿਤੇ (ਤੁਸੀਂ) ਵੀਰ-ਵਿਦਿਆ ਹੋ ਅਤੇ ਕਿਤੇ ਭੌਤਿਕਤਾ ਤੋਂ ਉੱਚੀ ਸੁੰਦਰਤਾ ਵਾਲੇ ਹੋ। ਕਿਤੇ (ਤੁਸੀਂ) ਸੁੰਦਰ ਨੌਜਵਾਨ ਹੋ, ਕਿਤੇ ਮ੍ਰਿਗਛਾਲਾ (ਧਾਰਨ ਕਰਨ ਵਾਲੇ ਸਾਧੂ ਹੋ) ਅਤੇ ਕਿਤੇ ਛਤ੍ਰ ਧਾਰਨ ਕਰਨ ਵਾਲੇ (ਰਾਜੇ) ਹੋ। ਕਿਤੇ (ਤੁਸੀਂ) ਸ਼ਾਹੀ ਠਾਠ-ਬਾਠ ਵਾਲੇ ਰਾਜ ਅਧਿਰਾਜ ਹੋ।੧੧੯। ਹੇ ਪੂਰਨ ਸੁਆਮੀ! (ਤੈਨੂੰ) ਨਮਸਕਾਰ ਹੈ, ਤੂੰ ਸਦਾ ਸਿੱਧੀਆਂ ਦਾ ਦਾਤਾ ਹੈਂ, ਤੂੰ ਅਛੇਦ, ਅਛੈ (ਨਾਸ਼ਹੀਨ), ਮੁੱਢ ਕਦੀਮੀ, ਅਦ੍ਵੈਤ-ਸਰੂਪ ਅਤੇ ਸਭ ਦੀ ਸਿਰਜਨਾ ਕਰਨ ਵਾਲਾ ਹੈਂ। (ਹੇ ਪ੍ਰਭੂ!) ਨ ਤੂੰ ਡਰਦਾ ਹੈ, ਨ ਕਿਸੇ ਤੋਂ ਪਕੜਿਆ ਜਾਂਦਾ ਹੈ ਅਤੇ ਤੇਰੇ ਵਿਚ ਸਾਰਿਆਂ ਦੇ ਸਰੂਪ ਸਮਾਏ ਹੋਏ ਹਨ। ਹੇ ਅਚਰਜ ਰੂਪ ਵਾਲੇ! ਤੈਨੂੰ ਨਮਸਕਾਰ ਹੈ, ਨਮਸਕਾਰ ਹੈ।੧੨੦।

ਤੇਰੀ ਕ੍ਰਿਪਾ ਨਾਲ। ਪਾਧੜੀ ਛੰਦ

(ਹੇ ਪ੍ਰਭੂ! ਤੁਸੀਂ) ਬਿਨਾ ਆਕਾਰ ਦੇ ਤੇਜ ਅਤੇ ਅਨੁਭਵ ਦੁਆਰਾ ਪ੍ਰਾਪਤ ਹੋਣ ਵਾਲੇ ਗਿਆਨ (ਪ੍ਰਕਾਸ਼) ਹੋ, ਨਾਸ਼-ਰਹਿਤ, ਅਦ੍ਵੈਤ ਅਤੇ ਆਸ਼ਾ-ਰਹਿਤ ਸਰੂਪ ਵਾਲੇ ਹੋ। ਤੁਹਾਡਾ ਤੇਜ ਅਟੁਟ ਹੈ ਅਤੇ ਭੰਡਾਰ ਅਖੁਟ ਹੈ ਅਤੇ ਹਰ ਤਰ੍ਹਾਂ ਨਾਲ ਬੇਅੰਤ ਦਾਤੇ ਹੋ।੧੨੧। (ਹੇ ਪ੍ਰਭੂ! ਤੇਰਾ) ਤੇਜ ਅਸਚਰਜਮਈ ਹੈ, ਤੇਰਾ ਸ਼ਰੀਰ ਨ ਛਿਜਣ ਵਾਲਾ ਹੈ। (ਤੂੰ) ਸਭ ਦਾ ਕਰਤਾ ਅਤੇ ਨੀਚਾਂ ਨੂੰ ਖ਼ਤਮ ਕਰਨ ਵਾਲਾ ਹੈਂ। (ਤੇਰਾ) ਆਸਣ ਅਡੋਲ ਹੈ ਅਤੇ ਤੇਰਾ ਕਰਮ ਵਿਸਮਾਦੀ ਹੈ (ਤੂੰ) ਦਾਤਾ ਦਿਆਲੂ ਅਤੇ ਅਦਭੁਤ ਧਰਮ ਵਾਲਾ ਹੈਂ।੧੨੨।

(ਹੇ ਪ੍ਰਭੂ! ਤੂੰ ਉਹ ਹੈਂ) ਜਿਸ ਦਾ ਕੋਈ ਵੈਰੀ, ਮਿਤਰ, ਜਨਮ, ਜਾਤਿ ਨਹੀਂ ਹੈ, ਜਿਸ ਦਾ ਕੋਈ ਪੁੱਤਰ, ਭਰਾ, ਦੋਸਤ ਅਤੇ ਮਾਤਾ ਨਹੀਂ ਹੈ, ਜਿਸ ਦਾ ਕੋਈ ਕਰਮ, ਭਰਮ, ਧਰਮ ਅਤੇ ਧਿਆਨ ਨਹੀਂ ਹੈ, ਜੋ ਘਰ ਦੇ ਮੋਹ ਅਤੇ ਜੁਗਤਾਂ ਬਣਾਉਣ ਤੋਂ ਪਰੇ ਹੈ।੧੨੩। ਜਿਸ ਦੀ ਕੋਈ ਜਾਤਿ, ਬਰਾਦਰੀ, ਵੈਰੀ ਅਤੇ ਮਿਤਰ ਨਹੀਂ ਹੈ, ਜਿਸ ਨੂੰ ਕਿਸੇ ਪ੍ਰਕਾਰ ਦੇ ਘਰ ਦੇ ਮੋਹ ਦੀ ਕੋਈ ਪਕੜ ਨਹੀਂ ਹੈ ਅਤੇ ਨ ਹੀ ਕੋਈ ਚਿੰਨ੍ਹ-ਚਿਤਰ ਹੈ। ਜਿਸ ਦਾ ਰੰਗ, ਰੂਪ, ਪ੍ਰੇਮ, ਰੇਖਾ, ਜਨਮ, ਜਾਤਿ ਅਤੇ ਭੇਖ ਦਾ ਕੋਈ ਭਰਮ ਨਹੀਂ ਹੈ।੧੨੪।

ਜਿਸ ਵਿਚ ਕਰਮ, ਜਾਤਿ, ਬਰਾਦਰੀ ਦਾ ਕੋਈ ਭਰਮ ਭੁਲੇਖਾ ਨਹੀਂ ਹੈ, (ਜਿਸ ਨੂੰ) ਘਰ, ਪਿਤਾ ਅਤੇ ਮਾਤਾ ਦਾ ਸਨੇਹ ਨਹੀਂ ਹੈ; ਜੋ ਨਾਂ, ਥਾਂ, ਵਰਗ ਆਦਿ ਵੰਡੀਆਂ (ਦੇ ਬਖੇੜੇ) ਤੋਂ ਪਰੇ ਹੈ, ਜਿਸ ਨੂੰ (ਕੋਈ) ਰੋਗ-ਸੋਗ ਨਹੀਂ ਹੈ ਅਤੇ ਜਿਸ ਦਾ ਨ ਹੀ (ਕੋਈ) ਵੈਰੀ ਅਤੇ ਸੱਜਨ ਹੈ।੧੨੫। ਜਿਸ ਨੂੰ ਕਿਸੇ ਪ੍ਰਕਾਰ ਦਾ ਕੋਈ ਡਰ ਨਹੀਂ ਅਤੇ ਨ ਹੀ (ਜਿਸ ਦੀ) ਦੇਹ ਨਸ਼ਟ ਹੁੰਦੀ ਹੈ। ਜਿਸ ਦਾ ਨ ਕੋਈ ਆਦਿ ਹੈ, ਨ ਅੰਤ ਅਤੇ ਨ ਹੀ ਕਿਸੇ ਪ੍ਰਕਾਰ ਦੇ ਰੂਪ ਦਾ ਭੰਡਾਰ ਹੈ। ਜਿਸ ਵਿਚ ਨ ਰੋਗ, ਨ ਸੋਗ ਅਤੇ ਨ ਹੀ ਜੋਗ ਦੀ ਜੁਗਤ ਹੈ, ਜਿਸ ਨੂੰ ਆਸ਼ਾਵਾਂ (ਦੇ ਨ ਪੂਰਨ ਹੋ ਸਕਣ) ਦਾ ਕੋਈ ਡਰ ਹੈ ਅਤੇ ਨ ਹੀ ਭੂਮੀ ਦੇ ਭੋਗਾਂ ਦੀ (ਕੋਈ ਲਾਲਸਾ ਹੈ)।੧੨੬।

(ਤੂੰ ਉਹ ਹੈ) ਜਿਸ ਦੇ ਸ਼ਰੀਰ ਨੂੰ ਕਾਲ ਰੂਪੀ ਸੱਪ ਨੇ ਡਸਿਆ ਨਹੀਂ, ਜਿਸ ਦਾ ਸਰੂਪ ਵਿਨਾਸ਼ ਤੋਂ ਰਹਿਤ, ਖ਼ਤਮ ਹੋਣ ਤੋਂ ਪਰੇ ਅਤੇ ਵਿਘਨ ਤੋਂ ਮੁਕਤ ਹੈ, ਜਿਸ ਨੂੰ ਵੇਦ ਬੇਅੰਤ-ਬੇਅੰਤ ਉਚਾਰਦੇ ਹਨ, ਜਿਸ ਨੂੰ ਕਤੇਬਾਂ ਅਲੱਖ ਰੂਪ ਦਸਦੀਆਂ ਹਨ।੧੨੭। ਜਿਸ ਦਾ ਰੂਪ ਅਲਖ ਹੈ ਅਤੇ ਆਸਣ ਅਡੋਲ ਹੈ, ਜਿਸ ਦਾ ਤੇਜ ਅਮਿਤ ਹੈ ਅਤੇ ਜੋ ਨਾਸ਼-ਰਹਿਤ ਅਤੇ ਅਤੋਲ ਹੈ। ਜਿਸ ਦੇ ਦਰਸ਼ਨ (ਧਿਆਨ) ਲਈ ਕਈ ਕਲਪਾਂ ਤੋਂ (ਦੀਰਘ ਕਾਲ ਤੋਂ) ਬੇਅੰਤ ਮੁਨੀ ਲੋਕ ਕਠਿਨ ਯੋਗ-ਸਾਧਨਾ ਕਰਦੇ ਆ ਰਹੇ ਹਨ।੧੨੮।

ਤਨ ਸੀਤ ਘਾਮ ਬਰਖਾ ਸਹੰਤ। ਕਈ ਕਲਪ ਏਕ ਆਸਨ ਬਿਤੰਤ।
ਕਈ ਜਤਨ ਜੋਗ ਬਿਦਿਆ ਬਿਚਾਰਿ। ਸਾਧੰਤ ਤਦਪਿ ਪਾਵਤ ਨ ਪਾਰ। ੯। ੧੨੯।
ਕਈ ਉਰਧ ਬਾਹ ਦੇਸਨ ਭ੍ਰਮੰਤ। ਕਈ ਉਰਧ ਮਧ ਪਾਕ ਝੁਲੰਤ।
ਕਈ ਸਿਮ੍ਰਿਤ ਸਾਸਤ੍ਰ ਉਚਰੰਤ ਬੇਦ। ਕਈ ਕੋਕ ਕਾਬਿ ਕਥਤ ਕਤੇਬ। ੧੦। ੧੩੦।

ਕਈ ਅਗਨਿਹੋਤ੍ਰ[1] ਕਈ ਪਉਨ ਅਹਾਰ। ਕਈ ਕਰਤ ਕੋਟ ਮ੍ਰਿਤ ਕੋ ਅਹਾਰ।
ਕਈ ਕਰਤ ਸਾਕ ਪੈ ਪਤ੍ਰ ਭਛ। ਨਹੀ ਤਦਪਿ ਦੇਵ ਹੋਵਤ ਪ੍ਰਤਛ। ੧੧। ੧੩੧।
ਕਈ ਗੀਤ ਗਾਨ ਗੰਧ੍ਰਬ ਰੀਤਿ। ਕਈ ਬੇਦ ਸਾਸਤ੍ਰ ਬਿਦਿਆ ਪ੍ਰਤੀਤਿ।
ਕਹੂੰ ਬੇਦ ਰੀਤਿ ਜਗ ਆਦਿ ਕਰਮ। ਕਹੂੰ ਅਗਨਿਹੋਤ੍ਰ[1] ਕਹੂੰ ਤੀਰਥ ਧਰਮ। ੧੨। ੧੩੨।

ਕਈ ਦੇਸਿ ਦੇਸਿ ਭਾਖਾ ਰਟੰਗ। ਕਈ ਦੇਸਿ ਦੇਸਿ ਬਿਦਿਆ ਪੜੰਤ।
ਕਈ ਕਰਤ ਭਾਤਿ ਭਾਤਨ ਬਿਚਾਰ। ਨਹੀ ਨੇਕੁ ਤਾਸੁ ਪਾਯਤ ਨ ਪਾਰ। ੧੩। ੧੩੩।
ਕਈ ਤੀਰਥ ਤੀਰਥ ਭਰਮਤ ਸੁ ਭਰਮ। ਕਈ ਅਗਨਿਹੋਤ੍ਰ[1] ਕਈ ਦੇਵ ਕਰਮ।
ਕਈ ਕਰਤ ਬੀਰ ਬਿਦਿਆ ਬਿਚਾਰ। ਨਹੀ ਤਦਪਿ ਤਾਸੁ ਪਾਯਤ ਨ[2] ਪਾਰ। ੧੪। ੧੩੪।

ਕਹੂੰ ਰਾਜਰੀਤਿ ਕਹੂੰ ਜੋਗ ਧਰਮ। ਕਈ ਸਿੰਮ੍ਰਿਤ ਸਾਸਤ੍ਰ ਉਚਰਤ ਸੁਕਰਮ।
ਨਿਉਲੀ ਆਦਿ ਕਰਮ ਕਹੂੰ ਹਸਤਿ ਦਾਨ। ਕਹੂੰ ਅਸ੍ਵਮੇਧ[3] ਮਖ ਕੋ ਬਖਾਨ। ੧੫। ੧੩੫।
ਕਹੂੰ ਕਰਤ ਬ੍ਰਹਮ ਬਿਦਿਆ ਬਿਚਾਰ। ਕਹੂੰ ਜੋਗ ਰੀਤਿ ਕਹੂੰ ਬਿਰਧਿ ਚਾਰਿ।
ਕਹੂੰ ਕਰਤ ਜਛ ਗੰਧਰਬ ਗਾਨ। ਕਹੂੰ ਧੂਪ ਦੀਪ ਕਹੂੰ ਅਰਘ ਦਾਨ। ੧੬। ੧੩੬।

ਕਹੂੰ ਪਿਤ੍ਰ ਕਰਮ ਕਹੂੰ ਬੇਦ ਰੀਤਿ। ਕਹੂੰ ਨ੍ਰਿਤ ਨਾਚ ਕਹੂੰ ਗਾਨ ਗੀਤ।
ਕਹੂੰ ਕਰਤ ਸਾਸਤ੍ਰ ਸਿੰਮ੍ਰਿਤਿ ਉਚਾਰ। ਕਈ ਭਜਤ ਏਕ ਪਗ ਨਿਰਾਧਾਰ। ੧੭। ੧੩੭।
ਕਈ ਨੇਹ ਦੇਹ ਕਈ ਗੇਹ ਵਾਸ। ਕਈ ਭ੍ਰਮਤ ਦੇਸ ਦੇਸਨ ਉਦਾਸ।
ਕਈ ਜਲ ਨਿਵਾਸ ਕਈ ਅਗਨਿ ਤਾਪ। ਕਈ ਜਪਤ ਉਰਧ ਲਟਕੰਤ ਜਾਪ। ੧੮। ੧੩੮।

ਕਈ ਜਪਤ ਜੋਗ ਕਲਪੰ ਪ੍ਰਜੰਤ। ਨਹੀ ਤਦਪਿ ਤਾਸ ਪਾਯਤ[4] ਨ ਅੰਤ।
ਕਈ ਕਰਤ ਕੋਟ ਬਿਦਿਆ ਬਿਚਾਰ। ਨਹੀ ਤਦਪਿ ਦਿਸਟਿ ਦੇਖੇ ਮੁਰਾਰਿ। ੧੯। ੧੩੯।

---

੧. 'ਅਗਨਹੋਤ' ੨. 'ਨਿ' ੩. 'ਅਸੁਮੇਧ' ੪. 'ਪਾਇਤਨਿ'

(ਕਈ ਲੋਕ) ਸ਼ਰੀਰ ਉਤੇ ਸਰਦੀ, ਗਰਮੀ ਅਤੇ ਬਰਖਾ ਸਹਿੰਦੇ ਹਨ, ਇਕੋ ਆਸਣ ਉਤੇ ਬੈਠਿਆਂ ਕਈ ਕਲਪ ਬਤੀਤ ਕਰ ਦਿੰਦੇ ਹਨ, ਜੋਗ ਵਿਦਿਆ ਨੂੰ ਸਾਧਣ ਦੇ ਅਨੇਕ ਯਤਨ ਕਰਦੇ ਹਨ, ਪਰ ਫਿਰ ਵੀ (ਤੇਰਾ) ਪਾਰ ਨਹੀਂ ਪਾ ਸਕਦੇ।੧੨੯। ਕਈ ਬਾਂਹਾਂ ਖੜੀਆਂ ਕਰ ਕੇ ਦੇਸ-ਦੇਸਾਂਤਰਾਂ ਵਿਚ ਘੁੰਮਦੇ ਹਨ, ਕਈ ਮੂਧੇ ਹੋ ਕੇ ਅਗਨੀ ਵਿਚ ਲਟਕਦੇ ਹਨ, ਕਈ ਸਮ੍ਰਿਤੀਆਂ, ਸ਼ਾਸਤ੍ਰਾਂ ਅਤੇ ਵੇਦਾਂ ਨੂੰ ਉਚਾਰਦੇ ਹਨ, ਕਈ ਕਾਮ-ਸ਼ਾਸਤ੍ਰ, ਕਾਵਿ ਅਤੇ ਕਤੇਬਾਂ ਦਾ ਵਿਖਿਆਨ ਕਰਦੇ ਹਨ।੧੩੦।

ਕਈ ਹਵਨ ਕਰਦੇ ਹਨ, ਕਈ ਪੌਣ ਦਾ ਆਹਾਰ ਕਰਦੇ ਹਨ, ਕਈ ਕਰੋੜਾਂ ਮਿੱਟੀ ਦਾ ਆਹਾਰ ਕਰਦੇ ਹਨ, ਕਈ ਕੇਵਲ ਸਾਗ, ਦੁੱਧ ਜਾਂ ਪੱਤਰਾਂ ਦਾ ਭੱਛਣ ਕਰਦੇ ਹਨ, ਪਰ ਤਾਂ ਵੀ (ਉਨ੍ਹਾਂ ਨੂੰ) ਪਰਮਾਤਮਾ ਪ੍ਰਤੱਖ (ਹੋ ਕੇ ਦਰਸ਼ਨ) ਨਹੀਂ ਦਿੰਦਾ।੧੩੧। ਕਈ ਗੰਧਰਬਾਂ ਵਾਂਗ ਗੀਤ ਗਾਉਂਦੇ ਹਨ, ਕਈ ਵੇਦ-ਸ਼ਾਸਤ੍ਰ ਦੀ ਵਿਦਿਆ ਉਤੇ ਨਿਸਚਾ ਕਰਦੇ ਹਨ, ਕਈ ਵੇਦ ਦੀ ਰੀਤ ਨਾਲ ਯੱਗ ਆਦਿ ਕਰਮ ਕਰਦੇ ਹਨ, ਕਈ ਹਵਨ ਕਰਦੇ ਹਨ ਅਤੇ ਕਈ ਤੀਰਥਾਂ ਉਤੇ ਜਾ ਕੇ ਧਰਮ ਦੇ ਕਾਰਜ ਕਰਦੇ ਹਨ।੧੩੨।

ਕਈ ਦੇਸ ਦੇਸ ਦੀ ਬੋਲੀ ਬੋਲਦੇ ਹਨ, ਕਈ ਦੇਸ ਦੇਸ ਦੀ ਵਿਦਿਆ ਪੜ੍ਹਦੇ ਹਨ, ਕਈ ਭਾਂਤ ਭਾਂਤ ਦੇ ਵਿਚਾਰ ਕਰਦੇ ਹਨ, (ਪਰ ਫਿਰ ਵੀ) ਉਸ ਦਾ ਰਤਾ ਕੁ ਭੇਦ ਪ੍ਰਾਪਤ ਨਹੀਂ ਕਰ ਸਕਦੇ।੧੩੩। ਕਈ ਲੋਕ ਭਰਮ-ਵਸ ਅਨੇਕ ਤੀਰਥਾਂ ਉਤੇ ਭੌਂਦੇ ਫਿਰਦੇ ਹਨ, ਕਈ ਹਵਨ ਅਤੇ ਕਈ ਦੇਵ-ਕਰਮ ਕਰਦੇ ਹਨ ਅਤੇ ਕਈ (ਬਵੰਜਾ) ਵੀਰਾਂ ਦੀ ਵਿਦਿਆ ਦਾ ਵਿਚਾਰ ਕਰਦੇ ਹਨ, (ਪਰ) ਤਾਂ ਵੀ ਉਸ (ਪਰਮ-ਸੱਤਾ) ਦਾ ਪਾਰ ਨਹੀਂ ਪਾ ਸਕਦੇ।੧੩੪।

(ਕਈ) ਕਿਸੇ ਰਾਜ-ਰੀਤ (ਦੀ ਪਾਲਨਾ ਕਰ ਰਹੇ ਹਨ ਅਤੇ ਕਈ) ਜੋਗ-ਧਰਮ (ਦਾ ਅਭਿਆਸ ਕਰ ਰਹੇ ਹਨ), ਕਈ ਸਮ੍ਰਿਤੀਆਂ, ਸ਼ਾਸਤ੍ਰਾਂ ਦੇ ਉੱਚਾਰਨ ਦਾ ਸ਼ੁਭ ਕਰਮ ਕਰ ਰਹੇ ਹਨ, (ਕਈ) ਨੌਲੀ ਆਦਿ ਕਰਮ (ਕਰ ਰਹੇ ਹਨ ਅਤੇ) ਕਿਤੇ ਹਾਥੀ ਦਾਨ ਕੀਤੇ ਜਾ ਰਹੇ ਹਨ ਅਤੇ ਕਿਤੇ ਅਸ਼੍ਵਮੇਧ ਯੱਗ ਦੀ ਮਹਿਮਾ ਗਾਈ ਜਾ ਰਹੀ ਹੈ।੧੩੫। ਕਿਤੇ (ਕੋਈ) ਬ੍ਰਹਮ ਵਿਦਿਆ ਦਾ ਵਿਚਾਰ ਕਰਦੇ ਹਨ ਅਤੇ ਕਿਤੇ (ਕੋਈ) ਜੋਗ ਰੀਤ (ਦੀ ਪਾਲਨਾ ਕਰ ਰਹੇ ਹਨ) ਅਤੇ ਕਿਤੇ ਸ੍ਰੇਸ਼ਠ ਅਤੇ ਮਹਾਨ ਆਚਾਰ ਕਰ ਰਹੇ ਹਨ, ਕਿਤੇ ਯਕਸ਼ ਅਤੇ ਗੰਧਰਬ ਵਾਂਗ ਗਾ ਰਹੇ ਹਨ, ਕਿਤੇ (ਕੋਈ) ਧੂਪ, ਦੀਪਕ (ਆਦਿ ਸਜਾ ਕੇ) ਆਰਤੀ ਕਰ ਰਹੇ ਹਨ ਅਤੇ ਕਿਤੇ (ਕੋਈ) ਅਰਘ ਦਾਨ ਕਰ ਰਹੇ ਹਨ।੧੩੬।

ਕਿਤੇ (ਕੋਈ) ਵੇਦ ਰੀਤ ਅਨੁਸਾਰ ਪਿਤਰੀ ਕਰਮ (ਕਰ ਰਿਹਾ ਹੈ) ਅਤੇ ਕਿਤੇ ਕੋਈ ਤਾਲ ਤੇ ਨਾਚ (ਕਰ ਰਿਹਾ ਹੈ ਅਤੇ) ਕਿਤੇ (ਕੋਈ). ਗੀਤ ਗਾ ਰਿਹਾ ਹੈ, ਕਿਤੇ (ਕੋਈ) ਸ਼ਾਸਤ੍ਰਾਂ ਅਤੇ ਸਮ੍ਰਿਤੀਆਂ ਦਾ ਉਚਾਰਨ (ਕਰ ਰਿਹਾ ਹੈ) ਅਤੇ ਕਿਤੇ (ਕੋਈ) ਇਕ ਪੈਰ ਉਤੇ ਖੜੋ ਕੇ ਨਿਰਾਧਾਰ ਭਜਨ ਕਰ ਰਿਹਾ ਹੈ।੧੩੭। ਕਈ ਸ਼ਰੀਰ ਨਾਲ ਮੋਹ ਕਰਦੇ ਹਨ ਅਤੇ ਕਈ ਘਰ ਵਿਚ ਨਿਵਾਸ ਕਰਦੇ ਹਨ, ਕਈ ਉਦਾਸੀਨ ਹੋ ਕੇ ਦੇਸ-ਦੇਸਾਂਤਰਾਂ ਵਿਚ ਘੁੰਮਦੇ ਫਿਰਦੇ ਹਨ, ਕਈ ਜਲ ਵਿਚ ਵਸਦੇ ਹਨ ਅਤੇ ਕਈ ਅਗਨੀ ਤਪਦੇ ਹਨ, ਕਈ ਮੂਧੇ ਲਟਕ ਕੇ ਜਾਪ ਜਪਦੇ ਹਨ।੧੩੮।

ਕਈ (ਲੋਕ) ਕਲਪਾਂ (ਜਿੰਨੇ ਲੰਬੇ ਸਮੇਂ) ਤਕ ਜੋਗ-ਸਾਧਨਾਂ ਕਰਦੇ ਹਨ, ਤਾਂ ਵੀ ਉਸ (ਪ੍ਰਭੂ) ਦਾ ਅੰਤ ਨਹੀਂ ਪਾ ਸਕਦੇ। ਕਈ ਕਰੋੜਾਂ ਵਿਦਿਆਵਾਂ ਦਾ ਵਿਚਾਰ ਕਰਦੇ ਹਨ, ਤਾਂ ਵੀ ਪਰਮਾਤਮਾ ਦਾ ਦਰਸ਼ਨ ਨਹੀਂ ਕਰ ਸਕਦੇ।੧੩੯।

ਬਿਨੁ ਭਗਤਿ ਸਕਤਿ ਨਹੀ ਪਰਤ ਪਾਨ। ਬਹੁ ਕਰਤ ਹੋਮ ਅਰੁ ਜਗ ਦਾਨ।
ਬਿਨੁ ਏਕ ਨਾਮੁ ਇਕ ਚਿਤ ਲੀਨ। ਫੋਕਟੋ ਸਰਬ ਧਰਮਾ ਬਿਹੀਨ। ੨੦। ੧੪੦।

ਤ੍ਵਪ੍ਰਸਾਦਿ। ਤੋਟਕ ਛੰਦ

ਜੈ ਜੰਪਹਿ[੧] ਜੁਗਣ ਜੂਹ[੨] ਜੁਅੰ। ਭੈ ਕੰਪਹਿ[੩] ਮੇਰੁ ਪਯਾਲ ਭੁਅੰ।
ਤਪ ਤਾਪਸ ਸਰਬ ਜਲੇਰੁ ਥਲੰ। ਧੰਨਿ[੪] ਉਚਰਤ ਇੰਦ੍ਰ ਕੁਮੇਰ ਬਲੰ। ੧। ੧੪੧।
ਅਨਖੇਦ ਸਰੂਪ ਅਭੇਦ ਅਭਿਅੰ। ਅਨਖੰਡ ਅਭੂਤ ਅਛੇਦ ਅਛਿਅੰ।
ਅਨਕਾਲ ਅਪਾਲ ਦਿਆਲ ਅਸੁਅੰ। ਜਿਹ ਠਟੀਅੰ ਮੇਰ ਅਕਾਸ ਭੁਅੰ। ੨। ੧੪੨।

ਅਨਖੰਡ ਅਮੰਡ ਪ੍ਰਚੰਡ ਨਰੰ। ਜਿਹ ਰਚੀਅੰ ਦੇਵ ਅਦੇਵ ਬਰੰ।
ਸਭ ਕੀਨੀ[੫] ਦੀਨ ਜਮੀਨੁ ਜਮਾਂ। ਜਿਹ ਰਚੀਅੰ ਸਰਬ ਮਕੀਨੁ ਮਕਾਂ। ੩। ੧੪੩।
ਜਿਹ ਰਾਗ ਨ ਰੂਪ ਨ ਰੇਖ ਰੁਖੰ। ਜਿਹ ਤਾਪ ਨ ਸਾਪ ਨ ਸੋਕ ਸੁਖੰ।
ਨ ਰੋਗ ਨ ਸੋਗ ਨ ਭੋਗ ਭੁਯੰ[੬]। ਜਿਹ ਖੇਦ ਨ ਭੇਦ ਨ ਛੇਦ ਛਯੰ। ੪। ੧੪੪।

ਜਿਹ ਜਾਤਿ ਨ ਪਾਤਿ ਨ ਮਾਤ ਪਿਤੰ। ਜਿਹ ਰਚੀਅੰ ਛਤ੍ਰੀ ਛਤ੍ਰ ਛਿਤੰ।
ਜਿਹ ਰਾਗ ਨ ਰੇਖ ਨ ਰੋਗ ਭਣੰ। ਜਿਹ ਦ੍ਵੈਖ ਨ ਦਾਗ ਨ ਦੋਖ ਗਣੰ। ੫।੧੪੫।
ਜਿਹ ਅੰਡਹ ਤੇ ਬ੍ਰਹਮੰਡ ਰਚਿਓ। ਦਸ ਚਾਰ ਕਰੀ ਨਵ ਖੰਡ ਸਚਿਓ।
ਰਜ ਤਾਮਸ ਤੇਜ ਅਤੇਜ ਕੀਓ। ਅਨਭਉ ਪਦ ਆਪ ਪ੍ਰਚੰਡ ਲੀਓ। ੬। ੧੪੬।

ਸ੍ਰਿਅ ਸਿੰਧਰੁ ਬਿੰਧ ਨਗਿੰਧ ਨਗੰ[੭]। ਸ੍ਰਿਅ ਜਛ ਗੰਧ੍ਰਬ ਫਣਿੰਦ ਭੁਜੰ।
ਰਚਿ ਦੇਵ ਅਦੇਵ ਅਭੇਵ ਨਗੰ। ਨਰਪਾਲ ਨ੍ਰਿਪਾਲ ਕਰਾਲ ਤ੍ਰਿਗੰ। ੭।੧੪੭।
ਕਈ ਕੀਟ ਪਤੰਗ ਭੁਜੰਗ ਨਰੰ। ਰਚਿ ਅੰਡਜ ਸੇਤਜ ਉਤਭੁਜੰ।
ਕੀਏ ਦੇਵ ਅਦੇਵ ਸਰਾਧ ਪਿਤੰ। ਅਨਖੰਡ ਪ੍ਰਤਾਪ ਪ੍ਰਚੰਡ ਗਤੰ। ੮। ੧੪੮।

ਪ੍ਰਭ ਜਾਤਿ ਨ ਪਾਤਿ ਨ ਜੋਤਿ ਜੁਤੰ। ਜਿਹ ਤਾਤ ਨ ਮਾਤ ਨ ਭ੍ਰਾਤ ਸੁਤੰ।
ਜਿਹ ਰੋਗ ਨ ਸੋਗ ਨ ਭੋਗ ਭੁਅੰ। ਜਿਹ ਜੰਪਹਿ ਕਿੰਨਰ ਜਛ ਜੁਅੰ। ੯। ੧੪੯।

---

੧. 'ਜੰਪਹੁ' ੨. 'ਜੂਅ' ੩. 'ਕੰਪਹੁ' ੪. 'ਧਨ' ੫. 'ਕੀਨੇ ੬. 'ਭੁਜੰਗ' ੭. 'ਨਗੀ'

ਬਿਨਾ ਭਗਤੀ ਦੀ ਸ਼ਕਤੀ ਦੇ (ਪਰਮਾਤਮਾ) ਹੱਥ ਨਹੀਂ ਆਉਂਦਾ, ਭਾਵੇਂ ਬਹੁਤ ਹੋਮ, ਯੱਗ ਅਤੇ ਦਾਨ (ਕਿਉਂ ਨ) ਕੀਤੇ ਜਾਣ। ਬਿਨਾ ਇਕ ਨਾਮ ਵਿਚ ਇਕਾਗਰ ਚਿੱਤ ਮਗਨ ਹੋਏ, ਸਾਰੇ ਧਰਮ (ਵਾਸਤਵਿਕ ਧਰਮ-ਕਰਮ ਤੋਂ) ਵਾਂਝੇ ਹਨ।੧੪੦।

ਤੇਰੀ ਕ੍ਰਿਪਾ ਨਾਲ। ਤੋਟਕ ਛੰਦ

ਸਾਰੇ ਮਿਲ ਕੇ (ਉਸ ਪ੍ਰਭੂ) ਦੀ ਜੈ ਜੈ ਕਾਰ ਕਰਦੇ ਹਨ, (ਜਿਸ ਦੇ) ਭੈ ਨਾਲ ਮੇਰੂ ਪਰਬਤ, ਪਾਤਾਲ ਅਤੇ ਧਰਤੀ ਕੰਬਦੇ ਹਨ। ਜਲਾਂ ਥਲਾਂ ਦੇ ਸਾਰੇ ਤਪਸਵੀ (ਜਿਸ ਨੂੰ ਪ੍ਰਾਪਤ ਕਰਨ ਲਈ) ਤਪ ਕਰਦੇ ਹਨ (ਅਤੇ ਜਿਸ ਨੂੰ) ਇੰਦਰ, ਕੁਬੇਰ ਅਤੇ ਬਾਲੀ ਰਾਜਾ, ਧੰਨ ਧੰਨ ਕਹਿੰਦੇ ਹਨ।੧੪੧। (ਜੋ) ਖੇਦ-ਰਹਿਤ ਸਰੂਪ ਵਾਲਾ, ਅਭੇਦ ਅਤੇ ਅਭੈ ਹੈ, ਅਖੰਡ ਭੌਤਿਕ ਤੱਤ੍ਵਾਂ ਤੋਂ ਰਹਿਤ, ਛੇਦ-ਰਹਿਤ ਅਤੇ ਨਾਸ਼-ਰਹਿਤ ਹੈ, ਜੋ ਖੁਦ ਕਾਲ ਤੋਂ ਬਿਨਾ, (ਕਿਸੇ ਪ੍ਰਕਾਰ ਦੀ) ਪਾਲਨਾ ਤੋਂ ਪਰੇ, ਨਿਰ ਅਭਿਮਾਨ ਅਤੇ ਦਿਆਲੂ ਹੈ, ਜਿਸ ਨੇ ਸੁਮੇਰ ਪਰਬਤ, ਆਕਾਸ਼ ਅਤੇ ਧਰਤੀ ਨੂੰ ਸਥਿਤ ਕੀਤਾ ਹੋਇਆ ਹੈ।੧੪੨।

(ਜੋ) ਅਖੰਡ, ਸਥਾਪਨਾ-ਰਹਿਤ, ਪ੍ਰਚੰਡ ਤੇਜ ਵਾਲਾ ਪੁਰਸ਼ ਹੈ, ਜਿਸ ਨੇ ਦੇਵਤਿਆਂ, ਦੈਂਤਾਂ ਦੀ ਚੰਗੀ ਤਰ੍ਹਾਂ ਰਚਨਾ ਕੀਤੀ ਹੈ, (ਜਿਸ ਨੇ) ਸਾਰੀ ਧਰਤੀ ਅਤੇ ਆਕਾਸ਼ (ਦੀ ਸਾਜਨਾ ਕਰ ਕੇ ਆਪਣੇ) ਅਧੀਨ ਕੀਤਾ ਹੈ, ਜਿਸ ਨੇ ਸਾਰੇ ਮਕਾਨ ਅਤੇ ਮਕਾਨਾਂ ਵਿਚ ਰਹਿਣ ਵਾਲੇ ਪੈਦਾ ਕੀਤੇ ਹਨ।੧੪੩। ਜਿਸ ਦਾ (ਕਿਸੇ ਨਾਲ ਵਿਸ਼ੇਸ਼) ਪ੍ਰੇਮ ਨਹੀਂ, ਨ ਹੀ ਰੂਪ-ਰੇਖਾ ਅਤੇ ਸ਼ਕਲ (ਮੇਲ ਖਾਂਦੀ ਹੈ), ਜਿਸ ਨੂੰ ਤਾਪ, ਸਰਾਪ ਅਤੇ ਨ ਹੀ ਦੁਖ ਅਤੇ ਸੁਖ ਹੈ, ਜਿਸ ਨੂੰ ਨ ਰੋਗ ਹੈ, ਨ ਸੋਗ ਅਤੇ ਨ ਹੀ ਭੂਮੀ ਦੇ ਭੋਗਾਂ (ਦੀ ਚਿੰਤਾ ਹੈ), ਜਿਸ ਨੂੰ . ਖੇਦ, ਭੇਦ, ਦ੍ਵੈਸ਼ ਅਤੇ ਨਸ਼ਟ ਹੋਣ ਦਾ ਡਰ ਨਹੀਂ ਹੈ।੧੪੪।

ਜਿਸ ਦੀ ਨ ਜਾਤਿ ਹੈ, ਨ ਬਰਾਦਰੀ ਅਤੇ ਨ ਹੀ ਮਾਤਾ ਅਤੇ ਪਿਤਾ ਹੈ, ਜਿਸ ਨੇ ਧਰਤੀ ('ਛਿਤੰ') ਉਤੇ ਛਤ੍ਰ ਧਾਰਨ ਕਰਨ ਵਾਲੇ ਛਤ੍ਰੀ ਪੈਦਾ ਕੀਤੇ ਹਨ, ਜਿਸ ਨੂੰ ਪ੍ਰੇਮ ਤੋਂ ਰਹਿਤ, ਰੂਪ-ਰੇਖਾ ਤੋਂ ਬਿਨਾ ਅਤੇ ਰੋਗ-ਰਹਿਤ ਕਿਹਾ ਜਾਂਦਾ ਹੈ, ਜੋ ਦ੍ਵੈਸ਼ ਦੇ ਦਾਗ ਅਤੇ ਦੁਖ (ਦੇ ਕਲੰਕ) ਤੋਂ ਮੁਕਤ ਸਮਝਿਆ ਜਾਂਦਾ ਹੈ।੧੪੫। ਜਿਸ ਨੇ ਅੰਡੇ ਤੋਂ ਬ੍ਰਹਿਮੰਡ ਬਣਾਇਆ ਹੈ, (ਜਿਸ ਨੇ) ਚਾਰ ਦਿਸ਼ਾਵਾਂ ਅਤੇ ਨੌਂ ਖੰਡਾਂ ਦੀ ਰਚਨਾ ਕੀਤੀ ਹੈ, (ਜਿਸ ਨੇ) ਰਜੋ, ਤਮੋ ਅਤੇ ਤੇਜ-ਅਤੇਜ (ਪ੍ਰਕਾਸ਼ ਅਤੇ ਅੰਧਕਾਰ) ਦੀ ਰਚਨਾ ਕੀਤੀ ਹੈ; (ਉਸ ਨੇ) ਆਪਣੇ ਆਪ ਹੀ ਅਨੁਭਵ ਤੋਂ ਪ੍ਰਚੰਡ ਪ੍ਰਕਾਸ਼ ਕੀਤਾ ਹੈ।੧੪੬।

(ਜਿਸ ਨੇ) ਸਮੁੰਦਰ ਅਤੇ ਵਿੰਧਿਆਚਲ, ਸੁਮੇਰ ਪਰਬਤਾਂ ਨੂੰ ਬਣਾਇਆ ਹੈ, (ਜਿਸ ਨੇ) ਯਕਸ਼, ਗੰਧਰਬ, ਸ਼ੇਸ਼ਨਾਗ ਅਤੇ ਸੱਪਾਂ ਦੀ ਸਿਰਜਨਾ ਕੀਤੀ ਹੈ, (ਜਿਸ ਨੇ) ਦੇਵਤਿਆਂ, ਦੈਂਤਾਂ ਅਤੇ ਬ੍ਰਹਮਾ, ਵਿਸ਼ਨੂ ('ਅਭੇਵ') ਅਤੇ ਐਰਾਵਤ ਹਾਥੀ ਦੀ ਰਚਨਾ ਕੀਤੀ ਹੈ ਅਤੇ ਮਨੁੱਖਾਂ ਨੂੰ ਪਾਲਣ ਵਾਲੇ ਰਾਜਿਆਂ ਅਤੇ ਭਿਆਨਕ ਜੀਵਾਂ (ਸੱਪ ਜਾਂ ਵਹਿਸ਼ੀ ਪਸ਼ੂ) ਦੀ ਸਿਰਜਨਾ ਕੀਤੀ ਹੈ।੧੪੭। (ਜਿਸ ਨੇ) ਕਈ ਕਰੋੜਾਂ ਪਤੰਗੇ, ਸੱਪ, ਅਤੇ ਮਨੁੱਖ (ਬਣਾਏ ਹਨ ਅਤੇ), ਅੰਡੇ, ਪਸੀਨੇ ਤੋਂ ਪੈਦਾ ਹੋਣ ਵਾਲੀਆਂ ਵਸਤੂਆਂ ਅਤੇ ਬਨਸਪਤੀ ਦੀ ਰਚਨਾ ਕੀਤੀ ਹੈ, (ਜਿਸ ਨੇ ਅਨੇਕਾਂ) ਮਾੜੇ ਅਤੇ ਚੰਗੇ, ਸਰਾਧ ਅਤੇ ਪਿਤਰ ਬਣਾਏ ਹਨ, (ਜਿਸ ਦਾ) ਅਖੰਡ ਪ੍ਰਤਾਪ ਅਤੇ ਪ੍ਰਚੰਡ ਚਾਲ-ਢਾਲ ਹੈ।੧੪੮।

(ਜਿਸ) ਪ੍ਰਭੂ ਦੀ ਨ ਜਾਤਿ ਹੈ, ਨ ਬਰਾਦਰੀ ਹੈ, (ਜੋ ਆਪਣੀ) ਜੋਤਿ ਕਾਰਨ ਸਭ ਨਾਲ ਯੁਕਤ ਹੈ, ਜਿਸ ਦਾ ਨ ਪਿਤਾ ਹੈ, ਨ ਮਾਤਾ, ਨ ਭਰਾ ਹੈ, ਨ ਪੁੱਤਰ; ਜਿਸ ਨੂੰ ਨ ਰੋਗ ਹੈ, ਨ ਸੋਗ ਅਤੇ ਨ ਹੀ ਧਰਤੀ ਦੇ ਭੋਗਾਂ (ਦੀ ਚਿੰਤਾ ਹੈ); ਜਿਸ ਨੂੰ (ਸਾਰੇ) ਕਿੰਨਰ ਅਤੇ ਯਕਸ਼ ਜਪਦੇ ਹਨ।੧੪੯।

ਨਰ ਨਾਰਿ ਨਪੁੰਸਕ ਜਾਹਿ ਕੀਏ। ਗਣ ਕਿੰਨਰ ਜਛ ਭੁਜੰਗ ਦੀਏ।
ਗਜ ਬਾਜ ਰਥਾਦਿਕ ਪਾਤਿ ਗਨੰ। ਭਵਿ ਭੂਤ ਭਵਿਖ ਭਵਾਨ ਤੁਅੰ। ੧੦। ੧੫੦।

ਜਿਹ ਅੰਡਜ ਸੇਤਜ ਜੇਰ ਰਜੰ। ਰਚਿ ਭੂਮਿ ਅਕਾਸ ਪਤਾਲ ਜਲੰ।
ਰਚਿ ਪਾਵਕ ਪਉਨ ਪ੍ਰਚੰਡ ਬਲੀ। ਬਨਿ ਜਾਸੁ ਕੀਓ ਫਲ ਫੂਲ ਕਲੀ।੧੧।੧੫੧।
ਭੂਅ ਮੇਰੁ ਅਕਾਸ ਨਿਵਾਸ ਛਿਤੰ। ਰਚਿ ਰੋਜ ਇਕਾਦਸ ਚੰਦ ਬ੍ਰਿਤੰ।
ਦੁਤਿ ਚੰਦ ਦਿਨੀਸਰ[1] ਦੀਪ ਦਈ। ਜਿਹ ਪਾਵਕ ਪਉਨ ਪ੍ਰਚੰਡ ਮਈ।੧੨।੧੫੨।

ਜਿਹ ਖੰਡ ਅਖੰਡ ਪ੍ਰਚੰਡ ਕੀਏ। ਜਿਹ ਛਤ੍ਰਿ ਉਪਾਇ ਛਿਪਾਇ ਦੀਏ।
ਜਿਹ ਲੋਕ ਚਤੁਰਦਾਸ ਚਾਰੁ ਰਚੇ। ਨਰ ਗੰਧ੍ਰਬ ਦੇਵ ਅਦੇਵ ਸਚੇ। ੧੩। ੧੫੩।
ਅਨਧੂਤ ਅਭੂਤ ਅਛੂਤ ਮਤੰ। ਅਨਗਾਧਿ ਅਬ੍ਯਾਧਿ ਅਨਾਦਿ ਗਤੰ।
ਅਨਖੇਦ ਅਭੇਦ ਅਛੇਦ[2] ਨਰੰ। ਜਿਹ ਚਾਰੁ ਚਤੁਰਦਿਸ ਚਕ੍ਰ ਫਿਰੰ। ੧੪। ੧੫੪।

ਜਿਹ ਰਾਗ ਨ ਰੰਗ ਨ ਰੇਖ ਰੁਗੰ। ਜਿਹ ਸੋਗ ਨ ਭੋਗ ਨ ਜੋਗ ਜੁਗੰ।
ਭੂਅ ਭੰਜਨ ਗੰਜਨ ਆਦਿ ਸਿਰੰ। ਜਿਹ ਬੰਦਤ ਦੇਵ ਅਦੇਵ ਨਰੰ। ੧੫। ੧੫੫।
ਗਣ ਕਿੰਨਰ ਜਛ ਭੁਜੰਗ ਰਚੇ। ਮਣਿ ਮਾਣਿਕ ਮੋਤੀ ਲਾਲ ਸਚੇ।
ਅਨਭੰਜ ਪ੍ਰਭਾ ਅਨਗੰਜ ਬ੍ਰਿਤੰ। ਜਿਹ ਪਾਰ ਨ ਪਾਵਤ ਪੂਰ ਮਤੰ। ੧੬। ੧੫੬।

ਅਨਖੰਡ ਸਰੂਪ ਅਡੰਡ ਪ੍ਰਭਾ। ਜੈ ਜੰਪਤ ਬੇਦ ਪੁਰਾਨ ਸਭਾ।
ਜਿਹ ਬੇਦ ਕਤੇਬ ਅਨੰਤ ਕਹੈ। ਜਿਹ ਭੂਤ ਅਭੂਤ ਨ ਭੇਦ ਲਹੈ। ੧੭। ੧੫੭।
ਜਿਹ ਬੇਦ ਪੁਰਾਨ ਕਤੇਬ ਜਪੈ। ਸੁਤ ਸਿੰਧੁ ਅਧੋਮੁਖ ਤਾਪ ਤਪੈ।
ਕਈ ਕਲਪਨ ਲੌ ਤਪ ਤਾਪ ਕਰੈ। ਨਹੀ ਨੈਕੁ ਕ੍ਰਿਪਾਨਿਧਿ ਪਾਨਿ ਪਰੈ। ੧੮। ੧੫੮।

ਜਿਹ ਫੋਕਟ ਧਰਮ ਸਭੈ ਤਜ ਹੈ। ਇਕ ਚਿਤ ਕ੍ਰਿਪਾਨਿਧਿ ਕੋ ਭਜ ਹੈ।
ਤੇਊ ਯਾ ਭਵ ਸਾਗਰ ਕੋ ਤਰ ਹੈ। ਭਵਿ ਭੂਲਿ ਨ ਦੇਹ ਪੁਨਰ ਧਰ ਹੈ। ੧੯। ੧੫੯।
ਇਕ ਨਾਮ ਬਿਨਾ ਨਹੀ ਕੋਟਿ ਬ੍ਰਿਤੀ। ਇਮ ਬੇਦ ਉਚਾਰਤ ਸਾਰਸੁਤੀ।
ਜੋਊ ਵਾ ਰਸ ਕੇ ਚਸਕੇ ਰਸ ਹੈ। ਤੇਊ ਭੂਲਿ ਨ ਕਾਲ ਫੰਧਾ ਫਸ ਹੈ। ੨੦। ੧੬੦।

੧. 'ਦਿਨੀਸਹ' ੨. 'ਮਛੇਦ'

(ਜਿਸ ਨੇ) ਇਸਤਰੀਆਂ, ਪੁਰਸ਼ ਅਤੇ ਹੀਜੜੇ ਪੈਦਾ ਕੀਤੇ ਹਨ, ਸਾਰੇ ਕਿੰਨਰਾਂ, ਯਕਸ਼ਾਂ ਅਤੇ ਸੱਪਾਂ ਨੂੰ ਜਨਮ ਦਿੱਤਾ ਹੈ, (ਜਿਸ ਨੇ) ਹਾਥੀ, ਘੋੜੇ, ਰਥ ਆਦਿ ਅਤੇ ਪੈਦਲਾਂ ਦੇ ਸਮੂਹ (ਪੈਦਾ ਕੀਤੇ ਹਨ)। ਤੂੰ ਹੀ ਭੂਤ, ਭਵਿਖ ਅਤੇ ਵਰਤਮਾਨ ਵਿਚ ਮੌਜੂਦ ਹੈਂ।੧੫੦।

ਜਿਸ ਨੇ ਅੰਡਜ, ਸੇਤਜ ਅਤੇ ਜੇਰਜ (ਵਾਲੀਆਂ ਚਾਰ ਖਾਣੀਆਂ ਦੀ) ਰਚਨਾ ਕੀਤੀ ਹੈ, (ਜਿਸ ਨੇ) ਭੂਮੀ, ਆਕਾਸ਼, ਪਾਤਾਲ ਅਤੇ ਜਲ ਦੀ ਸਿਰਜਨਾ ਕੀਤੀ ਹੈ ਅਤੇ ਵੱਡੇ ਤੇਜ ਵਾਲੀ ਅੱਗ ਅਤੇ ਪ੍ਰਚੰਡ ਪੌਣ ਨੂੰ ਪੈਦਾ ਕੀਤਾ ਹੈ, ਜਿਸ ਨੇ ਜੰਗਲ, ਫਲ, ਫੁਲ ਅਤੇ ਕਲੀਆਂ ਨੂੰ ਬਣਾਇਆ ਹੈ।੧੫੧। (ਜਿਸ ਨੇ) ਭੂਮੀ, ਸੁਮੇਰ ਪਰਬਤ ਅਤੇ ਆਕਾਸ਼ (ਦੀ ਸਿਰਜਨਾ ਕਰ ਕੇ) ਧਰਤੀ ਨੂੰ ਨਿਵਾਸ ਦਾ ਸਾਧਨ ਬਣਾਇਆ, (ਫਿਰ) ਰੋਜ਼ੇ, ਇਕਾਦਸ਼ੀ (ਆਦਿ ਵਰਤਾਂ) ਦੀ ਚੰਦ੍ਰਮਾ (ਦੀ ਤਿਥੀਆਂ ਅਨੁਸਾਰ) ਰਚਨਾ ਕੀਤੀ, ਚੰਦ੍ਰਮਾ ਅਤੇ ਸੂਰਜ ਰੂਪੀ ਦੀਵਿਆਂ ਦਾ ਪ੍ਰਕਾਸ਼ ਦਿੱਤਾ ਅਤੇ ਜਿਸ ਨੇ ਅਗਨੀ ਅਤੇ ਪੌਣ ਵਰਗੀਆਂ ਪ੍ਰਚੰਡ (ਸ਼ਕਤੀਆਂ ਦਾ ਨਿਰਮਾਣ ਕੀਤਾ)।੧੫੨।

ਜਿਸ ਨੇ ਅਖੰਡ ਅਤੇ ਪ੍ਰਚੰਡ ਖੰਡਾਂ ਦੀ ਰਚਨਾ ਕੀਤੀ ਅਤੇ ਨਛੱਤ੍ਰਾਂ ਦੀ ਰਚਨਾ ਕਰ ਕੇ (ਫਿਰ ਸੂਰਜ ਦੇ ਤੇਜ ਸਾਹਮਣੇ) ਲੁਕਾ ਦਿੱਤੇ; ਜਿਸ ਨੇ ਸੁੰਦਰ ਚੌਦਾਂ ਲੋਕਾਂ ਦੀ ਰਚਨਾ ਕੀਤੀ ਅਤੇ ਗਣ, ਗੰਧਰਬ, ਦੇਵਤੇ, ਦੈਂਤ ਸਿਰਜੇ।੧੫੩। (ਉਹ) ਸ਼ੁੱਧ ਸਰੂਪ, ਭੌਤਿਕ ਤੱਤ੍ਵਾਂ ਤੋਂ ਪਰੇ ਅਤੇ ਅਣਛੋਹੀ ਸੂਝ-ਬੂਝ ਵਾਲਾ ਹੈ; ਅਗਾਧ, ਦੁੱਖਾਂ ਤੋਂ ਰਹਿਤ ਅਤੇ ਅਨਾਦਿ ਕਾਲ ਤੋਂ ਗਤੀਮਾਨ ਹੈ; ਕਸ਼ਟ ਤੋਂ ਬਿਨਾ, ਅਭੇਦ, ਅਛੇਦ ਪੁਰਸ਼ ਹੈ; ਜਿਸ ਦਾ ਚੌਦਾਂ ਲੋਕਾਂ ਵਿਚ ਸੁੰਦਰ ਚੱਕਰ ਫਿਰਦਾ ਹੈ।੧੫੪।

ਜਿਸ ਦਾ (ਕੋਈ) ਰਾਗ, ਰੰਗ, ਆਕਾਰ ਨਹੀਂ ਹੈ, ਨ ਕੋਈ ਰੋਗ ਹੈ, ਜਿਸ ਨੂੰ ਨ (ਕੋਈ) ਸੋਗ, ਭੋਗ ਹੈ ਅਤੇ ਨ ਹੀ ਜੋਗ ਨਾਲ ਸੰਬੰਧਿਤ ਹੈ, (ਜੋ) ਭੂਮੀ ਦਾ ਨਾਸ਼ ਕਰਨ ਵਾਲਾ ਅਤੇ ਮੁੱਢ ਕਦੀਮ ਤੋਂ ਇਸ ਦੀ ਸਿਰਜਨਾ ਕਰਨ ਵਾਲਾ ਹੈ, ਜਿਸ ਦੀ ਦੇਵਤੇ, ਦੈਂਤ ਅਤੇ ਮਨੁੱਖ ਬੰਦਨਾ ਕਰਦੇ ਹਨ।੧੫੫। (ਜਿਸ ਨੇ) ਗਣ, ਕਿੰਨਰ, ਯਕਸ਼ ਅਤੇ ਸੱਪ ਰਚੇ ਹਨ; ਮਣੀਆਂ, ਮਾਣਕ, ਮੋਤੀ, ਲਾਲ ਸਾਜੇ ਹਨ; (ਜੋ) ਨ ਘਟਣ ਵਾਲੀ ਸ਼ੋਭਾ ਅਤੇ ਅਮੁਕ ਬ੍ਰਿੱਤਾਂਤ ਵਾਲਾ ਹੈ; ਜਿਸ ਦਾ ਅੰਤ ਪੂਰਨ ਬੁੱਧੀਮਾਨ ਵੀ ਨਹੀਂ ਪਾ ਸਕਦੇ।੧੫੬।

(ਜਿਸ ਦਾ) ਸਰੂਪ ਅਖੰਡ ਅਤੇ ਸ਼ੋਭਾ ਅਰੁਕ ਹੈ, ਸਾਰੇ ਵੇਦ ਅਤੇ ਪੁਰਾਣ (ਜਿਸ ਦੀ) ਜੈ ਜੈ ਜਪਦੇ ਹਨ, ਜਿਸ ਨੂੰ ਵੇਦ ਅਤੇ ਕਤੇਬ ਬੇਅੰਤ ਬੇਅੰਤ ਕਹਿੰਦੇ ਹਨ, ਜਿਸ ਦਾ ਸਥੂਲ ਅਤੇ ਸੂਖਮ ਕੋਈ ਵੀ ਭੇਦ ਨਹੀਂ ਪਾ ਸਕਦਾ। ੧੫੭। ਜਿਸ ਨੂੰ ਵੇਦ, ਪੁਰਾਨ ਅਤੇ ਕਤੇਬ ਜਪਦੇ ਹਨ, ਸਮੁੰਦਰ ਦਾ ਪੁੱਤਰ (ਚੰਦ੍ਰਮਾ ਜਿਸ ਦਾ) ਮੂਧੇ ਮੂੰਹ ਤਪ ਕਰ ਰਿਹਾ ਹੈ; ਕਈ (ਸਾਧਕ) ਕਲਪਾਂ ਜਿੰਨੇ ਲੰਬੇ ਸਮੇਂ ਤੋਂ ਤਪਸਿਆ ਵਿਚ ਮਗਨ ਹਨ, (ਪਰ ਉਨ੍ਹਾਂ ਦੇ) ਕ੍ਰਿਪਾਨਿਧ (ਪ੍ਰਭੂ) ਬਿਲਕੁਲ ਹੱਥ ਨਹੀਂ ਲਗ ਰਿਹਾ।੧੫੮।

ਜਿਹੜੇ ਲੋਕ ਸਾਰੇ ਵਿਅਰਥ ਧਰਮ ਕਾਰਜ ਛਡ ਦਿੰਦੇ ਹਨ ਅਤੇ ਇਕਾਗਰ ਮਨ ਨਾਲ ਪਰਮਾਤਮਾ ਨੂੰ ਜਪਦੇ ਹਨ, ਉਹੀ (ਲੋਕ) ਭਵ-ਸਾਗਰ ਨੂੰ ਤਰਦੇ ਹਨ, ਫਿਰ . ਭੁਲ ਕੇ ਵੀ ਜਗਤ ਵਿਚ ਸ਼ਰੀਰ ਧਾਰਨ ਨਹੀਂ ਕਰਦੇ (ਭਾਵ ਮੁਕਤ ਹੋ ਜਾਂਦੇ ਹਨ)।੧੫੯। ਇਕ ਨਾਮ (ਦੇ ਸਿਮਰਨ) ਤੋਂ ਬਿਨਾ ਕਰੋੜਾਂ ਵਰਤਾਂ (ਨਾਲ ਮੁਕਤੀ) ਨਹੀਂ ਹੁੰਦੀ, ਇਸ ਪ੍ਰਕਾਰ ਦੇ ਵੇਦਾਂ ਦੇ ਕਥਨ ਸਰਸਵਤੀ ਉਚਾਰਦੀ ਹੈ। ਜਿਨ੍ਹਾਂ ਨੂੰ ਉਸ ਰਸ ਦਾ ਚਸਕਾ ਲਗ ਗਿਆ ਹੈ, ਉਹ ਭੁਲ ਕੇ ਵੀ ਕਾਲ ਦੇ ਫੰਧੇ ਵਿਚ ਨਹੀਂ ਫਸਦਾ।੧੬੦।

ਤ੍ਵਪ੍ਰਸਾਦਿ। ਨਰਾਜ ਛੰਦ

ਅਗੰਜ ਆਦਿ ਦੇਵ ਹੈ ਅਭੰਜ ਭੰਜ ਜਾਨੀਐ।
ਅਭੂਤ ਭੂਤ ਹੈ ਸਦਾ ਅਗੰਜ ਗੰਜ ਮਾਨੀਐ।
ਅਦੇਵ ਦੇਵ ਹੈ ਸਦਾ ਅਭੇਵ ਭੇਵ ਨਾਥ ਹੈ।
ਸਮਸਤ ਸਿਧਿ ਬ੍ਰਿਧਿਦਾ ਸਦੀਵ ਸਰਬ ਸਾਥ ਹੈ। ੧। ੧੬੧।

ਅਨਾਥ ਨਾਥ ਨਾਥ ਹੈ ਅਭੰਜ ਭੰਜ ਹੈ ਸਦਾ।
ਅਗੰਜ ਗੰਜ ਗੰਜ ਹੈ ਸਦੀਵ ਸਿਧਿ ਬ੍ਰਿਧਿਦਾ।
ਅਨੂਪ ਰੂਪ ਸਰੂਪ ਹੈ ਅਛਿਜ ਤੇਜ ਮਾਨੀਐ।
ਸਦੀਵ ਸਿਧਿ ਸੁਧਿ ਦਾ ਪ੍ਰਤਾਪ ਪਤ੍ਰ ਜਾਨੀਐ। ੨। ੧੬੨।

ਨ ਰਾਗ ਰੰਗ ਰੂਪ ਹੈ ਨ ਰੋਗ ਰਾਗ ਰੇਖ ਹੈ।
ਅਦੋਖ ਅਦਾਗ ਅਦਗ ਹੈ ਅਭੂਤ ਅਭ੍ਰਮ ਅਭੇਖ ਹੈ।
ਨ ਤਾਤ ਮਾਤ ਜਾਤਿ ਹੈ ਨ ਪਾਤਿ ਚਿਹਨ ਬਰਨ ਹੈ।
ਅਦੇਖ ਅਸੇਖ ਅਭੇਖ ਹੈ ਸਦੀਵ ਬਿਸੁ ਭਰਨ ਹੈ। ੩। ੧੬੩।

ਬਿਸ੍ੰਭਰ ਬਿਸੁਨਾਥ ਹੈ ਬਿਸੇਖ ਬਿਸ੍ਵ ਭਰਨ ਹੈ।
ਜਿਮੀ ਜਮਾਨ ਕੇ ਬਿਖੈ ਸਦੀਵ ਕਰਮ ਭਰਮ ਹੈ।
ਅਦ੍ਵੈਖ ਹੈ ਅਭੇਖ ਹੈ ਅਲੇਖ ਨਾਥ ਜਾਨੀਐ।
ਸਦੀਵ ਸਰਬ ਠਉਰ ਮੈ ਬਿਸੇਖ ਆਨ ਮਾਨੀਐ। ੪।੧੬੪।

ਨ ਜੰਤ੍ਰ ਮੈ ਨ ਤੰਤ੍ਰ ਮੈ ਨ ਮੰਤ੍ਰ ਬਸਿ ਆਵਈ।
ਪੁਰਾਨ ਔ ਕੁਰਾਨ ਨੇਤਿ ਨੇਤਿ ਕੈ ਬਤਾਵਈ।
ਨ ਕਰਮ ਮੈ ਨ ਧਰਮ ਮੈ ਨ ਭਰਮ ਮੈ ਬਤਾਈਐ।
ਅਗੰਜ ਆਦਿ ਦੇਵ ਹੈ ਕਹੋ ਸੁ ਕੈਸਿ ਪਾਈਐ। ੫। ੧੬੫।

ਜਿੰਮੀ ਜਮਾਨ ਕੇ ਬਿਖੈ ਸਮਸਤ ਏਕ ਜੋਤਿ ਹੈ।
ਨ ਘਾਟ ਹੈ ਨ ਬਾਢ ਹੈ ਨ ਘਾਟ ਬਾਢ ਹੋਤ ਹੈ।
ਨ ਹਾਨ ਹੈ ਨ ਬਾਨ ਹੈ ਸਮਾਨ ਰੂਪ ਜਾਨੀਐ।
ਮਕੀਨ ਅਉ ਮਕਾਨਿ ਅਪ੍ਰਮਾਨ ਤੇਜ ਮਾਨੀਐ। ੬।੧੬੬।[1]

ਨ ਦੇਹ ਹੈ ਨ ਗੇਹ ਹੈ ਨ ਜਾਤਿ ਹੈ ਨ ਪਾਤਿ ਹੈ।
ਨ ਮੰਤ੍ਰਿ ਹੈ ਨ ਮਿਤ੍ਰ ਹੈ ਨ ਤਾਤ ਹੈ ਨ ਮਾਤ ਹੈ।
ਨ ਅੰਗ ਹੈ ਨ ਰੰਗ ਹੈ ਨ ਸੰਗ ਹੈ ਨ ਸਾਥ ਹੈ।
ਨ ਦੋਖ ਹੈ ਨ ਦਾਗ ਹੈ ਨ ਦ੍ਵੈਖ ਹੈ ਨ ਦੇਹ ਹੈ। ੭। ੧੬੭।

---
੧. ਇਸ ਤੋਂ ਬਾਦ ਕੁਝ ਬੀੜਾਂ ਵਿਚ 'ਨਰਾਜ ਛੰਦ' ਦੋਬਾਰਾ ਲਿਖਿਆ ਹੈ

ਤੇਰੀ ਕ੍ਰਿਪਾ ਨਾਲ। ਨਰਾਜ ਛੰਦ

(ਉਸ ਪਰਮਾਤਮਾ ਨੂੰ) ਮੁੱਢ ਤੋਂ ਹੀ ਅਟੁੱਟ ਅਤੇ ਨ ਨਸ਼ਟ ਕੀਤੇ ਜਾ ਸਕਣ ਵਾਲਿਆਂ ਨੂੰ ਵੀ ਨਸ਼ਟ ਕਰਨ ਵਾਲਾ ਜਾਣਿਆ ਜਾਂਦਾ ਹੈ; (ਉਹ) ਸਦਾ ਸੂਖਮ, ਸਥੂਲ ਹੈ ਅਤੇ ਨ ਟੁੱਟ ਸਕਣ ਵਾਲਿਆਂ ਨੂੰ ਤੋੜਨ ਵਾਲਾ ਸਮਝਿਆ ਜਾਂਦਾ ਹੈ; (ਉਹ) ਸਦਾ ਦੇਵ ਅਤੇ ਅਦੇਵ (ਦੈਂਤ) ਹੈ ਅਤੇ ਭੇਦ-ਯੁਕਤ ਅਤੇ ਭੇਦ-ਰਹਿਤ (ਗਿਆਨ ਦਾ) ਸੁਆਮੀ ਹੈ; ਸਾਰੀਆਂ ਸਿੱਧੀਆਂ ਨੂੰ ਵਿਕਸਿਤ ਕਰਨ ਵਾਲਾ ਅਤੇ ਸਦਾ ਸਭ ਦਾ ਸਾਥੀ ਹੈ।੧੬੧।

(ਉਹ) ਪਰਮਾਤਮਾ ਸਦਾ ਅਨਾਥਾਂ ਦਾ ਨਾਥ (ਸੁਆਮੀ) ਹੈ; ਨ ਭੰਨੇ ਜਾ ਸਕਣ ਵਾਲਿਆਂ ਨੂੰ ਭੰਨਣ ਵਾਲਾ ਹੈ; (ਉਹ) ਖ਼ਜ਼ਾਨਿਆਂ ਤੋਂ ਵਾਂਝਿਆਂ ਨੂੰ ਸਦਾ ਖ਼ਜ਼ਾਨੇ ਬਖਸ਼ਣ ਵਾਲਾ ਹੈ ਅਤੇ ਸਿੱਧੀਆਂ ਵਿਚ ਵਾਧਾ ਕਰਨ ਵਾਲਾ ਹੈ; (ਉਸ ਦਾ) ਸਰੂਪ ਉਪਮਾ ਤੋਂ ਰਹਿਤ ਰੂਪ ਵਾਲਾ ਹੈ ਅਤੇ (ਉਸ ਨੂੰ) ਅਮੁਕ ਤੇਜ ਵਾਲਾ ਸਮਝਿਆ ਜਾਂਦਾ ਹੈ; (ਉਸ ਨੂੰ) ਸਦਾ ਸ਼ੁੱਧ ਬੁੱਧੀ ਦੇਣ ਵਾਲਾ ਅਤੇ ਪ੍ਰਤਾਪ ਦਾ ਪ੍ਰਮਾਣ-ਪੱਤਰ ਮੰਨਿਆ ਜਾਂਦਾ ਹੈ।੧੬੨।

(ਉਸ ਨੂੰ) ਨ ਮੋਹ ('ਰਾਗ') ਹੈ ਅਤੇ ਨ ਹੀ (ਉਸ ਦਾ ਕੋਈ) ਰੂਪ-ਰੰਗ ਹੈ ਅਤੇ ਨ ਹੀ ਰੋਗ ਅਤੇ ਮਮਤਾ ਦੀ ਕੋਈ ਲਕੀਰ ਹੈ। (ਉਹ) ਦੋਸ਼-ਰਹਿਤ, ਬੇ-ਦਾਗ, ਸਾੜ-ਰਹਿਤ, ਭੌਤਿਕ ਤੱਤ੍ਵਾਂ ਤੋਂ ਮੁਕਤ ਅਤੇ ਭਰਮਾਂ ਤੇ ਭੇਖਾਂ ਤੋਂ ਪਰੇ ਹੈ। (ਉਸ ਦਾ) ਨ ਪਿਤਾ ਹੈ, ਨ ਮਾਤਾ, ਨ ਜਾਤਿ ਹੈ ਅਤੇ ਨ ਬਰਾਦਰੀ, ਨ ਹੀ ਕੋਈ ਚਿੰਨ੍ਹ ਜਾਂ ਵਰਨ ਹੈ। (ਉਹ) ਅਦ੍ਰਿਸ਼ਟ, ਅਨੰਤ (ਅਸ਼ੇਸ਼), ਭੇਖ-ਰਹਿਤ ਅਤੇ ਸਦਾ ਸੰਸਾਰ ਦੀ ਪਾਲਨਾ ਕਰਨ ਵਾਲਾ ਹੈ।੧੬੩।

(ਉਹ) ਜਗਤ ਨੂੰ ਭਰਨ ਵਾਲਾ ਅਤੇ ਉਸ ਦਾ ਸੁਆਮੀ ਹੈ ਅਤੇ ਵਿਸ਼ੇਸ਼ ਰੂਪ ਵਿਚ ਸੰਸਾਰ ਦੀ ਪਾਲਨਾ ਕਰਨ ਵਾਲਾ ਹੈ। (ਉਹ) ਧਰਤੀ ਅਤੇ ਆਕਾਸ਼ ਵਿਚਾਲੇ ਸਦਾ ਹੋਣ ਵਾਲੇ ਕਰਮਾਂ ਦਾ ਸੰਯੋਜਕ ਹੈ। ਉਸ ਨੂੰ ਦ੍ਵੈਸ਼-ਰਹਿਤ, ਭੇਖ-ਰਹਿਤ, ਲੇਖੇ ਤੋਂ ਬਿਨਾ ਸੁਆਮੀ ਸਮਝਣਾ ਚਾਹੀਦਾ ਹੈ। (ਉਸ ਨੂੰ) ਸਾਰੀਆਂ ਥਾਂਵਾਂ ਵਿਚ ਵਿਸ਼ੇਸ਼ ਰੂਪ ਵਿਚ ਸਦਾ ਮੌਜੂਦ ਮੰਨਣਾ ਚਾਹੀਦਾ ਹੈ।੧੬੪।

(ਉਹ) ਨ ਯੰਤ੍ਰ ਦੇ ਵਸ ਵਿਚ ਆਉਂਦਾ ਹੈ, ਨ ਤੰਤ੍ਰ ਅਤੇ ਮੰਤ੍ਰ ਦੇ ਕਾਬੂ ਹੁੰਦਾ ਹੈ। (ਉਸ ਨੂੰ) ਪੁਰਾਣ ਅਤੇ ਕੁਰਾਨ ਬੇਅੰਤ ਬੇਅੰਤ ਕਹਿੰਦੇ ਹਨ। (ਉਹ) ਨ ਕਰਮ ਵਿਚ, ਨ ਧਰਮ ਵਿਚ ਅਤੇ ਨ ਭਰਮ ਵਿਚ (ਲੁਪਤ) ਦਸਿਆ ਜਾਂਦਾ ਹੈ। ਨਾਸ ਤੋਂ ਰਹਿਤ ਉਹ ਆਦਿ ਦੇਵ ਨੂੰ ਦਸੋ ਕਿਸ ਤਰ੍ਹਾਂ ਪਾਇਆ ਜਾ ਸਕਦਾ ਹੈ।੧੬੫।

ਧਰਤੀ ਅਤੇ ਆਕਾਸ਼ ਵਿਚ ਸਭ ਥਾਂ (ਜਿਸ ਦੀ) ਇਕ ਜੋਤਿ (ਪਸਰੀ ਹੋਈ) ਹੈ; ਜੋ ਨ ਘਟਦੀ ਹੈ, ਨ ਵੱਧਦੀ ਹੈ ਅਤੇ ਨ ਘਟਦੀ-ਵਧਦੀ ਦੋਵੇਂ ਹੈ; (ਉਹ ਜੋਤਿ) ਨ ਘਾਟੇ ਵਾਲੀ ਹੈ, ਨ ਬਨਾਵਟ ਵਾਲੀ ਹੈ, (ਉਸ ਨੂੰ) ਸਮਾਨ ਰੂਪ ਵਾਲਾ ਸਮਝਣਾ ਚਾਹੀਦਾ ਹੈ; ਉਸ ਨੂੰ ਮਕਾਨਾਂ ਅਤੇ ਮਕਾਨਾਂ ਵਿਚ ਵਸਣ ਵਾਲਿਆਂ ਵਿਚ ਬੇ-ਮਿਸਾਲ ਪ੍ਰਕਾਸ਼ ਮੰਨਣਾ ਚਾਹੀਦਾ ਹੈ।੧੬੬।

(ਉਸ ਦਾ) ਨ ਸ਼ਰੀਰ ਹੈ, ਨ ਘਰ ਹੈ, ਨ ਜਾਤਿ ਹੈ ਅਤੇ ਨ ਹੀ ਬਰਾਦਰੀ; (ਉਸ ਦਾ) ਨ (ਕੋਈ) ਸਲਾਹਕਾਰ ਹੈ, ਨ ਮਿਤਰ ਹੈ, ਨ ਪਿਤਾ ਹੈ ਅਤੇ ਨ ਹੀ ਮਾਤਾ ਹੈ; (ਉਸ ਦਾ) ਨ (ਕੋਈ) ਅੰਗ-ਸਾਕ ਹੈ, ਨ ਰੰਗ ਹੈ, ਨ ਕਿਸੇ ਸੰਗੀ-ਸਾਥੀ ਦਾ ਸਨੇਹ ਹੈ; (ਉਸ ਨੂੰ) ਨ ਦੋਸ਼ ਹੈ, ਨ ਕਲੰਕ ਹੈ, ਨ ਦ੍ਵੈਸ਼ ਹੈ, ਨ ਦੇਹ ਹੈ।੧੬੭।

ਨ ਸਿੰਘ ਹੈ ਨ ਸ੍ਯਾਰ ਹੈ ਨ ਰਾਉ ਹੈ ਨ ਰੰਕ ਹੈ।
ਨ ਮਾਨ ਹੈ ਨ ਮੌਤ ਹੈ ਨ ਸਾਕ ਹੈ ਨ ਸੰਕ ਹੈ।
ਨ ਜਛ ਹੈ ਨ ਗੰਧ੍ਰਬ ਹੈ ਨ ਨਰੁ ਹੈ ਨ ਨਾਰਿ ਹੈ।
ਨ ਚੋਰ ਹੈ ਨ ਸਾਹ ਹੈ ਨ ਸਾਹ ਕੋ ਕੁਮਾਰ ਹੈ। ੮। ੧੬੮।

ਨ ਨੇਹ ਹੈ ਨ ਗੇਹ ਹੈ ਨ ਦੇਹ ਕੋ ਬਨਾਉ ਹੈ।
ਨ ਛਲ ਹੈ ਨ ਛਿਦ੍ਰ ਹੈ ਨ ਛਲ ਕੋ ਮਿਲਾਉ ਹੈ।
ਨ ਤੰਤ੍ਰ ਹੈ ਨ ਮੰਤ੍ਰ ਹੈ ਨ ਜੰਤ੍ਰ[1] ਕੋ ਸਰੂਪ ਹੈ।
ਨ ਰਾਗ ਹੈ ਨ ਰੰਗ ਹੈ ਨ ਰੇਖ ਹੈ ਨ ਰੂਪ ਹੈ। ੯। ੧੬੯।

ਨ ਜੰਤ੍ਰ ਹੈ ਨ ਮੰਤ੍ਰ ਹੈ ਨ ਤੰਤ੍ਰ ਕੋ ਬਨਾਉ ਹੈ।
ਨ ਛਲ ਹੈ ਨ ਛਿਦ੍ਰ ਹੈ ਨ ਛਾਇਆ ਕੋ ਮਿਲਾਉ[2] ਹੈ।
ਨ ਰਾਗ ਹੈ ਨ ਰੰਗ ਹੈ ਨ ਰੂਪ ਹੈ ਨ ਰੇਖ ਹੈ।
ਨ ਕਰਮ ਹੈ ਨ ਧਰਮ ਹੈ ਅਜਨਮ ਹੈ ਅਭੇਖ ਹੈ। ੧੦। ੧੭੦।

ਨ ਤਾਤ ਹੈ ਨ ਮਾਤ ਹੈ ਅਖ੍ਯਾਲ ਅਖੰਡ ਰੂਪ ਹੈ।
ਅਛੇਦ ਹੈ ਅਭੇਦ ਹੈ ਨ ਰੰਕ ਹੈ ਨ ਭੂਪ ਹੈ।
ਪਰੇ ਹੈ ਪਵਿਤ੍ਰ ਹੈ ਪੁਨੀਤ ਹੈ ਪੁਰਾਨ ਹੈ।
ਅਗੰਜ ਹੈ ਅਭੰਜ ਹੈ ਕਰੀਮ ਹੈ ਕੁਰਾਨ ਹੈ। ੧੧। ੧੭੧।

ਅਕਾਲ ਹੈ ਅਪਾਲ ਹੈ ਖਿਆਲ ਹੈ ਅਖੰਡ ਹੈ।
ਨ ਰੋਗ ਹੈ ਨ ਸੋਗ ਹੈ ਨ ਭੇਦ ਹੈ ਨ ਭੰਡ ਹੈ।
ਨ ਅੰਗ ਹੈ ਨ ਰੰਗ ਹੈ ਨ ਸੰਗ ਹੈ ਨ ਸਾਥ ਹੈ।
ਪ੍ਰਿਯਾ ਹੈ ਪਵਿਤ੍ਰ ਹੈ ਪੁਨੀਤ ਹੈ ਪ੍ਰਮਾਥ ਹੈ। ੧੨। ੧੭੨।

ਨ ਸੀਤ ਹੈ ਨ ਸੋਕ[3] ਹੈ ਨ ਘ੍ਰਾਮ ਹੈ ਨ ਘਾਮ ਹੈ।
ਨ ਲੋਭ ਹੈ ਨ ਮੋਹ ਹੈ ਨ ਕ੍ਰੋਧ ਹੈ ਨ ਕਾਮ ਹੈ।
ਨ ਦੇਵ ਹੈ ਨ ਦੈਤ ਹੈ ਨ ਨਰ ਕੋ ਸਰੂਪ ਹੈ।
ਨ ਛਲ ਹੈ ਨ ਛਿਦ੍ਰ ਹੈ ਨ ਛਿਦ੍ਰ ਕੀ ਬਿਭੂਤ ਹੈ। ੧੩। ੧੭੩।

ਨ ਕਾਮ ਹੈ ਨ ਕ੍ਰੋਧ ਹੈ ਨ ਲੋਭ ਹੈ ਨ ਮੋਹ ਹੈ।
ਨ ਦ੍ਵੈਖ ਹੈ ਨ ਭੇਖ ਹੈ ਨ ਦੁਈ ਹੈ ਨ ਦ੍ਰੋਹ ਹੈ।
ਨ ਕਾਲ ਹੈ ਨ ਬਾਲ ਹੈ ਸਦੀਵ ਦਿਆਲ ਰੂਪ ਹੈ।
ਅਗੰਜ ਹੈ ਅਭੰਜ ਹੈ ਅਭਰਮ ਹੈ ਅਭੂਤ ਹੈ। ੧੪। ੧੭੪।

ਅਛੇਦ ਛੇਦ ਹੈ ਸਦਾ ਅਗੰਜ ਗੰਜ ਗੰਜ ਹੈ।
ਅਭੂਤ ਭੇਖ ਹੈ ਬਲੀ ਅਰੂਪ ਰਾਗ ਰੰਗ ਹੈ।
ਨ ਦ੍ਵੈਖ ਹੈ ਨ ਭੇਖ ਹੈ ਨ ਕਾਮ ਕ੍ਰੋਧ ਕਰਮ ਹੈ।
ਨ ਜਾਤਿ ਹੈ ਨ ਪਾਤਿ ਹੈ ਨ ਚਿਤ੍ਰ ਚਿਹਨ ਬਰਨ ਹੈ। ੧੫। ੧੭੫।

੧. 'ਜੰਤ' ੨. 'ਪ੍ਰਭਾਉ' ੩. 'ਉਸਨ'

(ਉਹ) ਨ ਸ਼ੇਰ ਹੈ, ਨ ਗਿਦੜ ਹੈ, ਨ ਰਾਜਾ ਹੈ, ਨ ਭਿਖਾਰੀ ਹੈ; (ਉਸ ਨੂੰ) ਨ ਮਾਣ ਹੈ, ਨ ਮੌਤ, ਨ ਸਾਕ ਹੈ ਅਤੇ ਨ ਹੀ ਸ਼ੰਕਾ ਹੈ; ਨ ਯਕਸ਼ ਹੈ, ਨ ਗੰਧਰਬ ਹੈ, ਨ ਨਰ ਹੈ ਅਤੇ ਨ ਹੀ ਨਾਰੀ ਹੈ; ਨ ਚੋਰ ਹੈ, ਨ ਸ਼ਾਹ ਹੈ ਅਤੇ ਨ ਹੀ ਸ਼ਾਹੂਕਾਰ ਦਾ ਪੁੱਤਰ ਹੈ।੧੬੮।

(ਉਸ ਨੂੰ) ਨ ਮੋਹ ਹੈ, ਨ (ਉਸ ਦਾ) ਘਰ ਹੈ, ਨ ਸ਼ਰੀਰ ਹੈ ਅਤੇ ਨ ਹੀ ਬਨਾਵਟ ਹੈ; (ਉਸ ਵਿਚ) ਨ (ਕੋਈ) ਛਲ ਹੈ, ਨ ਛਿਦ੍ਰ (ਸੂਰਾਖ਼) ਹੈ, ਨ ਹੀ ਛਲ ਨਾਲ ਉਸ ਦਾ ਕੋਈ ਮੇਲ ਹੈ; (ਉਹ) ਨ ਤੰਤ੍ਰ ਹੈ, ਨ ਮੰਤ੍ਰ ਹੈ ਅਤੇ ਨ ਯੰਤ੍ਰ ਦਾ ਸਰੂਪ ਹੈ; (ਉਸ ਨੂੰ) ਨ ਮੋਹ ਹੈ, ਨ ਰੰਗ ਹੈ, (ਉਸ ਦਾ) ਨ ਆਕਾਰ ਹੈ ਅਤੇ ਨ ਹੀ (ਕੋਈ) ਸਰੂਪ ਹੈ।੧੬੯।

(ਉਹ) ਨ ਯੰਤ੍ਰ (ਦੇ ਵਸ) ਹੈ, ਨ ਮੰਤ੍ਰ ਅਤੇ ਨ ਤੰਤ੍ਰ ਦੁਆਰਾ ਬਣਿਆ ਹੈ, (ਉਹ) ਨ ਛਲ ਹੈ, ਨ ਛਿਦ੍ਰ (ਸੂਰਾਖ਼) ਹੈ ਅਤੇ ਨ ਮਾਇਆ ('ਛਾਇਆ') ਨਾਲ (ਉਸ ਦਾ) ਮੇਲ ਹੈ; (ਉਹ) ਨ ਮੋਹ ਹੈ, ਨ ਰੰਗ ਹੈ, ਨ ਰੂਪ ਵਾਲਾ ਹੈ ਅਤੇ ਨ ਹੀ ਆਕਾਰ ਵਾਲਾ ਹੈ; (ਉਹ) ਨ ਕਰਮ ਹੈ, ਨ ਧਰਮ ਹੈ, (ਉਹ) ਅਜਨਮਾ ਅਤੇ ਭੇਖ ਤੋਂ ਰਹਿਤ ਹੈ।੧੭੦।

(ਉਸ ਦਾ) ਨ ਪਿਤਾ ਹੈ, ਨ ਮਾਤਾ, (ਉਹ) ਖਿਆਲ ਤੋਂ ਉੱਚਾ ਅਖੰਡ ਰੂਪ ਵਾਲਾ ਹੈ। (ਉਹ) ਅਛੇਦ ਅਤੇ ਅਭੇਦ ਹੈ, (ਉਹ) ਨ ਭਿਖਾਰੀ ਹੈ ਅਤੇ ਨ ਹੀ ਰਾਜਾ। (ਉਹ ਸਭ ਤੋਂ) ਪਰੇ ਹੈ, ਪਵਿਤਰ ਹੈ, ਸਵੱਛ ਹੈ ਅਤੇ ਪੁਰਾਤਨ ਹੈ। (ਉਹ) ਨ ਨਾਸ਼ ਹੁੰਦਾ ਹੈ, ਨ ਟੁੱਟਦਾ ਹੈ, ਉਹ ਕ੍ਰਿਪਾਲੂ ਹੈ, ਪਵਿਤਰ ਧਰਮ-ਗ੍ਰੰਥ (ਕੁਰਾਨ) ਹੈ।੧੭੧।

(ਉਹ) ਕਾਲ-ਰਹਿਤ, ਪਾਲਣਾ-ਰਹਿਤ ਹੈ, (ਉਹ) ਚਿੰਤਨ (ਦਾ ਨਿਸ਼ਾਣਾ) ਹੈ ਅਤੇ ਅਖੰਡ ਸਰੂਪ ਵਾਲਾ ਹੈ। (ਉਸ ਨੂੰ) ਨ ਰੋਗ ਹੈ, ਨ ਸੋਗ ਹੈ, ਨ ਰਹੱਸਪੂਰਨ ਹੈ ਅਤੇ ਨ ਹੀ ਨਸ਼ਰ ਕੀਤੇ ਜਾਣ ਵਾਲਾ ਹੈ। ਉਸ ਦਾ ਨ (ਕੋਈ) ਅੰਗ (ਸ਼ਰੀਰ) ਹੈ, ਨ ਰੰਗ ਹੈ, ਨ (ਕੋਈ) ਸੰਗ-ਸਾਥ ਹੈ। (ਉਹ) ਪਿਆਰਾ ਹੈ, ਪਵਿਤਰ ਹੈ, ਸਵੱਛ ਹੈ ਅਤੇ (ਸਭ ਨੂੰ) ਅਧੀਨ ਰਖਣ ਵਾਲਾ ਹੈ।੧੭੨।

(ਉਹ) ਨ ਸਰਦੀ ਹੈ, ਨ ਗਰਮੀ ਹੈ, ਨ ਛਾਂ ਹੈ ਅਤੇ ਨ ਧੁਪ ਹੈ; (ਉਹ) ਨ ਲੋਭ ਹੈ, ਨ ਮੋਹ ਹੈ, ਨ ਕ੍ਰੋਧ ਹੈ ਅਤੇ ਨ ਹੀ ਕਾਮਨਾ ਹੈ। (ਉਹ) ਨ ਦੇਵਤਾ ਹੈ, ਨ ਦੈਂਤ ਹੈ ਅਤੇ ਨ ਪੁਰਖ ਸਰੂਪ ਵਾਲਾ ਹੈ। (ਉਸ ਵਿਚ) ਨ ਕੋਈ ਛਲ ਹੈ, ਨ ਛਿਦ੍ਰ ਹੈ ਅਤੇ ਨ ਹੀ ਨੁਕਸਾਂ ਵਾਲੀ ਵਿਭੂਤੀ (ਸੰਪੱਤੀ) ਹੈ।੧੭੩।

(ਉਸ ਨੂੰ) ਨ ਕਾਮ ਹੈ, ਨ ਕ੍ਰੋਧ ਹੈ, ਨ ਲੋਭ ਹੈ, ਨ ਮੋਹ ਹੈ, ਨ ਦ੍ਵੈਸ਼ ਹੈ, ਨ ਭੇਖ ਹੈ, ਨ ਦੂਈ ਦਾ ਭਾਵ ਹੈ ਅਤੇ ਨ ਧੋਖਾ ਹੈ। (ਉਹ) ਨ ਕਾਲ ਹੈ, ਨ ਬਾਲਕ ਹੈ, ਸਦਾ ਦਿਆਲੂ ਰੂਪ ਵਾਲਾ ਹੈ। (ਉਹ) ਅਗੰਜ ਹੈ, ਅਭੰਜ ਹੈ, ਭਰਮ ਅਤੇ ਪੰਜ ਭੂਤਾਂ ਤੋਂ ਉੱਚਾ ਹੈ।੧੭੪।

(ਉਹ) ਸਦਾ ਅਛੇਦ ਨੂੰ ਵੀ ਛੇਦਣ ਵਾਲਾ ਹੈ ਅਤੇ ਨਸ਼ਟ ਨ ਹੋਣ ਵਾਲਿਆਂ ਦਾ ਵੀ ਨਾਸ਼ਕ ਹੈ। ਤੱਤ੍ਵਾਂ ਤੋਂ ਬਿਨਾ ਵੀ ਉਹ ਬਲਵਾਨ ਸਰੂਪ ਵਾਲਾ ਹੈ ਅਤੇ ਉਹ ਰਾਗ-ਰੰਗ ਅਤੇ ਰੂਪ-ਰਹਿਤ ਹੈ। (ਉਸ ਵਿਚ) ਨ ਦ੍ਵੈਸ਼ ਹੈ, ਨ ਭੇਖ ਹੈ ਅਤੇ ਨ ਹੀ ਕਾਮ, ਕ੍ਰੋਧ ਅਤੇ ਕਰਮ ਹੈ। (ਉਸ ਦੀ) ਨ (ਕੋਈ) ਜਾਤਿ ਹੈ, ਨ ਬਰਾਦਰੀ ਹੈ ਅਤੇ ਨ ਹੀ (ਕੋਈ) ਚਿਤਰ, ਚਿੰਨ੍ਹ ਅਤੇ ਵਰਨ ਹੈ।੧੭੫।

ਬਿਅੰਤ ਹੈ ਅਨੰਤ ਹੈ ਅਨੰਤ ਤੇਜ ਜਾਨੀਐ।
ਅਭੂਮਿ ਅਭਿਜ ਹੈ ਸਦਾ ਅਛਿਜ ਤੇਜ ਮਾਨੀਐ।
ਨ ਆਧਿ ਹੈ ਨ ਬਿਆਧਿ ਹੈ ਅਗਾਧ ਰੂਪ ਲੇਖੀਐ।
ਅਦੋਖ ਹੈ ਅਦਾਗ ਹੈ ਅਛੈ ਪ੍ਰਤਾਪ ਪੇਖੀਐ। ੧੬। ੧੭੬।

ਨ ਕਰਮ ਹੈ ਨ ਭਰਮ ਹੈ ਨ ਧਰਮ ਕੋ ਪ੍ਰਭਾਉ ਹੈ।
ਨ ਜੰਤ੍ਰ ਹੈ ਨ ਤੰਤ੍ਰ ਹੈ ਨ ਮੰਤ੍ਰ ਕੋ ਰਲਾਉ ਹੈ।
ਨ ਛਲ ਹੈ ਨ ਛਿਦ੍ਰ ਹੈ ਨ ਛਿਦ੍ਰ ਕੇ ਸਰੂਪ ਹੈ।
ਅਭੰਗ ਹੈ ਅਨੰਗ ਹੈ ਅਗੰਜ ਸੀ ਬਿਭੂਤਿ ਹੈ। ੧੭। ੧੭੭।

ਨ ਕਾਮ ਹੈ ਨ ਕ੍ਰੋਧ ਹੈ ਨ ਲੋਭ ਮੋਹ ਕਾਰ ਹੈ।
ਨ ਆਧਿ ਹੈ ਨ ਗਾਧ[1] ਹੈ ਨ ਬਿਆਧ[1] ਕੋ ਬਿਚਾਰ ਹੈ।
ਨ ਰਾਗ ਰੰਗ ਰੂਪ ਹੈ ਨ ਰੂਪ ਰੇਖ ਰਾਰ[2] ਹੈ।
ਨ ਹਾਉ ਹੈ ਨ ਭਾਉ ਹੈ ਨ ਦਾਉ ਕੋ ਪ੍ਰਕਾਰ ਹੈ। ੧੮।੧੭੮।

ਗਜਾਧਪੀ ਨਰਾਧਪੀ ਕਰੰਤ ਸੇਵ ਹੈ ਸਦਾ।
ਸਿਤਸਪਤੀ[3] ਤਪਸਪਤੀ ਬਨਸਪਤੀ ਜਪਸ ਸਦਾ।
ਅਗਸਤ ਆਦਿ ਜੇ ਬੜੇ ਤਪਸਪਤੀ ਬਿਸੇਖੀਐ।
ਬਿਅੰਤ ਬਿਅੰਤ ਬਿਅੰਤ ਕੋ ਕਰੰਤ ਪਾਠ ਪੇਖੀਐ। ੧੯। ੧੭੯।

ਅਗਾਧ ਆਦਿ ਦੇਵ ਕੀ ਅਨਾਦਿ ਬਾਤ ਮਾਨੀਐ।
ਨ ਜਾਤਿ ਪਾਤਿ ਮੰਤ੍ਰਿ[4] ਮਿਤ੍ਰ ਸਤ੍ਰ ਸਨੇਹ ਜਾਨੀਐ।
ਸਦੀਵ ਸਰਬ ਲੋਕ ਕੋ ਕ੍ਰਿਪਾਲ ਖਿਆਲ ਮੈ ਰਹੈ।
ਤੁਰੰਤ ਦ੍ਰੋਹ ਦੇਹ ਕੇ ਅਨੰਤ ਭਾਤਿ ਸੋ ਦਹੈ। ੨੦। ੧੮੦।

ਤ੍ਵਪ੍ਰਸਾਦਿ। ਰੂਆਮਲ ਛੰਦ

ਰੂਪ ਰਾਗ ਨ ਰੇਖ ਰੰਗ ਨ ਜਨਮ ਮਰਨ ਬਿਹੀਨ।
ਆਦਿ ਨਾਥ ਅਗਾਧ ਪੁਰਖ ਸੁ ਧਰਮ ਕਰਮ ਪ੍ਰਬੀਨ।
ਜੰਤ੍ਰ ਮੰਤ੍ਰ ਨ ਤੰਤ੍ਰ ਜਾ ਕੋ ਆਦਿ ਪੁਰਖ ਅਪਾਰ।
ਹਸਤਿ ਕੀਟ ਬਿਖੈ ਬਸੈ ਸਬ ਠਉਰ ਮੈ ਨਿਰਧਾਰ। ੧। ੧੮੧।

ਜਾਤਿ ਪਾਤਿ ਨ ਤਾਤ ਜਾ ਕੋ ਮੰਤ੍ਰ ਮਾਤ ਨ ਮਿਤ੍ਰ।
ਸਰਬ ਠਉਰ ਬਿਖੈ ਰਮਿਓ ਜਿਹ ਚਕ੍ਰ ਚਿਹਨ ਨ ਚਿਤ੍ਰ।
ਆਦਿ ਦੇਵ ਉਦਾਰ ਮੂਰਤਿ ਅਗਾਧ ਨਾਥ ਅਨੰਤ।
ਆਦਿ ਅੰਤਿ ਨ ਜਾਨੀਐ ਅਬਿਖਾਦ ਦੇਵ ਦੁਰੰਤ। ੨। ੧੮੨।

੧. 'ਬਿਆਧ ਹੈ ਅਗਾਧ' ੨. 'ਕਾਰ', 'ਰਾਗ' ੩. 'ਸਿਤਸੁਤੀ' ੪. 'ਮੰਤ੍ਰ'

(ਉਹ) ਬੇਅੰਤ ਹੈ, ਅਨੰਤ ਹੈ, (ਉਸ ਨੂੰ) ਬੇਅੰਤ ਤੇਜ ਵਾਲਾ ਜਾਣਨਾ ਚਾਹੀਦਾ ਹੈ। (ਉਹ) ਖ਼ਾਕੀ (ਪਾਰਥਿਵ) ਨਹੀਂ ਹੈ, ਪ੍ਰਭਾਵਿਤ ਹੋਣ ਵਾਲਾ ਨਹੀਂ ਹੈ, (ਉਸ ਨੂੰ) ਸਦਾ ਨ ਛਿਝਣ ਵਾਲਾ ਤੇਜ ਮੰਨਣਾ ਚਾਹੀਦਾ ਹੈ। (ਉਸ ਨੂੰ) ਨ ਮਾਨਸਿਕ ਰੋਗ ਹੈ, ਨ ਸ਼ਰੀਰਕ ਰੋਗ ਹੈ; (ਉਸ ਨੂੰ) ਅਗਾਧ ਰੂਪ ਵਾਲਾ ਗਿਣਨਾ ਚਾਹੀਦਾ ਹੈ। (ਉਹ) ਦੋਖ ਤੋਂ ਬਿਨਾ ਹੈ, ਦਾਗ ਤੋਂ ਰਹਿਤ ਹੈ, (ਉਸ ਨੂੰ) ਸਦਾ ਨਸ਼ਟ ਨ ਹੋਣ ਵਾਲੇ ਪ੍ਰਤਾਪ ਵਾਲਾ ਵੇਖਣਾ ਚਾਹੀਦਾ ਹੈ।੧੭੬।

(ਉਸ ਵਿਚ) ਨ ਕਰਮ ਹੈ, ਨ ਭਰਮ ਹੈ; (ਉਸ ਉਤੇ) ਨ ਧਰਮ ਦਾ ਪ੍ਰਭਾਵ ਹੈ। ਉਹ ਨ ਯੰਤ੍ਰਾਂ ਵਿਚ, ਨ ਤੰਤ੍ਰਾਂ ਵਿਚ ਅਤੇ ਨ ਹੀ ਮੰਤ੍ਰਾਂ ਵਿਚ ਰਲਿਆ ਹੋਇਆ ਹੈ। (ਉਹ) ਨ ਛਲ ਹੈ, ਨ ਛਿਦ੍ਰ ਹੈ ਅਤੇ ਨ ਹੀ ਛਿਦ੍ਰ (ਨੁਕਸ) ਵਾਲਾ ਸਰੂਪ ਰਖਦਾ ਹੈ। (ਉਹ) ਨਾਸ਼ ਤੋਂ ਬਿਨਾ, ਸ਼ਰੀਰ ਤੋਂ ਬਿਨਾ ਅਤੇ ਨਸ਼ਟ ਨ ਹੋਣ ਵਾਲੀ ਸੰਪਦਾ ਹੈ।੧੭੭।

(ਉਸ ਨੂੰ) ਨ ਕਾਮ ਹੈ, ਨ ਕ੍ਰੋਧ ਹੈ ਅਤੇ ਨ ਲੋਭ, ਮੋਹ ਅਤੇ ਹੰਕਾਰ ('ਕਾਰ') ਹੈ। ਉਹ ਨ ਆਧਿ ਹੈ, ਨ ਹੀ (ਕਿਸੇ ਪ੍ਰਾਪਤੀ ਦੀ ਉਸ ਨੂੰ) ਚਾਹ ('ਗਾਧ') ਹੈ ਅਤੇ ਨ ਹੀ ਵਿਆਧਿ ਦਾ ਵਿਚਾਰ ਹੈ। (ਉਹ) ਨ ਰੰਗ, ਰਾਗ ਅਤੇ ਸਰੂਪ ਵਾਲਾ ਹੈ, ਨ ਹੀ ਰੂਪ-ਰੇਖਾ ਦੀ ਕੋਈ ਰੜਕ ਹੈ। (ਉਸ ਵਿਚ) ਨ ਹਾਵ-ਭਾਵ ਹੈ ਅਤੇ ਨ ਹੀ ਦਾਉ-ਪੇਚ ਦਾ ਕੋਈ ਢੰਗ ਹੈ।੧੭੮।

(ਜਿਸ ਦੀ) (ਐਰਾਵਤ ਦਾ ਸੁਆਮੀ) ਇੰਦਰ ਅਤੇ (ਨਰਾਂ ਦਾ ਸੁਆਮੀ) ਕੁਬੇਰ ਸਦਾ ਸੇਵਾ ਕਰਦੇ ਹਨ; (ਜਿਸ ਦਾ) ਚੰਦ੍ਰਮਾ ('ਸਿਤਸਪਤੀ'), ਸੂਰਜ ਅਤੇ ਵਰੁਣ ਸਦਾ ਜਪ ਕਰਦੇ ਹਨ, ਅਗਸਤ ਆਦਿ ਵੱਡੇ ਵੱਡੇ ਵਿਸ਼ੇਸ਼ ਤਪਸਵੀ (ਸਭ ਉਸ ਨੂੰ) ਬੇਅੰਤ ਬੇਅੰਤ ਬੇਅੰਤ ਕਹਿੰਦੇ ਵੇਖੇ ਗਏ ਹਨ।੧੭੯।

ਉਸ ਅਗਾਧ, ਆਦਿ ਦੇਵ ਦੀ ਗੱਲ (ਬ੍ਰਿਤਾਂਤ) ਅਨਾਦਿ ਹੈ। (ਉਸ ਦੀ) ਨ ਜਾਤਿ ਹੈ, ਨ ਬਰਾਦਰੀ ਹੈ, ਨ ਹੀ (ਉਸ ਦਾ ਕੋਈ) ਸਲਾਹਕਾਰ, ਮਿਤਰ, ਵੈਰੀ ਅਤੇ ਸਨੇਹੀ ਸਮਝਣਾ ਚਾਹੀਦਾ ਹੈ। (ਜੋ ਵਿਅਕਤੀ) ਸਦਾ ਸਭ ਲੋਕਾਂ ਉਤੇ ਕ੍ਰਿਪਾਲੂ (ਪਰਮ ਸੱਤਾ) ਨੂੰ ਆਪਣੇ ਧਿਆਨ ਵਿਚ ਰਖਦੇ ਹਨ, (ਉਨ੍ਹਾਂ ਦੀ) ਦੇਹ ਦੇ ਅਨੇਕ ਤਰ੍ਹਾਂ ਦੇ ਦੁਖ ਤੁਰਤ ਹੀ ਸੜ ਜਾਂਦੇ ਹਨ।੧੮੦।

ਤੇਰੀ ਕ੍ਰਿਪਾ ਨਾਲ। ਰੂਆਮਲ ਛੰਦ

(ਜਿਸ ਦਾ) ਰੂਪ, ਰਾਗ, ਰੇਖਾ ਅਤੇ ਰੰਗ ਨਹੀਂ ਹੈ ਅਤੇ (ਜੋ) ਜਨਮ-ਮਰਨ ਤੋਂ ਰਹਿਤ ਹੈ, (ਜੋ) ਮੁੱਢ-ਕਦੀਮ ਦਾ ਸਭ ਦਾ ਸੁਆਮੀ, ਅਗਾਧ ਪੁਰਖ ਹੈ ਅਤੇ ਧਰਮ ਕਰਮ ਵਿਚ ਪ੍ਰਬੀਨ ਹੈ; (ਜਿਸ ਨੂੰ) ਯੰਤ੍ਰ, ਮੰਤ੍ਰ ਅਤੇ ਤੰਤ੍ਰ ਆਦਿ (ਵਸ ਵਿਚ ਨਹੀਂ) ਕਰ ਸਕਦੇ ਅਤੇ ਜੋ ਆਦਿ ਪੁਰਖ ਅਤੇ ਅਪਾਰ ਹੈ; (ਜੋ) ਹਾਥੀ ਤੋਂ ਲੈ ਕੇ ਕੀੜੇ ਤਕ ਵਿਚ ਵਸਦਾ ਹੈ ਅਤੇ ਜੋ ਸਾਰੀਆਂ ਥਾਂਵਾਂ ਵਿਚ ਬਿਨਾ ਕਿਸੇ ਆਧਾਰ ਦੇ ਮੌਜੂਦ ਹੈ।੧੮੧।

ਜਿਸ ਦੀ (ਕੋਈ) ਜਾਤਿ, ਬਰਾਦਰੀ, ਪਿਤਾ, ਮਾਤਾ, ਸਲਾਹਕਾਰ ਅਤੇ ਮਿਤਰ ਨਹੀਂ ਹੈ; ਜੋ ਸਭ ਥਾਂਵਾਂ ਵਿਚ ਰਮਣ ਕਰ ਰਿਹਾ ਹੈ ਅਤੇ ਜਿਸ ਦਾ ਕੋਈ ਚਿੰਨ੍ਹ-ਚੱਕਰ ਅਤੇ ਸਰੂਪ ('ਚਿਤ੍ਰ') ਨਹੀਂ ਹੈ; (ਜੋ) ਆਦਿ-ਦੇਵ, ਉਦਾਰ ਸੁਭਾ ਵਾਲਾ, ਅਗਾਧ ਅਤੇ ਅਨੰਤ ਸੁਆਮੀ ਹੈ; (ਜਿਸ ਦੇ) ਆਦਿ ਅਤੇ ਅੰਤ ਦਾ ਪਤਾ ਨਹੀਂ (ਅਤੇ ਜੋ) ਬਖੇੜਿਆਂ ਤੋਂ ਮੁਕਤ ਅਤੇ ਬੇਅੰਤ ਇਸ਼ਟ-ਦੇਵ ਹੈ।੧੮੨।

ਦੇਵ ਭੇਵ ਨ ਜਾਨਹੀ ਜਿਸ ਮਰਮ ਬੇਦ ਕਤੇਬ।
ਸਨਕ ਅਉ ਸਨਕੇਸੁ ਨੰਦਨ ਪਾਵਹੀ ਨ ਹਸੇਬ।
ਜਛ ਕਿੰਨਰ ਮਛ ਮਾਨਸ ਮੁਰਗ ਉਰਗ ਅਪਾਰ।
ਨੇਤਿ ਨੇਤਿ ਪੁਕਾਰਹੀ ਸਿਵ ਸਕ੍ਰ ਔ ਮੁਖਚਾਰ। ੩। ੧੯੩।

ਸਰਬ ਸਪਤ ਪਤਾਰ ਕੇ ਤਰਿ ਜਾਪਹੀ ਜਿਹ ਜਾਪ।
ਆਦਿ ਦੇਵ ਅਗਾਧਿ ਤੇਜ ਅਨਾਦਿ ਮੂਰਤਿ ਅਤਾਪ।
ਜੰਤ੍ਰ ਮੰਤ੍ਰ ਨ ਆਵਈ ਕਰਿ ਤੰਤ੍ਰ ਮੰਤ੍ਰ ਨ ਕੀਨ।
ਸਰਬ ਠਉਰ ਰਹਿਓ ਬਿਰਾਜ ਧਿਰਾਜ ਰਾਜ ਪ੍ਰਬੀਨ। ੪।੧੯੪।

ਜਛ ਗੰਧ੍ਰਬ ਦੇਵ ਦਾਨੋ ਨ ਬ੍ਰਹਮ ਛਤ੍ਰੀਅਨ ਮਾਹਿ।
ਬੈਸਨੰ ਕੇ ਬਿਖੈ ਬਿਰਾਜੈ ਸੂਦ੍ਰ ਭੀ ਵਹ ਨਾਹਿ।
ਗੁੜ ਗਉਡ ਨ ਭੀਲ ਭੀ ਕਰ ਬ੍ਰਹਮ ਸੇਖ ਸਰੂਪ।
ਰਾਤਿ ਦਿਵਸ ਨ ਮਧ ਉਰਧ ਨ ਭੂਮਿ ਅਕਾਸ ਅਨੂਪ। ੫। ੧੯੫।

ਜਾਤਿ ਜਨਮ ਨ ਕਾਲ ਕਰਮ ਨ ਧਰਮ ਕਰਮ ਬਿਹੀਨ।
ਤੀਰਥ ਜਾਤ੍ਰ ਨ ਦੇਵ ਪੂਜਾ ਗੋਰ ਕੇ ਨ ਅਧੀਨ।
ਸਰਬ ਸਪਤ ਪਤਾਰ ਕੇ ਤਰਿ ਜਾਨੀਐ ਜਿਹ ਜੋਤਿ।
ਸੇਸ ਨਾਮ ਸਹੰਸਫਨਿ ਨਹਿ ਨੇਤ ਪੂਰਨ ਹੋਤ। ੬। ੧੯੬।

ਸੋਧਿ ਸੋਧਿ ਹਟੇ ਸਭੈ ਸੁਰ ਬਿਰੋਧ ਦਾਨਵ ਸਰਬ।
ਗਾਇ ਗਾਇ ਹਟੇ ਗੰਧ੍ਰਬ ਗਵਾਇ ਕਿੰਨਰ ਗਰਬ।
ਪੜਤ ਪੜਤ ਥਕੇ ਮਹਾ ਕਬਿ ਗੜਤ ਗਾੜ ਅਨੰਤ।
ਹਾਰ ਹਾਰ[1] ਕਹਿਓ ਸਭੂ ਮਿਲਿ ਨਾਮ ਨਾਮ ਦੁਰੰਤ। ੭। ੧੯੭।

ਬੇਦ ਭੇਦ ਨ ਪਾਇਓ ਲਖਿਓਨ ਸੇਬ ਕਤੇਬ।
ਦੇਵ ਦਾਨੋ ਮੂੜ ਮਾਨੋ ਜਛ ਨ ਜਾਨੈ ਜੇਬ।
ਭੂਤ ਭਬ[2] ਭਵਾਨ ਭੂਪਤਿ ਆਦਿ ਨਾਥ ਅਨਾਥ।
ਅਗਨਿ ਬਾਇ ਜਲੇ ਥਲੇ ਮਹਿ ਸਰਬ ਠਉਰ ਨਿਵਾਸ।੮।੧੯੮।

ਦੇਹ ਗੇਹ ਨ ਨੇਹ ਸਨੇਹਿ[3] ਅਬੇਹ ਨਾਕ ਅਜੀਤ।
ਸਰਬ ਗੰਜਨ[4] ਸਰਬ ਭੰਜਨ ਸਰਬ ਤੇ ਅਨਭੀਤ।
ਸਰਬ ਕਰਤਾ ਸਰਬ ਹਰਤਾ ਸਰਬ ਦਯਾਲ ਅਦ੍ਵੈਖ।
ਚਕ੍ਰ ਚਿਹਨ ਨ ਬਰਨ ਜਾ ਕੋ ਜਾਤਿ ਪਾਤਿ ਨ ਭੇਖ। ੯। ੧੯੯।

---

੧. 'ਹਰਿ ਹਰਿ' ੨. 'ਭਯ' ੩. 'ਸਨਹਿ' ੪. 'ਮੰਜਨ'

ਜਿਸ ਦਾ ਭੇਦ ਦੇਵਤੇ ਨਹੀਂ ਜਾਣਦੇ ਅਤੇ (ਨ ਹੀ ਉਸ ਦਾ) ਰਹੱਸ ਵੇਦ ਅਤੇ ਕਤੇਬ ਪਾ ਸਕੇ ਹਨ। ਬ੍ਰਹਮਾ ('ਸਨਕੇਸ'), ਸਨਕ, ਆਦਿ ਸੇਵਾ ਕਰ ਕੇ ਜਿਸ ਦਾ ਅਨੁਮਾਨ ਨਹੀਂ ਲਗਾ ਸਕੇ। ਯਕਸ਼, ਕਿੰਨਰ, ਮੱਛ, ਮਨੁੱਖ, ਪੰਛੀ ('ਮੁਰਗ'), ਸੱਪ (ਆਦਿ ਉਸ ਦੇ ਭੇਦ ਨੂੰ ਨਹੀਂ ਪਾ ਸਕੇ) ਸ਼ਿਵ, ਇੰਦਰ ('ਸਕ੍ਰ'), ਬ੍ਰਹਮਾ (ਜਿਸ ਨੂੰ) ਬੇਅੰਤ ਬੇਅੰਤ ਕਹਿੰਦੇ ਹਨ।੧੯੩।

ਸਾਰੇ ਸੱਤਾਂ ਪਾਤਾਲਾਂ ਦੇ ਹੇਠਾਂ ਜਿਸ ਦਾ ਜਾਪ ਜਪਿਆ ਜਾਂਦਾ ਹੈ, (ਉਹ) ਆਦਿ ਦੇਵ ਅਗਾਧ ਤੇਜ ਵਾਲਾ, ਅਨਾਦਿ ਸਰੂਪ ਵਾਲਾ ਅਤੇ ਦੁਖਾਂ ਤੋਂ ਰਹਿਤ ਹੈ, (ਉਹ) ਯੰਤ੍ਰ, ਮੰਤ੍ਰ ਨਾਲ ਹੱਥ ਨਹੀਂ ਆਉਂਦਾ, ਤੰਤ੍ਰ-ਮੰਤ੍ਰ ਨਾਲ ਵਸ ਨਹੀਂ ਕੀਤਾ ਜਾ ਸਕਦਾ। (ਉਹ) ਸਭ ਦਾ ਸੁਆਮੀ ਸਾਰੇ ਸਥਾਨਾਂ ਵਿਚ ਪ੍ਰਬੀਨਤਾ-ਪੂਰਵਕ ਬਿਰਾਜਮਾਨ ਹੈ।੧੯੪।

(ਉਹ) ਯਕਸ਼ਾਂ, ਗੰਧਰਬਾਂ, ਦੇਵਤਿਆਂ, ਦੈਂਤਾ, ਬ੍ਰਾਹਮਣਾਂ, ਛਤ੍ਰੀਆਂ ਵਿਚ ਨਹੀਂ ਹੈ; ਉਹ ਵੈਸ਼ਣਵਾਂ ਅਤੇ ਸ਼ੂਦਰਾਂ ਵਿਚ ਵੀ ਨਹੀਂ ਬਿਰਾਜਦਾ। (ਉਹ) ਨ ਗੰਭੀਰ ਗੌੜ, ਭਿਆਨਕ ਭੀਲ ਅਤੇ ਬ੍ਰਾਹਮਣ ਤੇ ਸ਼ੇਖ ਦੇ ਸਰੂਪ ਵਿਚ ਹੈ। (ਉਹ) ਅਨੁਪਮ ਨ ਰਾਤ ਦਿਨ ਵਿਚ ਹੈ ਅਤੇ ਨ ਹੀ ਪਾਤਾਲ, ਧਰਤੀ ਅਤੇ ਆਕਾਸ਼ ਵਿਚ ਹੈ।੧੯੫।

(ਜਿਸ ਦੀ) ਨ ਜਾਤਿ ਹੈ, ਨ ਜਨਮ ਹੈ, ਨ ਮ੍ਰਿਤੂ ਹੈ, ਨ ਕਰਮ ਹੈ ਅਤੇ (ਜੋ) ਨ ਧਰਮ-ਕਰਮ ਤੋਂ ਰਹਿਤ ਹੈ। (ਜੋ) ਤੀਰਥ-ਯਾਤ੍ਰਾ, ਦੇਵ-ਪੂਜਾ ਅਤੇ ਮੜ੍ਹੀ-ਮਸਾਣਾਂ ਦੀ ਪੂਜਾ ਦੇ ਅਧੀਨ ਵੀ ਨਹੀਂ ਹੈ, ਜਿਸ ਦੀ ਜੋਤਿ ਸਾਰੇ ਸੱਤਾਂ ਪਾਤਾਲਾਂ ਦੇ ਹੇਠਾਂ ਜਾਣੀ ਜਾਂਦੀ ਹੈ। ਹਜ਼ਾਰ ਫਨਾਂ ਵਾਲਾ ਸ਼ੇਸ਼ਨਾਗ ਵੀ ਨਿਤ ਨਵੇਂ ਨਾਂਵਾਂ ਨਾਲ (ਉਸ ਦੇ) ਸਾਰੇ ਨਾਂ ਸਿਮਰ ਨਹੀਂ ਸਕਿਆ ਹੈ। ੧੯੬।

ਸਾਰੇ ਦੇਵਤੇ (ਉਸ ਨੂੰ) ਲਭ ਲਭ ਕੇ ਥਕ ਗਏ ਹਨ ਅਤੇ ਸਾਰੇ ਦੈਂਤ ਵਿਰੋਧ ਕਰ ਕਰ ਕੇ (ਹਾਰ ਗਏ ਹਨ)। (ਉਸ ਨੂੰ) ਗਾਉਂਦੇ ਗਾਉਂਦੇ ਗੰਧਰਬ ਥਕ ਗਏ ਹਨ ਅਤੇ ਕਿੰਨਰ (ਵੀ ਵਾਜੇ ਵਜਾ ਵਜਾ ਕੇ) ਆਪਣਾ ਗੌਰਵ ਗੰਵਾ ਚੁਕੇ ਹਨ। ਮਹਾ ਕਵੀ ਵੀ ਅਨੰਤ ਕਾਵਿ ਰਚ ਕੇ ਅਤੇ ਉਨ੍ਹਾਂ ਨੂੰ ਪੜ੍ਹ ਪੜ੍ਹ ਕੇ ਥਕ ਗਏ ਹਨ। (ਪਰ) ਹਾਰ ਕੇ ਸਭ ਇਸ ਨਤੀਜੇ ਉਤੇ ਪਹੁੰਚੇ ਹਨ ਕਿ (ਉਸ ਪਰਮਾਤਮਾ ਦੇ ਸਾਰੇ) ਨਾਂਵਾਂ ਦਾ ਅੰਤ ਪਾ ਸਕਣਾ ਬਹੁਤ ਔਖਾ ਹੈ।੧੯੭।

(ਉਸ ਦਾ) ਵੇਦਾਂ ਨੇ ਭੇਦ ਨਹੀਂ ਪਾਇਆ ਅਤੇ ਨ ਕਤੇਬਾਂ ਨੇ (ਉਸ) ਸੇਵਾ ਕਰਨ ਯੋਗ ਦਾ ਅੰਤ ਵੇਖਿਆ ਹੈ। ਜਿਸ ਦੀ ਸ਼ਕਲ ('ਜੇਬ') ਨੂੰ ਯਕਸ਼ ਨਹੀਂ ਜਾਣ ਸਕੇ ਅਤੇ ਦੇਵਤੇ ਅਤੇ ਦੈਂਤ ਮਾਨੋ (ਜਾਣਨ ਦਾ ਯਤਨ ਕਰਦੇ ਕਰਦੇ) ਮੂਰਖ ਸਿੱਧ ਹੋ ਗਏ ਹੋਣ। (ਉਹ ਪ੍ਰਭੂ) ਭੂਤ, ਭਵਿਖ ਅਤੇ ਵਰਤਮਾਨ ਦਾ ਰਾਜਾ ਹੈ ਅਤੇ ਆਦਿ ਨਾਥ ਅਤੇ ਨਾਸ਼ ਤੋਂ ਰਹਿਤ ਹੈ। (ਉਸ ਦਾ) ਅਗਨੀ, ਵਾਯੂ, ਜਲ, ਥਲ ਆਦਿ ਸਭਨਾਂ ਸਥਾਨਾਂ ਵਿਚ ਵਾਸਾ ਹੈ।੧੯੮।

(ਜਿਸ ਦਾ) ਸ਼ਰੀਰ ਅਤੇ ਘਰ ਨਾਲ ਸਨੇਹ ਨਹੀਂ ਹੈ ਅਤੇ ਜੋ ਅਜਿਤ ਅਤੇ ਨ ਵਿੰਨ੍ਹੇ ਜਾ ਸਕਣ ਵਾਲਾ ਸੁਆਮੀ ਹੈ। (ਜੋ) ਸਭ ਨੂੰ ਨਸ਼ਟ ਕਰਨ ਵਾਲਾ, ਸਭ ਨੂੰ ਤੋੜਨ ਵਾਲਾ ਅਤੇ ਸਭ ਦੇ ਡਰ ਤੋਂ ਰਹਿਤ ਹੈ। (ਜੋ) ਸਭ ਦਾ ਕਰਤਾ, ਸਭ ਦਾ ਨਾਸ਼ਕ, ਸਭ ਉਤੇ ਦਿਆਲੂ ਅਤੇ ਅਦ੍ਵੈਸ਼ ਹੈ। ਜਿਸ ਦਾ ਚੱਕਰ, ਚਿੰਨ੍ਹ ਅਤੇ ਵਰਨ ਨਹੀਂ, ਨ ਹੀ (ਕੋਈ) ਜਾਤਿ, ਬਰਾਦਰੀ ਅਤੇ ਭੇਖ ਹੈ।੧੯੯।

ਰੂਪ ਰੇਖ ਨ ਰੰਗ ਜਾ ਕੋ ਰਾਗ ਰੂਪ ਨ ਰੰਗ।
ਸਰਬ ਲਾਇਕ ਸਰਬ ਘਾਇਕ ਸਰਬ ਤੇ ਅਨਭੰਗ।
ਸਰਬ ਦਾਤਾ ਸਰਬ ਗਿਆਤਾ ਸਰਬ ਕੋ ਪ੍ਰਤਿਪਾਲ।
ਦੀਨਬੰਧੁ ਦਯਾਲ ਸੁਆਮੀ ਆਦਿ ਦੇਵ ਅਪਾਲ। ੧੦। ੧੯੦।

ਦੀਨਬੰਧੁ ਪ੍ਰਬੀਨ ਸ੍ਰੀਪਤਿ ਸਰਬ ਕੋ ਕਰਤਾਰ।
ਬਰਨ ਚਿਹਨ ਨ ਚਕ੍ਰ ਜਾਕੋ ਚਕ੍ਰ ਚਿਹਨ ਅਕਾਰ।
ਜਾਤਿ ਪਾਤਿ ਨ ਗੋਤ੍ਰ ਗਾਥਾ ਰੂਪ ਰੇਖ ਨ ਬਰਨ।
ਸਰਬ ਦਾਤਾ ਸਰਬ ਗ੍ਯਾਤਾ ਸਰਬ ਭੂਅ ਕੋ ਭਰਨ। ੧੧। ੧੯੧।

ਦੁਸਟ ਗੰਜਨ ਸਤ੍ਰੁ ਭੰਜਨ ਪਰਮ ਪੁਰਖ ਪ੍ਰਮਾਥ।
ਦੁਸਟ ਹਰਤਾ ਸ੍ਰਿਸਟ ਕਰਤਾ ਜਗਤ ਮੈ ਜਿਹ ਗਾਥ।
ਭੂਤ ਭਬ ਭਵਿਖ ਭਵਾਨ ਪ੍ਰਮਾਨ ਦੇਵ ਅਗੰਜ।
ਆਦਿ ਅੰਤ ਅਨਾਦਿ ਸ੍ਰੀਪਤਿ ਪਰਮ ਪੁਰਖ ਅਭੰਜ। ੧੨। ੧੯੨।

ਧਰਮ ਕੇ ਅਨ ਕ੍ਰਮ ਜੇਤਕ ਕੀਨ ਤਉਨ ਪਸਾਰ।
ਦੇਵ ਅਦੇਵ ਗੰਧਰਬ ਕਿੰਨਰ ਮਛ ਕਛ ਅਪਾਰ।
ਭੂਮਿ ਅਕਾਸ ਜਲੇ ਥਲੇ ਮਹਿ ਮਾਨੀਐ ਜਿਹ ਨਾਮੁ।
ਦੁਸਟ ਹਰਤਾ ਪੁਸਟ ਕਰਤਾ ਸ੍ਰਿਸਟਿ ਹਰਤਾ ਕਾਮ। ੧੩। ੧੯੩।

ਦੁਸਟ ਹਰਨਾ ਸ੍ਰਿਸਟ ਕਰਨਾ ਦਯਾਲ ਲਾਲ ਗੋਬਿੰਦ।
ਮਿਤ੍ਰ ਪਾਲਕ ਸਤ੍ਰੁ ਘਾਲਕ ਦੀਨ ਦਯਾਲ ਮੁਕੰਦ।
ਅਘਉ ਡੰਡਣ ਦੁਸਟ ਖੰਡਣ ਕਾਲ ਹੂੰ ਕੇ ਕਾਲ।
ਦੁਸਟ ਹਰਣੰ ਪੁਸਟ ਕਰਣੰ ਸਰਬ ਕੇ ਪ੍ਰਤਿਪਾਲ। ੧੪। ੧੯੪।

ਸਰਬ ਕਰਤਾ ਸਰਬ ਹਰਤਾ ਸਰਬ ਕੋ[੧] ਅਨਕਾਮ।
ਸਰਬ ਖੰਡਣ ਸਰਬ ਦੰਡਣ ਸਰਬ ਕੇ ਨਿਜ ਭਾਮ[੨]।
ਸਰਬ ਭੁਗਤਾ ਸਰਬ ਜੁਗਤਾ ਸਰਬ ਕਰਮ ਪ੍ਰਬੀਨ।
ਸਰਬ ਖੰਡਣ ਸਰਬ ਦੰਡਣ ਸਰਬ ਕਰਮ ਅਧੀਨ। ੧੫। ੧੯੫।

ਸਰਬ ਸਿੰਮ੍ਰਿਤਨ ਸਰਬ ਸਾਸਤ੍ਰਨ ਸਰਬ ਬੇਦ ਬਿਚਾਰ।
ਦੁਸਟ ਹਰਤਾ ਬਿਸ੍ਵ ਭਰਤਾ ਆਦਿ ਰੂਪ ਅਪਾਰ।
ਦੁਸਟ ਦੰਡਣ ਪੁਸਟ ਖੰਡਣ ਆਦਿ ਦੇਵ ਅਖੰਡ।
ਭੂਮਿ ਅਕਾਸ ਜਲੇ ਥਲੇ ਮਹਿ ਜਪਤ ਜਾਪ ਅਮੰਡ। ੧੬। ੧੯੬।

੧.'ਤੇ' ੨. 'ਧਾਮ'

ਜਿਸ ਦਾ ਰੂਪ, ਰੇਖ ਅਤੇ ਰੰਗ ਨਹੀਂ ਹੈ ਅਤੇ ਨ ਹੀ ਰਾਗ-ਰੰਗ ਅਤੇ ਰੂਪ ਹੈ। (ਜੋ) ਸਭ ਕੁਝ ਕਰਨ ਦੇ ਸਮਰਥ ਅਤੇ ਸਭ ਦਾ ਸੰਘਾਰਕ ਅਤੇ ਅਜਿਤ ਹੈ। (ਉਹ) ਸਭ ਦਾ ਦਾਤਾ, ਸਭ ਨੂੰ ਜਾਣਨ ਵਾਲਾ ਅਤੇ ਸਭ ਦੀ ਪਾਲਨਾ ਕਰਨ ਵਾਲਾ ਹੈ। (ਉਹ ਸਭ) ਦੀਨਾਂ ਦਾ ਬੰਧੂ, ਦਿਆਲੂ ਸੁਭਾ ਵਾਲਾ ਸੁਆਮੀ ਅਤੇ ਕਿਸੇ ਦੀ ਪਾਲਨਾ ਤੋਂ ਰਹਿਤ ਆਦਿ ਦੇਵ ਹੈ।੧੯੦।

(ਉਹ) ਪਰਮਾਤਮਾ ਦੀਨਾਂ ਦਾ ਬੰਧੂ, ਪ੍ਰਬੀਨ, ਮਾਇਆ ਦਾ ਪਤੀ ਅਤੇ ਸਭ ਦਾ ਕਰਤਾ ਹੈ; ਜਿਸ ਦਾ (ਕੋਈ) ਵਰਨ, ਚਿੰਨ੍ਹ-ਚੱਕਰ, ਮੁਹਾਂਦਰਾ ਅਤੇ ਸ਼ਰੀਰ ਨਹੀਂ ਹੈ; (ਜਿਸ ਦੀ) ਜਾਤਿ ਬਰਾਦਰੀ, ਗੋਤ ਦੀ (ਕੋਈ) ਗਾਥਾ ਨਹੀਂ ਹੈ ਅਤੇ ਨ ਹੀ (ਕੋਈ) ਰੂਪ ਰੇਖਾ ਜਾਂ ਵਰਨ ਹੈ; (ਉਹ) ਸਭ ਨੂੰ ਦੇਣ ਵਾਲਾ, ਸਭ ਨੂੰ ਜਾਣਨ ਵਾਲਾ ਅਤੇ ਸਾਰੀ ਭੂਮੀ ਦਾ ਪਾਲਣ ਪੋਸ਼ਣ ਕਰਨ ਵਾਲਾ ਹੈ।੧੯੧।

(ਉਹ) ਦੁਸ਼ਟਾਂ ਨੂੰ ਮਾਰਨ ਵਾਲਾ, ਦੁਸ਼ਮਣਾਂ ਨੂੰ ਨਸ਼ਟ ਕਰਨ ਵਾਲਾ ਅਤੇ (ਸੰਸਾਰ ਦੇ ਸਮਰਥਾਵਾਨਾਂ ਨੂੰ) ਕੁਚਲਣ ਵਾਲਾ ਪਰਮ ਪੁਰਖ ਹੈ। (ਉਹ) ਦੁਸ਼ਟਾਂ ਨੂੰ ਮਾਰਨ ਵਾਲਾ, ਸ੍ਰਿਸ਼ਟੀ ਦਾ ਕਰਤਾ ਹੈ ਅਤੇ ਜਿਸ ਦੀ ਕਥਾ ਜਗਤ ਵਿਚ ਪ੍ਰਸਿੱਧ ਹੈ। (ਉਹ) ਅਨਸ਼ਵਰ ਪਰਮ-ਸੱਤਾ ਭੂਤ, ਭਵਿਖ ਅਤੇ ਵਰਤਮਾਨ (ਤਿੰਨਾਂ ਕਾਲਾਂ) ਤਕ ਮੌਜੂਦ ਹੈ। ਅਤੇ (ਉਹ) ਆਦਿ ਤੋਂ ਅੰਤ ਤਕ ਅਨਾਦਿ, ਮਾਇਆ ਦਾ ਪਤੀ, ਨਾਸ਼ ਤੋਂ ਰਹਿਤ ਪਰਮ ਪੁਰਸ਼ ਹੈ।੧੯੨।

ਧਰਮ ਅਤੇ ਧਰਮ ਨਾਲ ਸੰਬੰਧਿਤ ਹੋਰ ਜਿਤਨੇ ਕਰਮ ਹਨ, ਉਨ੍ਹਾਂ ਦਾ ਪਸਾਰਾ (ਉਸੇ ਨੇ) ਕੀਤਾ ਹੈ; ਅਪਾਰ ਦੇਵਤਿਆਂ, ਦੈਂਤਾ, ਗੰਦਰਬਾਂ, ਕਿੰਨਰਾਂ, ਮੱਛਾਂ, ਕੱਛਾਂ ਆਦਿ (ਦਾ ਰਚੈਤਾ ਵੀ ਉਹੀ ਹੈ)। ਭੂਮੀ, ਆਕਾਸ਼, ਜਲ ਥਲ ਵਿਚ ਜਿਸ ਦੇ ਨਾਮ ਦੀ ਮਹਿਮਾ ਹੈ। ਦੁਸ਼ਟਾਂ ਨੂੰ ਮਾਰਨਾ, (ਸਾਧੂ ਪੁਰਸ਼ਾਂ ਨੂੰ) ਦ੍ਰਿੜ੍ਹ ਕਰਨਾ ਅਤੇ ਸ੍ਰਿਸ਼ਟੀ ਦਾ ਨਾਸ਼ ਕਰਨਾ (ਉਸ ਦਾ) ਕੰਮ ਹੈ।੧੯੩।

(ਉਹ) ਦੁਸ਼ਟਾਂ ਦਾ ਨਾਸ਼ਕ, ਸ੍ਰਿਸ਼ਟੀ ਦਾ ਕਰਤਾ, ਦਿਆਲੂ ਅਤੇ ਪਿਆਰਾ ਗੋਬਿੰਦ ਹੈ। (ਉਹ) ਮਿਤਰਾਂ ਦੀ ਪਾਲਨਾ ਕਰਨ ਵਾਲਾ, ਵੈਰੀਆਂ ਨੂੰ ਨਸ਼ਟ ਕਰਨ ਵਾਲਾ, ਦੀਨ-ਦਿਆਲ ਅਤੇ ਮੁਕਤੀਦਾਤਾ ਹੈ। ਪਾਪੀਆਂ ਨੂੰ ਦੰਡ ਦੇਣ ਵਾਲਾ, ਦੁਸ਼ਟਾਂ ਨੂੰ ਚੂਰ ਚੂਰ ਕਰਨ ਵਾਲਾ ਅਤੇ ਕਾਲ ਦਾ ਵੀ ਕਾਲ ਹੈ। ਦੁਸ਼ਟਾਂ ਦਾ ਦਮਨ ਕਰਨ ਵਾਲਾ, (ਭਲੇ ਪੁਰਸ਼ਾਂ ਨੂੰ) ਪੁਸ਼ਟ ਕਰਨ ਵਾਲਾ ਅਤੇ ਸਭ ਦਾ ਪ੍ਰਤਿਪਾਲਕ ਹੈ।੧੯੪।

(ਉਹ) ਸਭ ਦਾ ਕਰਤਾ, ਸਭ ਦਾ ਨਾਸ਼ਕ ਅਤੇ ਸਭ ਦੀਆਂ ਕਾਮਨਾਵਾਂ (ਪੂਰੀਆਂ ਕਰਨ ਵਾਲਾ ਹੈ)। ਸਭ ਦਾ ਖੰਡਨ ਕਰਨ ਵਾਲਾ, ਸਭ ਨੂੰ ਦੰਡ ਦੇਣ ਵਾਲਾ ਅਤੇ ਸਭ ਦਾ ਨਿਜੀ ਪ੍ਰਕਾਸ਼ ('ਭਾਮ') ਹੈ (ਅਰਥਾਤ ਸਭ ਵਿਚ ਉਸ ਦੀ ਜੋਤਿ ਮੌਜੂਦ ਹੈ)। ਸਭ ਨੂੰ ਭੋਗਣ ਵਾਲਾ, ਸਾਰੀਆਂ ਜੁਗਤਾਂ ਅਤੇ ਕਰਮਾਂ ਵਿਚ ਪ੍ਰਬੀਨ ਹੈ। (ਉਹ) ਸਭ ਦਾ ਨਾਸ਼ਕ, ਸਭ ਦਾ ਦੰਡਕ ਹੈ ਅਤੇ ਸਾਰੇ ਕਰਮ (ਉਸ ਦੇ) ਅਧੀਨ ਹਨ।੧੯੫।

(ਉਹੀ) ਸਾਰੀਆਂ ਸਮ੍ਰਿਤੀਆਂ, ਸਾਰੇ ਸ਼ਾਸਤ੍ਰਾਂ ਅਤੇ ਸਾਰੇ ਵੇਦਾਂ ਦਾ (ਸਮੁੱਚਾ) ਵਿਚਾਰ ਹੈ। ਦੁਸ਼ਟਾਂ ਨੂੰ ਮਾਰਨ ਵਾਲਾ, ਜਗਤ ਦੀ ਪਾਲਨਾ ਕਰਨ ਵਾਲਾ ਅਤੇ ਅਪਾਰ ਆਦਿ ਰੂਪ ਵਾਲਾ ਹੈ। (ਉਹ) ਦੁਸ਼ਟਾਂ ਨੂੰ ਦੰਡ ਦੇਣ ਵਾਲਾ ਅਤੇ ਬਲਵਾਨਾਂ (ਪੁਸ਼ਟਾਂ) ਦਾ ਸੰਘਾਰਕ ਅਖੰਡ ਆਦਿ ਦੇਵ ਹੈ। ਧਰਤੀ, ਆਕਾਸ਼, ਜਲ, ਥਲ ਵਿਚ ਖ਼ੁਦ ਸਥਾਪਿਤ ਹੋਣ ਵਾਲੇ ('ਅਮੰਡ') ਦਾ ਜਾਪ ਜਪਿਆ ਜਾ ਰਿਹਾ ਹੈ।੧੯੬।

ਸ੍ਰਿਸਟਚਾਰ ਬਿਚਾਰ ਜੇਤੇ ਜਾਨੀਐ ਸਬਿਚਾਰ[1]।
ਆਦਿ ਦੇਵ ਅਪਾਰ ਸ੍ਰੀ ਪਤਿ ਦੁਸਟ ਪੁਸਟ ਪ੍ਰਹਾਰ।
ਅੰਨ ਦਾਤਾ ਗ੍ਯਾਨ ਗਿਆਤਾ ਸ੍ਰਬ ਮਾਨ ਮਹਿੰਦ੍ਰ।
ਬੇਦ ਬਿਆਸ ਕਰੇ ਕਈ ਦਿਨ ਕੋਟਿ ਇੰਦ੍ਰ ਉਪਿੰਦ੍ਰ। ੧੭। ੧੯੭।

ਜਨਮ ਜਾਤਾ ਕਰਮ ਗ੍ਯਾਤਾ ਧਰਮ ਚਾਰੁ ਬਿਚਾਰ।
ਬੇਦ ਭੇਵ ਨ ਪਾਵਈ ਸਿਵ ਰੁਦ੍ਰ ਅਉ ਮੁਖਚਾਰ।
ਕੋਟਿ ਇੰਦ੍ਰ ਉਪਇੰਦ੍ਰ ਬਿਆਸ[2] ਸਨਕ[3] ਸਨਤ[4] ਕੁਮਾਰ।
ਗਾਇ ਗਾਇ ਥਕੇ ਸਭੇ ਗੁਨ ਚਕ੍ਰਤ ਭੇ ਮੁਖਚਾਰ। ੧੮। ੧੯੮।

ਆਦਿ ਅੰਤਿ ਨ ਮਧ ਜਾ ਕੋ ਭੂਤ ਭਬ ਭਵਾਨ।
ਸਤਿ ਦੁਆਪਰ ਤ੍ਰਿਤੀਆ ਕਲਿਜੁਗ ਚਤ੍ਰ ਕਾਲ ਪ੍ਰਧਾਨ।
ਧਿਆਇ ਧਿਆਇ ਥਕੇ ਮਹਾ ਮੁਨ ਗਾਇ ਗੰਧ੍ਰਬ ਅਪਾਰ।
ਹਾਰਿ ਹਾਰਿ ਥਕੇ ਸਭੈ ਨਹੀ ਪਾਈਐ ਤਿਹ ਪਾਰ। ੧੯। ੧੯੯।

ਨਾਰਦ ਆਦਿਕ ਬੇਦ ਬਿਆਸਕ[5] ਮੁਨਿ ਮਹਾਨ ਅਨੰਤ।
ਧਿਆਇ ਧਿਆਇ ਥਕੇ ਸਭੈ ਕਰਿ ਕੋਟਿ ਕਸਟ ਦੁਰੰਤ।
ਗਾਇ ਗਾਇ ਥਕੇ ਗੰਧ੍ਰਬ ਨਾਰਿ ਅਪਛ੍ਰ ਅਪਾਰ।
ਸੋਧਿ ਸੋਧਿ ਥਕੇ ਮਹਾ ਸੁਰ ਪਾਇਓ ਨਹਿ ਪਾਰ। ੨੦। ੨੦੦।

ਤ੍ਵਪ੍ਰਸਾਦਿ। ਦੋਹਰਾ

ਏਕ ਸਮੇ ਸ੍ਰੀ ਆਤਮਾ ਉਚਰਿਓ ਮਤਿ ਸਿਉ ਬੈਨ।
ਸਭ ਪ੍ਰਤਾਪ ਜਗਦੀਸ ਕੋ ਕਹਹੁ ਸਕਲ ਬਿਧਿ ਤੈਨ। ੧। ੨੦੧।
ਕੋ ਆਤਮਾ ਸਰੂਪ ਹੈ ਕਹਾ ਸ੍ਰਿਸਟਿ ਕੋ ਬਿਚਾਰ।
ਕਉਨ ਧਰਮ ਕੋ ਕਰਮ ਹੈ ਕਹਹੁ ਸਕਲ ਬਿਸਥਾਰ। ੨। ੨੦੨।

ਕਹਾ[6] ਜੀਤਬ ਕਹਾ ਮਰਨ ਹੈ ਕਵਨ ਸੁਰਗ ਕਹਾ ਨਰਕ।
ਕੋ ਸੁਘੜਾ ਕੋ ਮੂੜਤਾ ਕਹਾ ਤਰਕ ਅਵਤਰਕ। ੩। ੨੦੩।
ਕੋ ਨਿੰਦਾ ਜਸ ਹੈ ਕਵਨ ਕਵਨ ਪਾਪ ਕਹਾ ਧਰਮ।
ਕਵਨ ਜੋਗ ਕੋ ਭੋਗ ਹੈ ਕਵਨ ਕਰਮ ਅਪਕਰਮ। ੪। ੨੦੪।

ਕਹਹੁ ਸੁਸ੍ਰਮ ਕਾ ਸੋ[7] ਕਹਹਿ ਦਮ ਕੋ ਕਹਾ ਕਹੰਤ।
ਕੋ ਸੂਰਾ ਦਾਤਾ ਕਵਨ ਕਹਹੁ ਤੰਤ ਕੋ ਮੰਤ। ੫। ੨੦੫।
ਕਹਾ ਰੰਕ ਰਾਜਾ ਕਵਨ ਹਰਖ ਸੋਗ ਹੈ ਕਵਨ।
ਕੋ ਰੋਗੀ ਰਾਗੀ ਕਵਨ ਕਹਹੁ ਤਤੁ ਮੁਹਿ ਤਵਨ। ੬। ੨੦੬।

੧. 'ਸਬਚਾਰ', 'ਸੁਬਿਚਾਰ' ੨.'ਬਿਆਸਜ' ੩.'ਜਨਕ' ੪.'ਸੰਤ' ੫.'ਬਿਆਸ' ੬.'ਕਹੰ', 'ਕਹਿ' ੭.'ਕੋ'

ਜਿਤਨੇ ਵੀ ਸ਼ਿਸ਼ਟਾਚਾਰ ਅਤੇ ਵਿਚਾਰ ਹਨ, ਵਿਚਾਰ ਪੂਰਵਕ ਸਮਝ ਲਈਏ ਕਿ (ਉਹ ਸਾਰੇ ਉਸੇ ਵਿਚ ਸਥਿਤ ਹਨ)। (ਉਹ) ਆਦਿ ਦੇਵ, ਅਪਾਰ, ਮਾਇਆ ਦਾ ਪਤੀ ਅਤੇ ਬਲਵਾਨ ਦੁਸ਼ਟਾਂ ਨੂੰ ਮਾਰਨ ਵਾਲਾ ਹੈ। (ਉਹ) ਅੰਨ-ਦਾਤਾ, ਗਿਆਨ ਕਰਾਉਣ ਵਾਲਾ ਅਤੇ ਸਾਰਿਆਂ ਰਾਜਿਆਂ ਦਾ ਮਾਣ ਹੈ। (ਉਸ ਨੇ) ਕਿਤਨੇ ਹੀ ਵੇਦ-ਵਿਆਸ, ਕਰੋੜਾਂ ਇੰਦਰ ਅਤੇ ਉਪੇਂਦਰ (ਬਾਵਨ ਅਵਤਾਰ) ਬਣਾਏ ਹਨ।੧੯੭।

(ਉਹ) ਜਨਮ-ਜਨਮਾਂਤਰਾਂ ਦੀ ਗੱਲ ਜਾਣਨ ਵਾਲਾ, ਕਰਮ-ਕਾਂਡਾਂ ਦਾ ਗਿਆਤਾ ਅਤੇ ਧਰਮ ਦਾ ਚੰਗਾ ਵਿਚਾਰਕ ਹੈ। (ਜਿਸ ਦਾ) ਵੇਦ, ਸ਼ਿਵ, ਰੁਦ੍ਰ ਅਤੇ ਬ੍ਰਹਮਾ ਰਹੱਸ ਨਹੀਂ ਜਾਣ ਸਕੇ, ਕਰੋੜਾਂ ਇੰਦਰ, ਉਪੇਂਦਰ (ਬਾਵਨ ਅਵਤਾਰ), ਵਿਆਸ, ਸਨਕ-ਸੰਤ ਕੁਮਾਰ ਆਦਿ ਸਭ (ਉਸ ਦੇ) ਗੁਣ ਗਾ ਗਾ ਕੇ ਥਕ ਗਏ ਹਨ ਅਤੇ ਬ੍ਰਹਮਾ ਹੈਰਾਨ ਹੋ ਗਿਆ ਹੈ।੧੯੮।

(ਉਸ) ਦਾ ਆਦਿ, ਅੰਤ ਅਤੇ ਮੱਧ ਅਤੇ ਭੂਤ, ਭਵਿਖ ਅਤੇ ਵਰਤਮਾਨ (ਕੁਝ ਵੀ ਨਹੀਂ ਹੈ), ਉਹ ਸਤਯੁਗ, ਦੁਆਪਰ, ਤ੍ਰੇਤਾ ਅਤੇ ਕਲਿਯੁਗ ਚੌਹਾਂ ਕਾਲਾਂ ਵਿਚ ਪ੍ਰਧਾਨ ਹੈ। ਉਸ ਨੂੰ ਮਹਾ ਮੁਨੀ ਆਰਾਧਦੇ ਆਰਾਧਦੇ ਥਕ ਗਏ ਹਨ ਅਤੇ ਅਪਾਰ ਗੰਧਰਬ ਗਾ ਗਾ ਕੇ ਹਾਰ ਗਏ ਹਨ। ਸਭ ਹਾਰ ਹਾਰ ਕੇ ਥਕ ਗਏ ਹਨ ਪਰ ਕੋਈ ਵੀ ਉਸ ਦਾ ਪਾਰ ਨਹੀਂ ਪਾ ਸਕਿਆ।੧੯੯।

ਨਾਰਦ, ਵੇਦ-ਵਿਆਸ ਆਦਿ ਬੇਅੰਤ ਮਹਾਨ ਮੁਨੀ ਕਰੋੜਾਂ ਕਸ਼ਟ ਪੂਰਨ ਔਖੇ ਯਤਨ ਵਾਲੀ (ਉਸ ਦੀ) ਆਰਾਧਨਾ ਕਰਦੇ ਕਰਦੇ ਥਕ ਗਏ ਹਨ; ਗਾ ਗਾ ਕੇ ਗੰਧਰਬ ਥਕ ਗਏ ਹਨ ਅਤੇ ਬੇਅੰਤ ਅੱਪਛਰਾਵਾਂ ਵੀ ਨਚ ਨਚ ਕੇ (ਥਕ ਗਈਆਂ ਹਨ), ਪ੍ਰਧਾਨ ਦੇਵਤੇ (ਉਸ ਨੂੰ) ਲਭ ਲਭ ਕੇ ਥਕ ਗਏ ਹਨ, (ਪਰ ਉਸ ਦਾ) ਪਾਰ ਨਹੀਂ ਪਾ ਸਕੇ।੨੦੦।

ਤੇਰੀ ਕ੍ਰਿਪਾ ਨਾਲ। ਦੋਹਰਾ

ਇਕ ਵਾਰ ਸ੍ਰੀ ਆਤਮਾ ਨੇ ਬੁੱਧੀ ਪ੍ਰਤਿ (ਇਸ ਤਰ੍ਹਾਂ) ਬਚਨ ਕੀਤਾ ਕਿ ਤੁਸੀਂ ਚੰਗੀ ਤਰ੍ਹਾਂ (ਉਸ) ਜਗਦੀਸ਼ ਦਾ ਸਾਰਾ ਪ੍ਰਤਾਪ (ਮੈਨੂੰ) ਦਸੋ।੨੦੧। ਆਤਮਾ ਦਾ ਸਰੂਪ ਕੀ ਹੈ ਅਤੇ ਸ੍ਰਿਸ਼ਟੀ ਦਾ ਵਿਚਾਰ ਕਿਵੇਂ ਹੈ? ਧਰਮ ਦਾ ਕਰਮ ਕਿਹੜਾ ਹੈ? ਇਸ ਨੂੰ ਵਿਸਤਾਰ ਨਾਲ ਦਸੋ।੨੦੨।

ਜੀਉਣਾ ਕੀ ਹੈ, ਮਰਨਾ ਕੀ ਹੈ, ਸਵਰਗ ਕੀ ਹੈ ਅਤੇ ਨਰਕ ਦੀ ਹੈ? ਸੁਘੜ ਕੌਣ ਹੈ, ਮੂਰਖ ਕੌਣ ਹੈ, ਤਰਕ ਕੀ ਹੈ ਅਤੇ ਅਵਿਤਰਕ (ਬੇਦਲੀਲੀ) ਕੀ ਹੈ?।੨੦੩। ਨਿੰਦਾ ਕੀ ਹੈ, ਯਸ਼ ਕੀ ਹੈ, ਪਾਪ ਕੀ ਹੈ, ਧਰਮ ਕੀ ਹੈ? ਯੋਗ ਕੀ ਹੈ, ਭੋਗ ਕੀ ਹੈ, ਸੁਕਰਮ ਕੀ ਹੈ ਅਤੇ ਕੁਕਰਮ ਕੀ ਹੈ?।੨੦੪।

ਦਸੋ, ਤਪਸਿਆ ਕਿਸ ਨੂੰ ਕਹਿੰਦੇ ਹਨ ਅਤੇ (ਇੰਦਰੀਆਂ ਦਾ) ਦਮਨ ਕਿਸ ਨੂੰ ਕਹਿੰਦੇ ਹਨ? ਸੂਰਮਾ ਕੌਣ ਹੈ, ਦਾਤਾ ਕੌਣ ਹੈ, ਤੰਤ੍ਰ ਕੀ ਹੈ ਅਤੇ ਮੰਤ੍ਰ ਕੀ ਹੈ?।੨੦੫। ਕੌਣ ਭਿਖਾਰੀ ਹੈ, ਕੌਣ ਰਾਜਾ ਹੈ? ਅਤੇ ਹਰਖ ਅਤੇ ਸੋਗ ਕੀ ਹੈ? ਰੋਗੀ ਕੌਣ ਹੈ ਅਤੇ ਸੰਸਾਰ ਵਿਚ ਲਿਪਤ ('ਰਾਗੀ') ਕੌਣ ਹੈ? ਉਸ ਦੀ ਅਸਲੀਅਤ ਮੈਨੂੰ ਦਸੋ।੨੦੬।

ਕਵਨ ਰਿਸਟ ਕੋ ਪੁਸਟ ਹੈ ਕਹਾ ਸ੍ਰਿਸਟ ਕੋ ਬਿਚਾਰ।
ਕਵਨ ਧ੍ਰਿਸਟ ਕੋ ਭ੍ਰਿਸਟ ਹੈ ਕਹੋ ਸਕਲ ਬਿਸਥਾਰ। ੭। ੨੦੭।
ਕਹਾ ਕਰਮ[1] ਕੋ ਕਰਮ ਹੈ ਕਹਾ ਭਰਮ ਕੋ ਨਾਸ।
ਕਹਾ ਚਿਤਨ ਕੀ ਚੇਸਟਾ ਕਹਾ ਅਚੇਤ ਪ੍ਰਕਾਸ। ੮। ੨੦੮।

ਕਹਾ ਨੇਮ ਸੰਜਮ ਕਹਾ ਕਹਾ ਗਿਆਨ ਅਗਿਆਨ।
ਕੋ ਰੋਗੀ ਸੋਗੀ ਕਵਨ ਕਹਾ ਧਰਮ ਕੀ ਹਾਨਿ। ੯। ੨੦੯।
ਕੋ ਸੂਰ[2] ਸੁੰਦਰ ਕਵਨ ਕਹਾ ਜੋਗ ਕੋ ਸਾਰ।
ਕੋ ਦਾਤਾ ਗਿਆਨੀ ਕਵਨ ਕਹੋ ਬਿਚਾਰ ਬਿਚਾਰਿ। ੧੦। ੨੧੦।[3]

ਤ੍ਵਪ੍ਰਸਾਦਿ। ਦੀਘਰ ਤ੍ਰਿਭੰਗੀ ਛੰਦ

ਦੁਰਜਨ ਦਲ ਦੰਡਣ ਅਸੁਰ ਬਿਹੰਡਣ ਦੁਸਟ ਨਿਕੰਦਣ ਆਦਿ ਬ੍ਰਿਤੇ।
ਚਛਰਾਸੁਰ ਮਾਰਣ ਪਤਿਤ ਉਧਾਰਣ ਨਰਕ ਨਿਵਾਰਣ ਗੂੜ ਗਤੇ[4]।
ਅਛੇ ਅਖੰਡੇ ਤੇਜ ਪ੍ਰਚੰਡੇ ਖੰਡ ਉਦੰਡੇ ਅਲਖ ਮਤੇ।
ਜੈ ਜੈ ਹੋਸੀ ਮਹਿਖਾਸੁਰਿ ਮਰਦਨ ਰੰਮ ਕਪਰਦਨ ਛਤ੍ਰ ਛਿਤੇ। ੧। ੨੧੧।

ਆਸੁਰੀ ਬਿਹੰਡਣ ਦੁਸਟ ਨਿਕੰਦਣ ਪੁਸਟ ਉਦੰਡਣ ਰੂਪ ਅਤੇ।
ਚੰਡਾਸੁਰ ਚੰਡਣ ਮੁੰਡ ਬਿਹੰਡਣ ਧੂਮ੍ਰ ਬਿਧੁੰਸਣ ਮਹਿਖ ਮਤੇ।
ਦਾਨਵ ਪ੍ਰਹਾਰਨ ਨਰਕ ਨਿਵਾਰਨ ਅਧਮ ਉਧਾਰਨ ਉਰਧ ਅਧੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਰੰਮ ਕਪਰਦਨ ਆਦਿ ਬ੍ਰਿਤੇ।੨।੨੧੨।

ਡਾਵਰੂ ਡਵੰਕੈ ਬਬਰ ਬਵੰਕੈ ਭੁਜਾ ਫਰੰਕੈ ਤੇਜ[5] ਬਰੰ।
ਲੰਕੁੜੀਆ ਫਾਧੈ ਆਯੁਧ ਬਾਧੈ ਸੈਨ ਬਿਮਰਦਨ ਕਾਲ ਅਸੁਰੰ।
ਅਸਟਾਯੁਧ ਚਮਕੈ ਭੂਖਨ ਦਮਕੈ ਅਤਿ ਸਿਤ ਝਮਕੈ ਫੰਕ ਫਣੰ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਰੰਮ ਕਪਰਦਨ ਦੈਤ ਜਿਣੰ। ੩। ੨੧੩।

ਚੰਡਾਸੁਰ ਚੰਡਣ ਮੁੰਡ ਬਿਮੁੰਡਣ ਖੰਡ ਅਖੰਡਣ ਖੂਨ ਖਿਤੇ।
ਦਾਮਿਨੀ ਦਮੰਕਣ ਧੁਜਾ ਫਰੰਕਣ ਫਣੀ[6] ਫੁੰਕਾਰਣ ਜੋਧ ਜਿਤੇ।
ਸਰ ਧਾਰ ਬਿਬਰਖਣ ਦੁਸਟ ਪ੍ਰਕਰਖਣ ਪੁਸਟ ਪ੍ਰਹਰਖਣ ਦੁਸਟ ਮਥੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਭੂਮਿ ਆਕਾਸ ਤਲ[7] ਉਰਧ ਅਧੇ।੪।੨੧੪।

---

੧. 'ਭਰਮ' ੨. 'ਸੂਰਾ' ੩. ਕੁਝ ਬੀੜਾਂ ਵਿਚ ਇਹ ਦਸ ਦੋਹਰੇ ਅਗਲੇ ੨੦ ਦੀਰਘ ਤ੍ਰਿਭੰਗੀ ਛੰਦਾਂ ਤੋਂ ਬਾਦ ਦਰਜ ਕੀਤੇ ਮਿਲਦੇ ਹਨ ੪. 'ਮਤੇ' ੫. 'ਤੇਬ' ੬. 'ਫਣੀਅਰ' ੭. 'ਰਸਾਤਲ'

ਰਜਿਆ ਹੋਇਆ ਕੌਣ ਹੈ, ਬਲਵਾਨ ਕੌਣ ਹੈ ਅਤੇ ਸ੍ਰਿਸ਼ਟੀ (ਦੀ ਰਚਨਾ ਦਾ) ਵਿਚਾਰ ਕੀ ਹੈ? ਢੀਠ ਕੌਣ ਹੈ, ਭ੍ਰਸ਼ਟ ਕੌਣ ਹੈ? ਸਾਰੀ (ਗੱਲ ਮੈਨੂੰ) ਵਿਸਤਾਰ ਸਹਿਤ ਦਸੋ।੨੦੭। ਕਰਨ ਯੋਗ ਕਰਮ ਕਿਹੜਾ ਹੈ ਅਤੇ ਭਰਮ ਦਾ ਨਾਸ਼ ਕਿਵੇਂ ਹੁੰਦਾ ਹੈ? ਚਿੰਤਨ ਕੀ ਹੈ, ਚੇਸ਼ਟਾ ਕੀ ਹੈ ਅਤੇ ਅਚਿੰਤ੍ਯ ਦਾ ਪ੍ਰਕਾਸ਼ ਕੀ ਹੈ?।੨੦੮।

ਨਿਯਮ ਕੀ ਹੈ, ਸੰਜਮ ਕੀ ਹੈ, ਗਿਆਨ ਅਤੇ ਅਗਿਆਨ ਕੀ ਹੈ? ਰੋਗੀ ਕੌਣ ਹੈ, ਸੋਗੀ ਕੌਣ ਹੈ ਅਤੇ ਧਰਮ ਦੀ ਹਾਨੀ ਕਿਥੇ ਹੁੰਦੀ ਹੈ।੨੦੯। ਸੂਰਮਾ ਕੌਣ ਹੈ, ਸੁੰਦਰ ਕੌਣ ਹੈ ਅਤੇ ਯੋਗ ਦਾ ਸਾਰ ਕੀ ਹੈ? ਕਰਤਾ ਕੌਣ ਹੈ, ਗਿਆਨੀ ਕੌਣ ਹੈ? ਇਨ੍ਹਾਂ ਦਾ ਵਿਚਾਰ-ਅਵਿਚਾਰ (ਮੈਨੂੰ) ਦਸੋ।੨੧੦।

ਤੇਰੀ ਕ੍ਰਿਪਾ ਨਾਲ। ਦੀਰਘ ਤ੍ਰਿਭੰਗੀ ਛੰਦ

ਦੁਸ਼ਟਾਂ ਦੇ ਦਲਾਂ ਨੂੰ ਦੰਡ ਦੇਣਾ, ਦੈਂਤਾਂ ਨੂੰ ਨਸ਼ਟ ਕਰਨਾ ਅਤੇ ਦੁਰਜਨਾਂ ਨੂੰ ਜੜ੍ਹੋਂ ਪੁਟਣਾ (ਜਿਸ ਦਾ) ਆਦਿ ਕਾਲ ਤੋਂ ਸੁਭਾ ਹੈ; ਚਿੱਛਰ ਦੈਂਤ ਨੂੰ ਮਾਰਨ ਵਾਲੀ, ਪਾਪੀਆਂ ਦਾ ਉੱਧਾਰ ਕਰਨ ਵਾਲੀ, ਨਰਕਾਂ ਤੋਂ ਬਚਾਉਣ ਵਾਲੀ (ਜਿਸ ਦੀ) ਗਤੀ ਬਹੁਤ ਗੰਭੀਰ ਹੈ; (ਹੇ) ਨ ਨਸ਼ਟ ਹੋਣ ਵਾਲੀ, ਨ ਖੰਡਿਤ ਹੋਣ ਵਾਲੀ, ਪ੍ਰਚੰਡ ਤੇਜ ਵਾਲੀ, ਘਮੰਡੀਆਂ ਨੂੰ ਖੰਡ ਖੰਡ ਕਰਨ ਵਾਲੀ ਅਤੇ ਗੁਝੇ ਵਿਚਾਰਾਂ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਸੁੰਦਰ ਕੇਸਾਂ ਦਾ ਜੂੜਾ ਕਰਨ ਵਾਲੀ ਅਤੇ ਪ੍ਰਿਥਵੀ ਉਤੇ ਛੱਤਰ ਪਸਾਰਨ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੧੧।

(ਹੇ) ਦੈਂਤਾਂ ਨੂੰ ਮਾਰਨ ਵਾਲੀ, ਦੁਸ਼ਟਾਂ ਨੂੰ ਜੜ੍ਹੋਂ ਪੁਟਣ ਵਾਲੀ, ਅਤਿਅੰਤ ਬਲਵਾਨ ਭੁਜਾਵਾਂ ਵਾਲੇ ਰੂਪ ਵਾਲੀ, ਚੰਡ ਦੈਂਤ ਨੂੰ ਮਾਰਨ ਵਾਲੀ, ਮੁੰਡ (ਦੈਂਤ) ਨੂੰ ਨਸ਼ਟ ਕਰਨ ਵਾਲੀ, ਧੂਮ੍ਰ ਲੋਚਨ ਨੂੰ ਖ਼ਤਮ ਕਰਨ ਵਾਲੀ ਅਤੇ ਮਹਿਖਾਸੁਰ ਦੇ ਮੱਥੇ ਨੂੰ ਫੋੜਨ ਵਾਲੀ, ਦੈਂਤਾਂ ਦਾ ਸੰਘਾਰ ਕਰਨ ਵਾਲੀ, ਨਰਕਾਂ ਤੋਂ ਬਚਾਉਣ ਵਾਲੀ, ਪਾਪੀਆਂ ਦਾ ਉੱਧਾਰ ਕਰਨ ਵਾਲੀ, ਆਕਾਸ਼ ਅਤੇ ਪਾਤਾਲ ਵਿਚ ਵਿਆਪਕ ਰੂਪ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ ਸੁੰਦਰ ਕੇਸਾਂ ਦਾ ਜੂੜਾ ਕਰਨ ਵਾਲੀ ਆਦਿ ਬਿਰਤੀ! (ਤੇਰੀ) ਜੈ ਜੈਕਾਰ ਹੋਵੇ।੨੧੨।

(ਜਿਸ ਦਾ) ਡਉਰੂ ਡਮ ਡਮ ਕਰ ਕੇ ਵਜਦਾ ਹੈ, ਬਬਰ ਸ਼ੇਰ ਬੁਕਦਾ ਹੈ, ਅਤਿ ਅਧਿਕ ਤੇਜਸਵੀ ਭੁਜਾਵਾਂ ਫਰਕਦੀਆਂ ਹਨ। ਸ਼ਸਤ੍ਰ ਸਜਾ ਕੇ ਹਨੂਮਾਨ ਤੇਰੇ ਅਗੇ ਛਾਲਾਂ ਮਾਰਦਾ ਜਾ ਰਿਹਾ ਹੈ ਮਾਨੋ ਦੈਂਤਾਂ ਦੀ ਸੈਨਾ ਨੂੰ ਨਸ਼ਟ ਕਰਨ ਲਈ ਕਾਲ ਰੂਪ ਹੋਵੇ। (ਤੇਰੇ) ਅੱਠ (ਹੱਥਾਂ ਵਿਚ) ਸ਼ਸਤ੍ਰ ਚਮਕਦੇ ਹਨ, ਗਹਿਣੇ ਲਿਸ਼ਕ ਰਹੇ ਹਨ, (ਮਾਨੋ) ਅਤਿ ਚਿੱਟੇ (ਸੱਪ ਵੈਰੀਆਂ) ਨੂੰ ਫੁੰਕਾਰ ਰਹੇ ਹੋਣ। (ਹੇ) ਮਹਿਖਾਸੁਰ ਦੈਂਤ ਨੂੰ ਮਾਰਨ ਵਾਲੀ, ਸੁੰਦਰ ਕੇਸਾਂ ਦਾ ਜੂੜਾ ਕਰਨ ਵਾਲੀ ਅਤੇ ਦੈਂਤਾਂ ਨੂੰ ਜਿਤਣ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੧੩।

(ਹੇ) ਯੁੱਧ-ਭੂਮੀ ਵਿਚ ਚੰਡ ਦੈਂਤ ਨੂੰ ਮਾਰਨ ਵਾਲੀ, ਮੁੰਡ ਦੈਂਤ ਨੂੰ ਖ਼ਤਮ ਕਰਨ ਵਾਲੀ ਅਤੇ ਟੋਟੇ ਨ ਕੀਤੇ ਜਾ ਸਕਣ ਵਾਲਿਆਂ ਦੇ ਟੋਟੇ ਕਰਨ ਵਾਲੀ, ਬਿਜਲੀ ਵਾਂਗ ਚਮਕਣ ਵਾਲੀ, ਝੂਲਦੇ ਝੰਡਿਆਂ ਵਾਲੀ, ਸੱਪ ਵਾਂਗ ਸ਼ੂਕਦੇ ਤੀਰਾਂ ਵਾਲੀ ਅਤੇ ਯੋਧਿਆਂ ਨੂੰ ਜਿਤਣ ਵਾਲੀ, ਤੀਰਾਂ ਦਾ ਮੀਂਹ ਵਸਾਉਣ ਵਾਲੀ, ਦੁਸ਼ਟਾਂ ਨੂੰ ਘਸੀਟ ਘਸੀਟ ਕੇ ਮਾਰਨ ਵਾਲੀ, ਬਲਵਾਨ ਯੋਧਿਆਂ ਨੂੰ ਪ੍ਰਸੰਨ ਕਰਨ ਵਾਲੀ ਅਤੇ ਦੁਸ਼ਟਾਂ ਨੂੰ ਮਿਧਣ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਭੂਮੀ, ਆਕਾਸ਼, ਪਾਤਾਲ, ਉਪਰ ਹੇਠਾਂ ਸਭ ਵਿਚ ਵਿਆਪਤ! (ਤੇਰੀ) ਜੈ ਜੈਕਾਰ ਹੋਵੇ।੨੧੪।

ਦਾਮਿਨੀ ਪ੍ਰਹਾਸਨ ਸੁਛਬਿ ਨਿਵਾਸਨ ਸ੍ਰਿਸਟਿ ਪ੍ਰਕਾਸਨ ਗੂੜ ਗਤੇ।
ਰਕਤਾਸੁਰ ਆਚਨ ਜੁਧ ਪ੍ਰਮਾਚਨ ਨ੍ਰਿਦੈ ਨਰਾਚਨ ਧਰਮ ਬ੍ਰਿਤੇ।
ਸ੍ਰੋਣੰਤ ਅਚਿੰਤੀ[1] ਅਨਲ ਬਿਵੰਤੀ ਜੋਗ ਜਯੰਤੀ ਖੜਗ ਧਰੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਪਾਪ ਬਿਨਾਸਨ ਧਰਮ ਕਰੇ। ੫। ੨੧੫।

ਅਘ ਓਘ ਨਿਵਾਰਨ ਦੁਸਟ ਪ੍ਰਜਾਰਨ ਸ੍ਰਿਸਟਿ ਉਬਾਰਨ ਸੁਧ ਮਤੇ।
ਫਣੀਅਰ ਫੁੰਕਾਰਨ ਬਾਘ ਬੁਕਾਰਣ ਸਸਤ੍ਰ ਪ੍ਰਹਾਰਣ ਸਾਧ ਮਤੇ।
ਸੈਹਥੀ ਸਨਾਹਨਿ ਅਸਟ ਪ੍ਰਬਾਹਨ ਬੋਲ ਨਿਬਾਹਨ ਤੇਜ ਅਤੁਲੰ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਭੂਮਿ ਅਕਾਸ ਪਤਾਲ ਜਲੰ। ੬। ੨੧੬।

ਚਾਚਰਿ ਚਮਕਾਰਨ ਛਿਛੁਰ ਹਾਰਨ [2]ਧੂਮ ਧੁਕਾਰਨ[2] ਦ੍ਰਪ ਮਥੇ।
ਦਾੜਵੀ ਪ੍ਰਦੰਤੇ ਜੋਗ ਜਯੰਤੇ ਮਨੁਜ ਮਥੰਤੇ ਗੂੜ ਕਥੇ।
ਕਰਮ ਪ੍ਰਣਾਸਨ ਚੰਦ[3] ਪ੍ਰਕਾਸਨ ਸੂਰਜ ਪ੍ਰਤੇਜਨ ਅਸਟਭੁਜੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਭਰਮ ਬਿਨਾਸਨ ਧਰਮ ਧੁਜੇ। ੭। ੨੧੭।

ਘੁੰਘਰੂ ਘਮੰਕਣ ਸਸਤ੍ਰ ਝਮੰਕਣ ਫਣੀਅਰ ਫੁੰਕਾਰਣ ਧਰਮ ਧੁਜੇ।
ਅਸਟਾਟ ਪ੍ਰਹਾਸਨ ਸ੍ਰਿਸਟਿ ਨਿਵਾਸਨ ਦੁਸਟ ਪ੍ਰਣਾਸਨ ਚਕ੍ਰ ਗਤੇ।
ਕੇਸਰੀ ਪ੍ਰਵਾਹੇ ਸੁਧ ਸਨਾਹੇ ਅਗਮ ਅਥਾਹੇ ਏਕ ਬ੍ਰਿਤੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਕੁਮਾਰਿ ਅਗਾਧ ਬ੍ਰਿਤੇ। ੮। ੨੧੮।

ਸੁਰ ਨਰ ਮੁਨਿ ਬੰਦਨ ਦੁਸਟ ਨਿਕੰਦਨ ਭ੍ਰਿਸਟ ਬਿਨਾਸਨ ਮ੍ਰਿਤ ਮਥੇ।
ਕਾਵਰੂ ਕੁਮਾਰੇ ਅਧਮ ਉਧਾਰੇ ਨਰਕ ਨਿਵਾਰੇ ਆਦਿ ਕਥੇ।
ਕਿੰਕਣੀ ਪ੍ਰਸੋਹਣਿ ਸੁਰ ਨਰ ਮੋਹਣਿ ਸਿੰਘਾਰੋਹਣਿ ਬਿਤਲ ਤਲੇ।
ਜੈ ਜੈ ਹੋਸੀ ਸਭ ਠਉਰਿ ਨਿਵਾਸਨ ਬਾਇ ਪਤਾਲ ਅਕਾਸ ਅਨਲੇ। ੯। ੨੧੯।

---

੧. 'ਅਚੰਤੀ' ੨. 'ਧੂਪ ਧਖਾਰਨ' ੩. 'ਚੰਡ'

ਹੇ ਬਿਜਲੀ ਦੀ ਚਮਕ ਵਰਗੇ ਹਾਸੇ ਵਾਲੀ, ਅਤਿ ਸੁੰਦਰਤਾ ਵਿਚ ਨਿਵਾਸ ਕਰਨ ਵਾਲੀ (ਅਤਿਅੰਤ ਸੁੰਦਰੀ), ਸ੍ਰਿਸ਼ਟੀ ਦਾ ਪ੍ਰਕਾਸ਼ ਕਰਨ ਵਾਲੀ, ਗੰਭੀਰ ਗਤੀ ਵਾਲੀ, ਦੈਂਤਾਂ ਦਾ ਲਹੂ ਪੀਣ ਵਾਲੀ, ਯੁੱਧ ਵਿਚ ਉਤਸਾਹ ਵਧਾਉਣ ਵਾਲੀ, ਜ਼ਾਲਮਾਂ ਨੂੰ ਖਾ ਜਾਣ ਵਾਲੀ, ਧਾਰਮਿਕ ਬਿਰਤੀ ਵਾਲੀ, ਲਹੂ ਪੀਣ ਵਾਲੀ, ਅਗਨੀ ਉਗਲਣ ਵਾਲੀ, ਯੋਗ-ਮਾਇਆ ਨੂੰ ਜਿਤਣ ਵਾਲੀ ਅਤੇ ਖੜਗ ਧਾਰਨ ਕਰਨ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਪਾਪਾਂ ਦਾ ਨਾਸ਼ ਕਰਨ ਵਾਲੀ, ਧਰਮ ਦੀ ਸਥਾਪਨਾ ਕਰਨ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੧੫।

(ਹੇ) ਸਾਰੇ ਪਾਪਾਂ ਨੂੰ ਖ਼ਤਮ ਕਰਨ ਵਾਲੀ, ਦੁਸ਼ਟਾਂ ਨੂੰ ਸਾੜਨ ਵਾਲੀ, ਸ੍ਰਿਸ਼ਟੀ ਦਾ ਉੱਧਾਰ ਕਰਨ ਵਾਲੀ ਅਤੇ ਸ਼ੁੱਧ ਮਤ ਵਾਲੀ, (ਗਲ ਵਿਚ ਪਾਏ) ਫੁੰਕਾਰਦੇ ਸੱਪਾਂ ਵਾਲੀ, ਸ਼ੇਰ ਨੂੰ ਬੁਕਾਉਣ ਵਾਲੀ, ਸ਼ਸਤ੍ਰਾਂ ਨੂੰ ਚਲਾਉਣ ਵਾਲੀ ਅਤੇ ਸਾਧੂ ਮਤ ਵਾਲੀ, ਸੈਹਥੀ (ਆਦਿ ਸ਼ਸਤ੍ਰ) ਅੱਠਾਂ ਭੁਜਾਵਾਂ ਨਾਲ ਚਲਾਉਣ ਵਾਲੀ, ਕਵਚ ਧਾਰਨ ਕਰਨ ਵਾਲੀ, ਬੋਲਾਂ ਨੂੰ ਪੂਰਾ ਕਰਨ ਵਾਲੀ ਅਤੇ ਅਤੁੱਲ ਤੇਜ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ ਅਤੇ ਭੂਮੀ, ਆਕਾਸ਼, ਪਾਤਾਲ ਅਤੇ ਜਲ ਵਿਚ (ਨਿਵਾਸ ਕਰਨ ਵਾਲੀ! ਤੇਰੀ) ਜੈ ਜੈਕਾਰ ਹੋਵੇ।੨੧੬।

(ਹੇ ਯੁੱਧ-ਭੂਮੀ ਵਿਚ) ਸ਼ਸਤ੍ਰ ਨੂੰ ਚਮਕਾਉਣ ਵਾਲੀ, ਚਿੱਛੁਰ ਰਾਖਸ਼ ਨੂੰ ਮਾਰਨ ਵਾਲੀ, ਧੂਮ੍ਰਲੋਚਨ ਦੈਂਤ ਨੂੰ (ਬੋਟੀ ਬੋਟੀ ਕਰ ਕੇ) ਮਾਰਨ ਵਾਲੀ; ਅਤੇ (ਵੈਰੀਆਂ ਦੇ) ਹੰਕਾਰ ਨੂੰ ਮੱਥਣ ਵਾਲੀ, ਅਨਾਰ ਦੇ ਦਾਣਿਆਂ ਵਰਗੇ (ਸੋਹਣੇ ਅਤੇ ਪੱਕੇ) ਦੰਦਾਂ ਵਾਲੀ, ਯੋਗ-ਮਾਇਆ ਕਾਰਨ ਜਿਤਣ ਵਾਲੇ ਮਨੁੱਖਾਂ ਨੂੰ ਰਗੜਨ ਵਾਲੀ ਅਤੇ ਗੂੜ੍ਹ ਬ੍ਰਿੱਤਾਂਤ ਵਾਲੀ, ਕਰਮਾਂ ਨੂੰ ਨਸ਼ਟ ਕਰਨ ਵਾਲੀ, ਚੰਦ੍ਰਮਾ ਵਰਗੇ ਪ੍ਰਕਾਸ਼ ਵਾਲੀ, ਸੂਰਜ ਨਾਲੋਂ ਵੀ ਤੀਬਰ ਤੇਜ ਵਾਲੀ, ਅਤੇ ਅੱਠ ਭੁਜਾਵਾਂ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਭਰਮਾਂ ਨੂੰ ਨਸ਼ਟ ਕਰਨ ਵਾਲੀ ਅਤੇ ਧਰਮ ਦੀ ਧੁਜਾ! (ਤੇਰੀ) ਜੈ ਜੈਕਾਰ ਹੋਵੇ।੨੧੭।

(ਹੇ ਯੁੱਧ-ਭੂਮੀ ਵਿਚ) ਪੈਰਾਂ ਦੇ ਘੁੰਘਰੂ ਛਣਕਾਉਣ ਵਾਲੀ, ਸ਼ਸਤ੍ਰਾਂ ਨੂੰ ਚਮਕਾਉਣ ਵਾਲੀ, ਸੱਪਾਂ ਦੀ ਫੁੰਕਾਰ ਵਾਲੀ ਅਤੇ ਧਰਮ ਦੀ ਧੁਜਾ ਦੇ ਸਰੂਪ ਵਾਲੀ, ਠਾਹ-ਠਾਹ ਕਰ ਕੇ ਹੱਸਣ ਵਾਲੀ, ਸ੍ਰਿਸ਼ਟੀ ਵਿਚ ਨਿਵਾਸ ਕਰਨ ਵਾਲੀ, ਦੁਸ਼ਟਾਂ ਦਾ ਨਾਸ਼ ਕਰਨ ਵਾਲੀ ਅਤੇ ਚੌਹਾਂ ਚੱਕਾਂ ਵਿਚ ਗਤਿਮਾਨ ਹੋਣ ਵਾਲੀ, ਸ਼ੇਰ ਉਤੇ ਸਵਾਰੀ ਕਰਨ ਵਾਲੀ, ਪੱਕੇ ਕਵਚ ਵਾਲੀ, ਅਗੰਮ ਅਤੇ ਅਗਾਧ ਸਰੂਪ ਵਾਲੀ, ਇਕੋ ਜਿਹੇ ਸੁਭਾ ਵਾਲੀ, ਮਹਿਖਾਸੁਰ ਦੈਂਤ ਨੂੰ ਮਾਰਨ ਵਾਲੀ, ਆਦਿ ਕੁਮਾਰੀ ਅਤੇ ਅਗਾਧ ਬਿਰਤੀ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੧੮।

ਦੇਵਤਿਆਂ, ਮਨੁੱਖਾਂ ਅਤੇ ਮੁਨੀਆਂ ਤੋਂ ਬੰਦਨਾ ਕਰਾਉਣ ਵਾਲੀ, ਦੁਸ਼ਟਾਂ ਦਾ ਨਾਸ਼ ਕਰਨ ਵਾਲੀ, ਭ੍ਰਿਸ਼ਟ ਵਿਅਕਤੀਆਂ ਨੂੰ ਖ਼ਤਮ ਕਰਨ ਵਾਲੀ ਅਤੇ ਮੌਤ ਨੂੰ ਵੀ ਮਸਲ ਦੇਣ ਵਾਲੀ, ਹੇ ਕਾਵਰੂ ਦੀ ਕੁਮਾਰੀ (ਕਾਮੱਖਿਆ ਦੇਵੀ!) ਤੂੰ ਨੀਚਾਂ ਨੂੰ ਤਾਰਨ ਵਾਲੀ, ਨਰਕਾਂ ਤੋਂ ਬਚਾਉਣ ਵਾਲੀ, ਮੁੱਢ-ਕਦੀਮ ਤੋਂ ਹੀ ਇਸੇ ਬਿਰਤੀ ਵਾਲੀ, ਲਕ ਨਾਲ ਘੁੰਘਰੂਆਂ ਵਾਲੀ ਤੜਾਗੀ ਬੰਨ੍ਹਣ ਵਾਲੀ, ਦੇਵਤਿਆਂ ਅਤੇ ਮਨੁੱਖਾਂ ਨੂੰ ਮੋਹਣ ਵਾਲੀ, ਸ਼ੇਰ ਦੀ ਸਵਾਰੀ ਕਰਨ ਵਾਲੀ ਅਤੇ ਬਿਤਲ (ਦੂਜਾ ਪਾਤਾਲ) ਤਕ ਵਿਚਰਨ ਵਾਲੀ, ਪੌਣ, ਪਾਤਾਲ, ਆਕਾਸ਼ ਅਤੇ ਅਗਨੀ ਵਿਚ ਸਭ ਥਾਂ ਨਿਵਾਸ ਕਰਨ ਵਾਲੀ ਹੈਂ, (ਤੇਰੀ) ਜੈ ਜੈਕਾਰ ਹੋਵੇ।੨੧੯।

ਸੰਕਟੀ ਨਿਵਾਰਣ ਅਧਮ ਉਧਾਰਣ ਤੇਜ ਪ੍ਰਕਰਖਣ[1] ਤੁੰਦ ਤਬੇ।
ਦੁਖ ਦੋਖ ਦਹੰਤੀ ਜੁਆਲ ਜਯੰਤੀ ਆਦਿ ਅਨਾਦਿ ਅਗਾਧ ਅਛੇ।
ਸੁਧਤਾ ਸਮਰਪਣ ਤਰਕ ਬਿਤਰਕਣ ਤਪਤ ਪ੍ਰਤਾਪਣ ਜਪਤ ਜਿਵੈ।
ਜੈ ਜੈ ਹੋਸੀ ਸਸਤ੍ਰ ਪ੍ਰਕਰਖਣ ਆਦਿ ਅਨੀਲ ਅਗਾਧਿ[2] ਅਭੈ। ੧੦। ੨੨੦।

ਚੰਚਲਾ ਚਖੰਗੀ ਅਲਕ ਭੁਜੰਗੀ ਤੁੰਦ ਤੁਰੰਗਣ ਤਿਛ ਸਰੇ।
ਕਰਕਸਾ ਕੁਠਾਰੇ ਨਰਕ ਨਿਵਾਰੇ ਅਧਮ ਉਧਾਰੇ ਤੂਰ ਭਜੇ।
ਦਾਮਿਨੀ ਦਮੰਕੇ ਕੇਹਰਿ ਲੰਕੇ ਆਦਿ ਅਤੰਕੇ ਕ੍ਰੂਰ ਕਥੇ।
ਜੈ ਜੈ ਹੋਸੀ ਰਕਤਾਸੁਰ ਖੰਡਣ ਸੁੰਭ ਚਕ੍ਰਤਨ ਨਿਸੁੰਭ ਮਥੇ। ੧੧। ੨੨੧।

ਬਾਰਿਜ ਬਿਲੋਚਨ ਬ੍ਰਿਤਨ ਬਿਮੋਚਨ ਸੋਚ ਬਿਸੋਚਨ ਕਉਚ ਕਸੇ।
ਦਾਮਿਨੀ ਪ੍ਰਹਾਸੇ ਸੁਕ ਸਰ ਨਾਸੇ ਸੁਬ੍ਰਿਤ ਸੁਬਾਸੇ ਦੁਸਟ ਗ੍ਰਸੇ।
ਚੰਚਲਾ ਪ੍ਰਿਅੰਗੀ ਬੇਦ ਪ੍ਰਸੰਗੀ ਤੇਜ ਤੁਰੰਗੀ ਖੰਡ ਅਸੁਰੰ[3]।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਅਨਾਦਿ ਅਗਾਧਿ ਉਰਧੰ। ੧੨। ੨੨੨।

ਘੰਟਕਾ ਬਿਰਾਜੈ[4] ਰੁਣਝੁਣ ਬਾਜੈ ਭ੍ਰਮ ਭੈ ਭਾਜੈ ਸੁਨਤ ਸੁਰੰ।
ਕੋਕਿਲ ਸੁਨਿ ਲਾਜੈ ਕਿਲਬਿਖ ਭਾਜੈ ਸੁਖ ਉਪਰਾਜੈ ਮਧਿ ਉਰੰ।
ਦੁਰਜਨ ਦਲ ਦਝੈ ਮਨ ਤਨ ਰਿਝੈ ਸਭੈ ਨ ਭਜੈ ਰੋਹਰਣੰ[5]।
ਜੈ ਜੈ ਹੋਸੀ ਮਹਿਖਾਸੁਰ ਮਰਦਨ ਚੰਡ ਚਕ੍ਰਤਨ ਆਦਿ ਗੁਰੰ। ੧੩। ੨੨੩।

ਚਾਚਰੀ ਪ੍ਰਜੋਧਨ ਦੁਸਟ ਬਿਰੋਧਨ ਰੋਸ ਅਰੋਧਨ ਕ੍ਰੂਰ ਬ੍ਰਿਤੇ।
ਧੂਮ੍ਰਾਛ ਬਿਧੁੰਸਨ ਪ੍ਰਲੈ ਪ੍ਰਜੁੰਸਨ ਜਗਿ ਬਿਧੁੰਸਨ ਸੁਧ ਮਤੇ।
ਜਾਲਪਾ ਜਯੰਤੀ ਸਤ੍ਰ ਮਥੰਤੀ ਦੁਸਟ ਪ੍ਰਦਾਹਨ ਗਾੜ ਮਤੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਜੁਗਾਦਿ ਅਗਾਧਿ ਗਤੇ। ੧੪। ੨੨੪।

ਖਤ੍ਰਿਆਣਿ ਖਤੰਗੀ ਅਭੈ ਅਭੰਗੀ ਆਦਿ ਅਨੰਗੀ ਅਗਾਧਿ ਗਤੇ।
ਬ੍ਰਿੜਲਾਛ ਬਿਹੰਡਣ ਚਛਰ ਦੰਡਣ ਤੇਜ ਪ੍ਰਚੰਡਣ ਆਦਿ ਬ੍ਰਿਤੇ।
ਸੁਰ ਨਰ ਪ੍ਰਤਿਪਾਰਣ ਪਤਿਤ ਉਧਾਰਣ ਦੁਸਟ ਨਿਵਾਰਣ ਦੋਖ ਹਰੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਬਿਸ ਬਿਧੁੰਸਨ ਸ੍ਰਿਸਟਿ ਕਰੇ। ੧੫। ੨੨੫।

---

੧. 'ਪ੍ਰਕਾਰਣ' ੨. 'ਅਨਾਦ' ੩. 'ਸੁਰੰ' ੪. 'ਬਿਗਜੈ' ੫. 'ਹਰੋਹਰੰ'

(ਹੇ) ਦੁੱਖਾਂ ਨੂੰ ਦੂਰ ਕਰਨ ਵਾਲੀ, ਨੀਚਾਂ ਦਾ ਉੱਧਾਰ ਕਰਨ ਵਾਲੀ, ਅਤਿ ਅਧਿਕ ਤੇਜ ਵਾਲੀ, ਕ੍ਰੋਧੀ (ਤੁੰਦ) ਸੁਭਾ ਵਾਲੀ, ਦੁਖਾਂ-ਦੋਖਾਂ ਨੂੰ ਸਾੜਨ ਵਾਲੀ, ਅਗਨੀ ਵਾਂਗ ਮਚਣ ਵਾਲੀ, ਆਦਿ ਅਨਾਦਿ ਕਾਲ ਤੋਂ ਅਗਾਧ ਅਤੇ ਅਛੇਦ ਕਹੀ ਜਾਣ ਵਾਲੀ, ਸ਼ੁੱਧਤਾ ਅਰਪਨ ਕਰਨ ਵਾਲੀ, ਤਰਕਾਂ ਨੂੰ ਰਦ ਕਰਨ ਵਾਲੀ, ਤਪਦੇ ਤੇਜ ਵਾਲੀ, ਜਪਣ ਵਾਲਿਆਂ ਨੂੰ ਜਿਵਾਉਣ ਵਾਲੀ, ਸ਼ਸਤ੍ਰਾਂ ਨੂੰ ਚਲਾਉਣ ਵਾਲੀ ਅਤੇ ਆਦਿ, ਅਨੀਲ (ਗਿਣਤੀ ਤੋਂ ਪਰੇ), ਅਗਾਧ ਅਤੇ ਅਭੈ ਸਰੂਪ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੦।

ਚੰਚਲ ਨੈਣਾਂ ਅਤੇ ਅੰਗਾਂ ਵਾਲੀ, ਸੱਪਣੀਆਂ ਵਰਗੀਆਂ ਜ਼ੁਲਫ਼ਾਂ ਵਾਲੀ, ਫੁਰਤੀਲੇ ਘੋੜੇ ਵਾਂਗ ਤਿਖੀ ਅਤੇ ਤੇਜ਼ ਤੀਰਾਂ ਵਾਲੀ, ਤਿਖਾ ਕੁਹਾੜਾ ਧਾਰਨ ਕਰਨ ਵਾਲੀ, ਨਰਕਾਂ ਤੋਂ ਬਚਾਉਣ ਵਾਲੀ, ਪਾਪੀਆਂ ਨੂੰ ਤਾਰਨ ਵਾਲੀ ਅਤੇ ਲੰਬੀਆਂ ਬਾਂਹਵਾਂ ਵਾਲੀ, ਬਿਜਲੀ ਵਰਗੀ ਚਮਕ ਵਾਲੀ, ਸ਼ੇਰ ਵਰਗੇ ਪਤਲੇ ਲਕ ਵਾਲੀ, ਮੁੱਢ ਤੋਂ ਭਿਆਨਕ ਅਤੇ ਕਠੋਰ ਕਥਾ ਵਾਲੀ, ਰਕਤਬੀਜ ਦਾ ਨਾਸ਼ ਕਰਨ ਵਾਲੀ, ਸ਼ੁੰਭ ਨੂੰ ਚੀਰਨ ਵਾਲੀ, ਨਿਸ਼ੁੰਭ ਨੂੰ ਮਿਧਣ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੧।

(ਹੇ) ਕਮਲ ਵਰਗੀਆਂ ਅੱਖਾਂ ਵਾਲੀ, ਸੋਗ ਅਤੇ ਉਦਾਸੀ ਨੂੰ ਮਿਟਾਉਣ ਵਾਲੀ, ਫਿਕਰਾਂ ਨੂੰ ਖ਼ਤਮ ਕਰਨ ਵਾਲੀ ਅਤੇ ਸ਼ਰੀਰ ਉਤੇ ਕਵਚ ਕਸਣ ਵਾਲੀ, ਬਿਜਲੀ ਵਾਂਗ ਹੱਸਣ ਵਾਲੀ, ਤੋਤੇ ਵਰਗੇ ਨਕ ਵਾਲੀ, ਸੁਵ੍ਰਿੱਤੀਆਂ ਨੂੰ ਸੰਪੁਸ਼ਟ ਕਰਨ ਵਾਲੀ ਅਤੇ ਦੁਸ਼ਟਾਂ ਨੂੰ ਗ੍ਰਸਣ ਵਾਲੀ, ਬਿਜਲੀ ਵਰਗੇ ਸੁੰਦਰ ਸ਼ਰੀਰ ਵਾਲੀ, ਵੇਦ ਦੇ ਪ੍ਰਸੰਗ ਵਾਲੀ, ਤੇਜ਼ ਘੋੜੀ ਦੀ ਚਾਲ ਵਾਲੀ, ਦੈਂਤਾਂ ਦਾ ਖੰਡਨ ਕਰਨ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ ਅਤੇ ਆਦਿ, ਅਨਾਦਿ, ਅਗਾਧ, ਉਪਰ ਨੂੰ ਉਠਣ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੨।

(ਜਿਸ ਦੇ ਲਕ ਨਾਲ) ਬੰਨ੍ਹੀਆਂ ਕਿੰਨਕੀਆਂ ਜੋ ਇਕ-ਸਮਾਨ ਵਜਦੀਆਂ ਹਨ, ਜਿਨ੍ਹਾਂ ਦੇ ਸੁਰ ਨੂੰ ਸੁਣ ਕੇ ਭਰਮ ਅਤੇ ਭੈ ਭਜ ਜਾਂਦੇ ਹਨ; ਉਸ ਆਵਾਜ਼ ਨੂੰ ਸੁਣ ਕੇ ਕੋਇਲ ਵੀ ਸ਼ਰਮਾਉਂਦੀ ਹੈ, ਪਾਪ ਦੂਰ ਹੋ ਜਾਂਦੇ ਹਨ, ਹਿਰਦੇ ਵਿਚ ਸੁਖ (ਸ਼ਾਂਤੀ) ਪੈਦਾ ਹੁੰਦੀ ਹੈ; (ਹੇ) ਦੁਰਜਨਾਂ ਦੀ ਫ਼ੌਜ ਨੂੰ ਮਾਰਨ ਵਾਲੀ, ਤਨ ਮਨ ਵਿਚ ਰੀਝਣ ਵਾਲੀ ਅਤੇ ਭੈ ਨਾਲ ਯੁੱਧ-ਭੂਮੀ ਤੋਂ ਨ ਭੱਜਣ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਚੰਡ ਰਾਖਸ਼ ਨੂੰ ਚੀਰਨ ਵਾਲੀ, ਆਦਿ-ਕਾਲ ਤੋਂ ਪੂਜੀ ਜਾਣ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੩।

(ਹੇ) ਚੰਗੇ ਸ਼ਸਤ੍ਰਾਂ ਵਾਲੀ, ਦੁਸ਼ਟਾਂ ਦਾ ਵਿਰੋਧ ਕਰਨ ਵਾਲੀ, ਰੋਹ ਨਾਲ ਵੈਰੀਆਂ ਨੂੰ ਰੋਕਣ ਵਾਲੀ, ਕਠੋਰ ਸੁਭਾ ਵਾਲੀ, ਧੂਮ੍ਰਨੈਨ ਰਾਖਸ਼ ਦਾ ਨਾਸ਼ ਕਰਨ ਵਾਲੀ, ਪਰਲੋ ਪੈਦਾ ਕਰਨ ਵਾਲੀ (ਪਰਲੋ ਮਚਾਉਣ ਵਾਲੀ), ਜਗਤ ਦਾ ਵਿਨਾਸ਼ ਕਰਨ ਵਾਲੀ, ਸ਼ੁੱਧ ਮਤ ਵਾਲੀ, ਜਾਲਪਾ ਪਰਬਤ ਨੂੰ ਜਿਤਣ ਵਾਲੀ (ਭਾਵ ਜਾਲਪਾ ਦੇਵੀ), ਵੈਰੀਆਂ ਨੂੰ ਬਰਬਾਦ ਕਰਨ ਵਾਲੀ, ਦੁਸ਼ਟਾਂ ਨੂੰ ਸਾੜਨ ਵਾਲੀ, ਅਤੇ ਅਤਿ ਅਧਿਕ ਮਸਤੀ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਆਦਿ-ਜੁਗਾਦਿ ਤੋਂ ਅਗਾਧ ਗਤੀ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੪।

(ਹੇ) ਛਤ੍ਰੀਆਂ ਵਰਗੇ ਬਾਣਾਂ ਵਾਲੀ, ਭੈ ਨੂੰ ਨ ਮੰਨਣ ਵਾਲੀ, ਨਸ਼ਟ ਨ ਹੋ ਸਕਣ ਵਾਲੀ, ਮੁੱਢ ਤੋਂ ਹੀ ਸ਼ਰੀਰ-ਰਹਿਤ ਰੂਪ ਵਾਲੀ ਅਤੇ ਅਗਾਧ ਚਾਲ-ਢਾਲ ਵਾਲੀ, ਬ੍ਰਿੜਲਾਛ ਦੈਂਤ ਨੂੰ ਮਾਰਨ ਵਾਲੀ, ਚਿੱਛਰ ਰਾਖਸ਼ ਨੂੰ ਦੰਡ ਦੇਣ ਵਾਲੀ, ਪ੍ਰਚੰਡ ਤੇਜ ਵਾਲੀ, ਸ਼ੁਰੂ ਤੋਂ ਹੀ ਅਜਿਹੀ ਬਿਰਤੀ ਵਾਲੀ, ਦੇਵਤਿਆਂ ਅਤੇ ਮਨੁੱਖਾਂ ਨੂੰ ਪਾਲਣ ਵਾਲੀ, ਪਤਿਤਾਂ ਦਾ ਉੱਧਾਰ ਕਰਨ ਵਾਲੀ, ਦੁਸ਼ਟਾਂ ਨੂੰ ਖ਼ਤਮ ਕਰਨ ਵਾਲੀ ਅਤੇ ਦੋਖਾਂ ਨੂੰ ਹਰਨ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਵਿਸ਼ਵ ਨੂੰ ਨਸ਼ਟ ਕਰਨ ਵਾਲੀ ਅਤੇ ਸ੍ਰਿਸ਼ਟੀ ਦੀ ਸਿਰਜਨਾ ਕਰਨ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੫।

ਦਾਮਿਨੀ ਪ੍ਰਕਾਸੇ ਉਨਤ[1] ਨਾਸੇ ਜੋਤਿ ਪ੍ਰਕਾਸੇ ਅਤੁਲ ਬਲੇ।
ਦਾਨਵੀ ਪ੍ਰਕਰਖਣ ਸਰ ਵਰ ਵਰਖਣ ਦੁਸਟ ਪ੍ਰਧਰਖਣ ਬਿਤਲ ਤਲੇ।
ਅਸਟਾਯੁਧ ਬਾਹਣ ਬੋਲ ਨਿਬਾਹਣ ਸੰਤ ਪਨਾਹਣ ਗੂੜ ਗਤੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਅਨਾਦਿ ਅਗਾਧਿ ਬ੍ਰਿਤੇ। ੧੬। ੨੨੬।

ਦੁਖ ਦੋਖ ਪ੍ਰਭਛਣ ਸੇਵਕ ਰਛਣ ਸੰਤ ਪ੍ਰਤਛਣ ਸੁਧ ਸਰੇ।
ਸਾਰੰਗ ਸਨਾਹੇ ਦੁਸਟ ਪ੍ਰਦਾਹੇ ਅਰਿ ਦਲ ਗਾਹੇ[2] ਦੋਖ ਹਰੇ।
ਗੰਜਨ ਗੁਮਾਨੇ ਅਤੁਲ ਪ੍ਰਵਾਨੇ ਸੰਤਿ ਜਮਾਨੇ ਆਦਿ ਅੰਤੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਸਾਧ ਪ੍ਰਦਛਨ ਦੁਸਟ ਹੰਤੇ। ੧੭। ੨੨੭।

ਕਾਰਣ ਕਰੀਲੀ ਗਰਬ ਗਹੀਲੀ ਜੋਤਿ ਜਿਤੀਲੀ ਤੁੰਦ ਮਤੇ।
ਅਸਟਾਇਧ ਚਮਕਣ ਸਸਤ੍ਰ ਝਮਕਣ ਦਾਮਿਨਿ ਦਮਕਣ ਆਦਿ ਬ੍ਰਿਤੇ।
ਡੁਕਡੁਕੀ ਡਮੰਕੈ ਬਾਘ ਬਬੰਕੈ ਭੁਜਾ ਫਰੰਕੈ ਸੁਧ ਗਤੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਜੁਗਾਦਿ ਅਨਾਦਿ ਮਤੇ। ੧੮।੨੨੮।

ਚਛਰਾਸੁਰ ਮਾਰਣ ਨਰਕ ਨਿਵਾਰਣ ਪਤਿਤ ਉਧਾਰਣ ਏਕ ਭਟੇ।
ਪਾਪਾਨ ਬਿਹੰਡਨ ਦੁਸਟ ਪ੍ਰਚੰਡਣ ਖੰਡ ਅਖੰਡਣ ਕਾਲ ਕਟੇ।
ਚੰਦ੍ਰਾਨਨ ਚਾਰੈ ਨਰਕ ਨਿਵਾਰੈ ਪਤਿਤ ਉਧਾਰੈ ਮੁੰਡ ਮਥੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਧੂਮ੍ਰ ਬਿਧੁੰਸਨ ਆਦਿ ਕਥੇ। ੧੯। ੨੨੯।

ਰਕਤਾਸੁਰ ਮਰਦਨ ਚੰਡ ਚਕ੍ਰਦਨ ਦਾਨਵ ਅਰਦਨ ਬਿੜਾਲ ਬਧੇ।
ਸਰ ਧਾਰ ਬਿਬਰਖਣ ਦੁਰਜਨ ਧਰਖਣ ਅਤੁਲ ਅਮਰਖਣ ਧਰਮ ਧੁਜੇ।
ਧੂਮ੍ਰਾਛ ਬਿਧੁੰਸਨ ਸ੍ਰੋਣਤ ਚੁੰਸਨ ਸੁੰਭ ਨਿਪਾਤ ਨਿਸੁੰਭ ਮਥੇ।
ਜੈ ਜੈ ਹੋਸੀ ਮਹਿਖਾਸੁਰ ਮਰਦਨ ਆਦਿ ਅਨੀਲ ਅਗਾਧਿ ਕਥੇ। ੨੦। ੨੩੦।

---

੧. 'ਉਨਤਨ' ੨. 'ਸਾਰੇ'

(ਹੇ) ਬਿਜਲੀ ਵਰਗੇ ਪ੍ਰਕਾਸ਼ ਵਾਲੀ, ਉਚੇ-ਲੰਬੇ ਨਕ ਵਾਲੀ, ਚਮਕਦੇ (ਚੇਹਰੇ ਦੇ) ਪ੍ਰਕਾਸ਼ ਵਾਲੀ ਅਤੇ ਅਤੁੱਲ ਬਲ ਵਾਲੀ, ਦੈਂਤਾਂ ਦੀ ਫ਼ੌਜ ਨੂੰ (ਯੁੱਧ-ਭੂਮੀ ਵਿਚ) ਮਧੋਲਣ ਵਾਲੀ, ਚੰਗੇ ਤੀਰਾਂ ਦੀ ਵਰਖਾ ਕਰਨ ਵਾਲੀ, ਦੁਸ਼ਟਾਂ ਨੂੰ ਧਮਕਾਉਣ ਵਾਲੀ ਅਤੇ ਵਿਤਲ (ਦੂਜਾ ਪਾਤਾਲ) ਤਕ ਪਸਰਨ ਵਾਲੀ, ਅੱਠ ਕਿਸਮਾਂ ਦੇ ਹੱਥਿਆਰਾਂ ਨੂੰ ਚਲਾਉਣ ਵਾਲੀ, ਬੋਲਾਂ ਨੂੰ ਨਿਭਾਉਣ ਵਾਲੀ, ਸੰਤਾਂ ਨੂੰ ਓਟ ਦੇਣ ਵਾਲੀ ਅਤੇ ਗੰਭੀਰ ਗਤੀ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਆਦਿ-ਅਨਾਦਿ ਕਾਲ ਤੋਂ ਅਗਾਧ ਸੁਭਾ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੬।

(ਹੇ) ਦੁਖਾਂ ਅਤੇ ਦੋਖਾਂ ਨੂੰ ਖਾ ਜਾਣ ਵਾਲੀ, ਸੇਵਕਾਂ ਦੀ ਰਖਿਆ ਕਰਨ ਵਾਲੀ, ਸੰਤਾਂ ਨੂੰ ਪ੍ਰਤੱਖ ਹੋਣ ਵਾਲੀ, ਤਿਖੇ ਤੀਰਾਂ ਵਾਲੀ (ਜਾਂ ਸ਼ੁੱਧ ਸਰੋਵਰ ਵਾਲੀ), ਤਲਵਾਰ ਅਤੇ ਕਵਚ ਧਾਰਨ ਕਰਨ ਵਾਲੀ, ਦੁਸ਼ਟਾਂ ਨੂੰ ਸਾੜਨ ਵਾਲੀ, ਵੈਰੀਆਂ ਦੇ ਦਲ ਨੂੰ ਲਿਤਾੜਨ ਵਾਲੀ, ਦੋਖਾਂ ਨੂੰ ਦੂਰ ਕਰਨ ਵਾਲੀ, ਹੰਕਾਰ ਨੂੰ ਨਸ਼ਟ ਕਰਨ ਵਾਲੀ, ਅਤੁੱਲ ਪ੍ਰਵਾਨਿਆਂ ਵਾਲੀ, ਅੰਤ ਸਮੇਂ ਜ਼ਾਮਨ ਵਜੋਂ ਪੇਸ਼ ਆਉਣ ਵਾਲੀ, ਆਦਿ ਤੋਂ ਅੰਤ ਤਕ ਪਸਰਨ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਸਾਧੂ ਰੁਚੀਆਂ ਵਾਲਿਆਂ ਨੂੰ ਪ੍ਰਤੱਖ ਹੋਣ ਵਾਲੀ ਅਤੇ ਦੁਸ਼ਟਾਂ ਨੂੰ ਮਾਰਨ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੭।

(ਹੇ) ਸਭ ਕਾਰਨਾਂ ਨੂੰ ਕਰਨ ਵਾਲੀ, ਹੰਕਾਰ ਨੂੰ ਨਾਸ਼ ਕਰਨ ਵਾਲੀ, ਜੋਤਿ ਵਾਲੇ (ਸੂਰਜ) ਨੂੰ ਜਿਤਣ ਵਾਲੀ ਅਤੇ ਤੀਖਣ ਮਤ ਵਾਲੀ, ਅੱਠ ਸ਼ਸਤ੍ਰਾਂ ਨੂੰ ਚਮਕਾਉਣ ਵਾਲੀ, ਸ਼ਸਤ੍ਰਾਂ ਨੂੰ ਦਮਕਾਉਣ ਵਾਲੀ, ਬਿਜਲੀ ਵਾਂਗ ਲਿਸ਼ਕਣ ਵਾਲੀ, ਆਦਿ ਕਾਲ ਤੋਂ ਅਜਿਹੇ ਸੁਭਾ ਵਾਲੀ, ਹੱਥ ਨਾਲ ਡੁਗਡੁਗੀ ਵਜਾਉਣ ਵਾਲੀ, ਸ਼ੇਰ ਨੂੰ ਬੁਕਾਉਣ ਵਾਲੀ, ਫੜਕਦੀਆਂ ਬਾਂਹਵਾਂ ਵਾਲੀ ਅਤੇ ਸ਼ੁੱਧ ਚਾਲ ਵਾਲੀ, ਮਹਿਖਾਸੁਰ ਦਾ ਮਰਦਨ ਕਰਨ ਵਾਲੀ ਅਤੇ ਆਦਿ ਅਨਾਦਿ ਜੁਗਾਦਿ (ਇਕ-ਸਮਾਨ) ਮਤ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੮।

(ਹੇ) ਚਿੱਛਰ ਦੈਂਤ ਨੂੰ ਮਾਰਨ ਵਾਲੀ, ਨਰਕਾਂ ਤੋਂ ਬਚਾਉਣ ਵਾਲੀ, ਪਤਿਤਾਂ ਦਾ ਉੱਧਾਰ ਕਰਨ ਵਾਲੀ, ਸੁਭਟ ਸ਼ਕਤੀ ਵਾਲੀ, ਪਾਪਾਂ ਨੂੰ ਨਸ਼ਟ ਕਰਨ ਵਾਲੀ, ਦੁਸ਼ਟਾਂ ਨੂੰ ਚੰਡਣ ਵਾਲੀ, ਨ ਖੰਡਿਤ ਹੋ ਸਕਣ ਵਾਲਿਆਂ ਦਾ ਖੰਡਨ ਕਰਨ ਵਾਲੀ ਅਤੇ ਮ੍ਰਿਤੂ ਨੂੰ ਵੀ ਕਟਣ ਵਾਲੀ, ਚੰਦ੍ਰਮਾ ਨਾਲੋਂ ਵੀ ਸੁੰਦਰ ਮੁਖ ਵਾਲੀ, ਨਰਕਾਂ ਤੋਂ ਛੁਟਕਾਰਾ ਦਿਵਾਉਣ ਵਾਲੀ, ਪਾਪੀਆਂ ਨੂੰ ਤਾਰਨ ਵਾਲੀ, ਮੁੰਡ ਦੈਂਤ ਦਾ ਵਿਨਾਸ਼ ਕਰਨ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ, ਧੂਮ੍ਰਲੋਚਨ ਦਾ ਵਿਨਾਸ਼ ਕਰਨ ਵਾਲੀ, ਆਦਿ ਕਾਲ ਤੋਂ ਇਸੇ ਪ੍ਰਸੰਗ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੨੯।

(ਹੇ) ਰਕਤ ਬੀਜ ਰਾਖਸ਼ ਨੂੰ ਮਾਰਨ ਵਾਲੀ, ਚੰਡ ਦੈਂਤ ਨੂੰ ਚੀਰਨ ਵਾਲੀ, ਦਾਨਵਾਂ ਨੂੰ ਦਲਣ ਵਾਲੀ, ਬਿੜਾਲ ਦੈਂਤ ਦਾ ਬੱਧ ਕਰਨ ਵਾਲੀ, ਤੇਜ਼ ਤੀਰਾਂ ਦੀ ਝੜੀ ਲਗਾਉਣ ਵਾਲੀ, ਦੁਰਜਨਾਂ ਨੂੰ ਧਮਕਾਉਣ ਵਾਲੀ, ਅਤੁਲ ਕ੍ਰੋਧ ਵਾਲੀ ਅਤੇ ਧਰਮ ਦੀ ਧੁਜਾ ਮੰਨੀ ਜਾਣ ਵਾਲੀ, ਧੂਮ੍ਰ-ਨੈਨ ਦਾ ਨਾਸ਼ ਕਰਨ ਵਾਲੀ (ਰਕਤ ਬੀਜ ਦਾ) ਲਹੂ ਪੀਣ ਵਾਲੀ, ਸੁੰਭ ਨੂੰ ਮਾਰਨ ਵਾਲੀ, ਨਿਸੁੰਭ ਨੂੰ ਮੱਥਣ ਵਾਲੀ, ਮਹਿਖਾਸੁਰ ਨੂੰ ਮਾਰਨ ਵਾਲੀ ਅਤੇ ਆਦਿ-ਕਾਲ ਤੋਂ ਅਣਗਿਣਤ ਅਤੇ ਅਗਾਧ ਪ੍ਰਸੰਗ ਵਾਲੀ! (ਤੇਰੀ) ਜੈ ਜੈਕਾਰ ਹੋਵੇ।੨੩੦।

ਤ੍ਵਪ੍ਰਸਾਦਿ। ਪਾਧੜੀ ਛੰਦ

ਤੁਮ ਕਹੋ ਦੇਵ ਸਰਬੰ ਬਿਚਾਰ। ਜਿਮ ਕੀਓ ਆਪਿ ਕਰਤੇ ਪਸਾਰ।
ਜਦਪਿ ਅਭੂਤ ਅਨਭੈ ਅਨੰਤ। ਤਉ ਕਹੋ ਜਥਾ ਮਤਿ ਤ੍ਰੈਣ ਤੰਤ। ੧। ੨੩੧।
ਕਰਤਾ ਕਰੀਮ ਕਾਦਿਰ ਕ੍ਰਿਪਾਲ। ਅਦ੍ਵੈ ਅਭੂਤ ਅਨਭੈ ਦਿਆਲ।
ਦਾਤਾ ਦੁਰੰਤ ਦੁਖ ਦੋਖ ਰਹਤ। ਜਿਹ ਨੇਤਿ ਨੇਤਿ ਸਭ ਬੇਦ ਕਹਤ। ੨। ੨੩੨।

ਕਈ ਊਚ ਨੀਚ ਕੀਨੋ ਬਨਾਉ। ਸਭ ਵਾਰ ਪਾਰ ਜਾ ਕੋ ਪ੍ਰਭਾਉ।
ਸਭ ਜੀਵ ਜੰਤ ਜਾਨੰਤ ਜਾਹਿ। ਮਨ ਮੂੜ ਕਿਉ ਨ ਸੇਵੰਤ ਤਾਹਿ। ੩। ੨੩੩।
ਕਈ ਮੂੜ ਪਤ੍ਰ[1] ਪੂਜਾ ਕਰੰਤ। ਕਈ ਸਿਧ ਸਾਧੁ ਸੂਰਜ ਸਿਵੰਤ।
ਕਈ ਪਲਟਿ ਸੂਰਜ ਸਿਜਦਾ ਕਰਾਇ। ਪ੍ਰਭ ਏਕ ਰੂਪ ਦ੍ਵੈ ਕੈ ਲਖਾਇ। ੪। ੨੩੪।

ਅਨਛਿਜ ਤੇਜ ਅਨਭੈ ਪ੍ਰਕਾਸ। ਦਾਤਾ ਦੁਰੰਤ ਅਦ੍ਵੈ ਅਨਾਸ।
ਸਭ ਰੋਗ ਸੋਗ ਤੇ ਰਹਤ ਰੂਪ। ਅਨਭੈ ਅਕਾਲ ਅਛੈ ਸਰੂਪ। ੫। ੨੩੫।
ਕਰੁਣਾ ਨਿਧਾਨ ਕਾਮਿਲ ਕ੍ਰਿਪਾਲ। ਦੂਖ ਦੋਖ ਹਰਤ[2] ਦਾਤਾ ਦਿਆਲ।
ਅੰਜਨ ਬਿਹੀਨ ਅਨਭੰਜ ਨਾਥ। ਜਲ ਥਲ ਪ੍ਰਭਾਉ ਸਰਬਤ੍ਰ ਸਾਥ। ੬। ੨੩੬।

ਜਿਹ ਜਾਤਿ ਪਾਤਿ ਨਹੀ ਭੇਦ ਭਰਮ। ਜਿਹ ਰੰਗ ਰੂਪ ਨਹੀ ਏਕ ਧਰਮ।
ਜਿਹ ਸਤ੍ਰ ਮਿਤ੍ਰ ਦੋਊ ਏਕ ਸਾਰ। ਅਛੈ[3] ਸਰੂਪ ਅਬਿਚਲ ਅਪਾਰ। ੭। ੨੩੭।
ਜਾਨੀ ਨ ਜਾਇ ਜਿਹ ਰੂਪ ਰੇਖ। ਕਹਿ ਬਾਸੁ ਤਾਸੁ ਕਹਿ ਕਉਨੁ ਭੇਖ।
ਕਹਿ ਨਾਮ ਤਾਸੁ ਹੈ ਕਵਨ ਜਾਤਿ। ਜਿਹ ਸਤ੍ਰ ਮਿਤ੍ਰ ਨਹੀ ਪੁਤ੍ਰ ਭ੍ਰਾਤ। ੮। ੨੩੮।

ਕਰੁਣਾ ਨਿਧਾਨ ਕਾਰਣ ਸਰੂਪ। ਜਿਹ ਚਕ੍ਰ ਚਿਹਨ ਨਹੀ ਰੰਗ ਰੂਪ।
ਜਿਹ ਖੇਦ ਭੇਦ ਨਹੀ ਕਰਮ ਕਾਲ। ਸਭ ਜੀਵ ਜੰਤ ਕੀ ਕਰਤ ਪਾਲ। ੯। ੨੩੯।
ਉਰਧੰ ਬਿਰਹਤ ਸਿਧ ਸਰੂਪ। ਬੁਧੰ ਅਪਾਲ ਜੁਧੰ ਅਨੂਪ।
ਜਿਹ ਰੂਪ ਰੇਖ ਨਹੀ ਰੰਗ ਰਾਗ। ਅਨਛਿਜ ਤੇਜ ਅਨਭਿਜ ਅਦਾਗ। ੧੦। ੨੪੦।

---

੧. 'ਪਾਤਰ', 'ਪਿਤੁ' ੨. 'ਰਹਤ' ੩. 'ਅਛੂ'

ਤੇਰੀ ਕ੍ਰਿਪਾ ਨਾਲ। ਪਾਧੜੀ ਛੰਦ

ਹੇ ਦੇਵ! ਤੁਸੀਂ ਇਹ ਸਭ ਵਿਚਾਰ ਪੂਰਵਕ ਦਸੋ ਕਿ ਕਰਤੇ ਨੇ (ਸਾਰੀ ਸ੍ਰਿਸ਼ਟੀ ਦਾ) ਪਸਾਰ ਕਿਵੇਂ ਕੀਤਾ ਹੈ? ਭਾਵੇਂ (ਉਹ) ਭੌਤਿਕ ਤੱਤ੍ਵਾਂ ਤੋਂ ਪਰੇ, ਭੈ-ਰਹਿਤ ਅਤੇ ਬੇਅੰਤ ਹੈ ਤਾਂ ਵੀ ਆਪਣੀ ਜਿਹੋ ਜਿਹੀ ਬੁੱਧੀ ਹੈ, ਉਸ ਦੀ ਵਿਵਸਥਾ ਦਸਦਾ ਹਾਂ।੨੩੧। (ਉਹ ਪਰਮਾਤਮਾ ਸਭ ਦਾ) ਕਰਤਾ ਹੈ, ਬਖ਼ਸ਼ਿਸ਼ ਕਰਨ ਵਾਲਾ ਹੈ, ਸ਼ਕਤੀ ਵਾਲਾ ਹੈ, ਕ੍ਰਿਪਾਲੂ ਹੈ, ਅਦ੍ਵੈਤ ਰੂਪ ਹੈ, ਤੱਤ੍ਵਾਂ ਦੀ ਰਚਨਾ ਤੋਂ ਪਰੇ ਹੈ, ਡਰ ਤੋਂ ਰਹਿਤ ਹੈ, ਦਇਆ ਕਰਨ ਵਾਲਾ ਹੈ, ਬੇਅੰਤ ਦਾਤਾ ਹੈ, ਦੁਖਾਂ-ਦੋਖਾਂ ਤੋਂ ਰਹਿਤ ਹੈ, ਜਿਸ ਨੂੰ ਸਾਰੇ ਵੇਦ ਬੇਅੰਤ ਬੇਅੰਤ ਕਹਿੰਦੇ ਹਨ।੨੩੨।

(ਉਸ ਨੇ) ਕਈ ਉਚੇ ਤੇ ਨੀਵੇਂ ਬਣਾਉ ਬਣਾਏ ਹਨ, ਉਰਾਰ ਪਾਰ (ਉਸੇ ਦਾ) ਪ੍ਰਭਾਵ ਹੈ, ਜੋ ਸਾਰੇ ਜੀਵਾਂ ਜੰਤੂਆਂ ਦੀ ਗਤਿਵਿਧੀ ਨੂੰ ਜਾਣਦਾ ਹੈ। (ਹੇ) ਮੂਰਖ ਮਨ! (ਫਿਰ) ਉਸ ਨੂੰ ਕਿਉਂ ਨਹੀਂ ਸਿਮਰਦਾ।੨੩੩। ਕਈ ਮੂਰਖ (ਬਿਲ ਜਾਂ ਤੁਲਸੀ ਦੇ) ਪੱਤਰਾਂ ਨਾਲ (ਉਸ ਦੀ) ਪੂਜਾ ਕਰਦੇ ਹਨ; ਕਈ ਸਿੱਧ ਸਾਧਕ ਸੂਰਜ ਦੀ ਸੇਵਾ ਕਰਦੇ ਹਨ; ਕਈ ਸੂਰਜ ਦੇ ਉਲਟ (ਪੱਛਮ) ਵਲ ਸਿਜਦਾ ਕਰਦੇ ਹਨ; ਪ੍ਰਭੂ ਤਾਂ ਇਕ ਰੂਪ ਵਾਲਾ ਹੈ, (ਫਿਰ ਉਸ ਨੂੰ) ਦ੍ਵੈਤ ਰੂਪ ਵਿਚ ਕਿਵੇਂ ਵੇਖਿਆ ਜਾ ਸਕਦਾ ਹੈ।੨੩੪।

(ਉਹ ਪ੍ਰਭੂ) ਨ ਛਿੱਜਣ ਵਾਲੇ ਤੇਜ ਵਾਲਾ ਹੈ ਅਤੇ ਉਹ ਸੁਤਹ-ਸਿੱਧ ਪ੍ਰਕਾਸ਼ਿਤ ਹੋਣ ਵਾਲਾ ਹੈ; ਬੇਅੰਤ ਦਾਤਾ ਹੈ, ਅਦ੍ਵੈਤ ਸਰੂਪ ਅਤੇ ਨਾਸ਼-ਰਹਿਤ ਹੈ; ਉਹ ਸਭ ਰੋਗਾਂ ਸੋਗਾਂ ਤੋਂ ਰਹਿਤ ਰੂਪ ਵਾਲਾ ਹੈ; ਭੈ-ਰਹਿਤ, ਕਾਲ-ਰਹਿਤ, ਨਾਸ਼-ਰਹਿਤ ਸਰੂਪ ਵਾਲਾ ਹੈ।੨੩੫। (ਉਹ) ਕ੍ਰਿਪਾ ਦਾ ਖ਼ਜ਼ਾਨਾ ਹੈ, ਪੂਰਨ ਕ੍ਰਿਪਾਲੂ ਹੈ, ਦੁਖ-ਦੋਖ ਨੂੰ ਨਸ਼ਟ ਕਰਨ ਵਾਲਾ ਹੈ, ਦਿਆਲੂ ਦਾਤਾ ਹੈ, ਮਾਇਆ ਤੋਂ ਰਹਿਤ ਅਤੇ ਅਟੁੱਟ ਸੁਆਮੀ ਹੈ। (ਉਸ ਦਾ) ਜਲ-ਥਲ ਵਿਚ ਪ੍ਰਭਾਵ ਹੈ ਅਤੇ ਸਭ ਨਾਲ (ਰਮਣ ਕਰਨ ਵਾਲਾ) ਹੈ।੨੩੬।

ਜਿਸ ਦੀ ਕੋਈ ਜਾਤਿ, ਬਰਾਦਰੀ ਅਤੇ ਭਰਮ ਭੇਦ ਨਹੀਂ; ਜਿਸ ਦਾ ਕੋਈ ਰੰਗ-ਰੂਪ ਨਹੀਂ ਹੈ ਅਤੇ ਕੇਵਲ ਇਕੋ ਹੀ ਧਰਮ (ਕਰਤੱਵ) ਵਾਲਾ ਹੈ। ਜਿਸ ਲਈ ਵੈਰੀ ਅਤੇ ਮਿਤਰ ਦੋਵੇਂ ਇਕ-ਸਮਾਨ ਹਨ। (ਉਸ ਦਾ) ਸਰੂਪ ਨਾਸ਼-ਰਹਿਤ, ਅਪਾਰ ਅਤੇ ਸਥਿਰ ਹੈ।੨੩੭। ਜਿਸ ਦੀ ਰੂਪ-ਰੇਖਾ ਜਾਣੀ ਨਹੀਂ ਜਾਂਦੀ। ਉਸ ਦਾ ਵਾਸ ਕਿਥੇ ਹੈ, ਉਸ ਦਾ ਭੇਸ ਕਿਹੜਾ ਹੈ, ਉਸ ਦਾ ਨਾਮ ਕੀ ਹੈ ਅਤੇ ਉਸ ਦੀ ਜਾਤਿ ਕੀ ਹੈ? (ਉਸ ਬਾਰੇ ਕੁਝ ਨਹੀਂ ਕਿਹਾ ਜਾ ਸਕਦਾ) ਜਿਸ ਦਾ ਨ ਕੋਈ ਵੈਰੀ ਹੈ, ਨ ਮਿਤਰ ਹੈ, ਨ ਪੁੱਤਰ ਅਤੇ ਭਰਾ ਹੈ।੨੩੮।

(ਉਹ) ਕ੍ਰਿਪਾ ਦਾ ਖ਼ਜ਼ਾਨਾ ਹੈ (ਅਤੇ ਸਾਰੀ ਸ੍ਰਿਸ਼ਟੀ ਦਾ) ਕਾਰਨ ਸਰੂਪ ਹੈ; ਜਿਸ ਦਾ ਕੋਈ ਚਿੰਨ੍ਹ-ਚੱਕਰ ਅਤੇ ਰੂਪ-ਰੰਗ ਨਹੀਂ ਹੈ; ਜੋ ਖੇਦ, ਭੇਦ, ਕਾਲ ਅਤੇ ਕਰਮ ਤੋਂ ਪਰੇ ਹੈ; ਜੋ ਸਭ ਜੀਵ-ਜੰਤੂਆਂ ਦੀ ਪਾਲਨਾ ਕਰਦਾ ਹੈ।੨੩੯। ਜੋ ਉਚਾਣ-ਨੀਵਾਣ (ਵਾਧ-ਘਾਟ) ਤੋਂ ਬਿਨਾ ਅਤੇ ਸਿੱਧ (ਕਾਮਲ) ਸਰੂਪ ਵਾਲਾ ਹੈ; (ਉਹ) ਅਪਾਰ ਬੁੱਧੀ ਵਾਲਾ ਅਤੇ ਅਨੂਪ ਯੁੱਧ ਕਰਨ ਵਾਲਾ ਹੈ; ਜਿਸ ਦਾ ਕੋਈ ਰੂਪ, ਰੇਖਾ ਅਤੇ ਰਾਗ-ਰੰਗ ਨਹੀਂ ਹੈ; (ਜਿਸ ਦਾ) ਤੇਜ ਨ ਛਿੱਜਣ ਵਾਲਾ ਅਤੇ ਜੋ ਨ ਪ੍ਰਭਾਵਿਤ ਹੋਣ ਵਾਲਾ ਹੈ ਅਤੇ ਨ ਹੀ ਕਲੰਕਿਤ ਹੋਣ ਵਾਲਾ ਹੈ।੨੪੦।

ਜਲ ਥਲ ਮਹੀਪ ਬਨ[1] ਤਨ ਦੁਰੰਤ। ਜਿਹ ਨੇਤਿ ਨੇਤਿ ਨਿਸਿ ਦਿਨ ਉਚਰੰਤ।
ਪਾਇਓ ਨ ਜਾਇ ਜਿਹ ਪੈਰਿ ਪਾਰ। ਦੀਨਾਨ ਦੋਖ ਦਹਿਤਾ ਉਦਾਰ। ੧੧। ੨੪੧।
ਕਈ ਕੋਟਿ ਇੰਦ੍ਰ ਜਿਹ ਪਾਨਿਹਾਰ। ਕਈ ਕੋਟਿ ਰੁਦ੍ਰ ਜੁਗੀਆ ਦੁਆਰ।
ਕਈ ਬੇਦ ਬਿਆਸ ਬ੍ਰਹਮਾ ਅਨੰਤ। ਜਿਹ ਨੇਤਿ ਨੇਤਿ ਨਿਸਿ ਦਿਨ ਉਚਰੰਤ। ੧੨। ੨੪੨।

ਤ੍ਵਪ੍ਰਸਾਦਿ। ਸ੍ਵੈਯੇ

ਦੀਨਿਨ ਕੀ ਪ੍ਰਤਿਪਾਲ ਕਰੈ ਨਿਤ ਸੰਤ ਉਬਾਰਿ ਗਨੀਮਨ ਗਾਰੈ।
ਪਛ ਪਸੂ ਨਗ ਨਾਗ ਨਰਾਧਿਪ ਸਰਬ ਸਮੈ ਸਭ ਕੋ ਪ੍ਰਤਿਪਾਰੈ।
ਪੋਖਤ ਹੈ ਜਲ ਮੈ ਥਲ ਮੈ ਪਲ ਮੈ ਕਲਿ ਕੇ ਨਹੀ ਕਰਮ ਬਿਚਾਰੈ।
ਦੀਨ ਦਇਆਲ ਦਇਆਨਿਧਿ ਦੋਖਨ ਦੇਖਤ ਹੈ ਪਰੁ ਦੇਤ ਨ ਹਾਰੈ। ੧। ੨੪੩।

ਦਾਹਤ ਹੈ ਦੁਖ ਦੋਖਨ ਕੌ ਦਲ ਦੁਜਨ ਕੇ ਪਲ ਮੈ ਦਲ ਡਾਰੈ।
ਖੰਡ ਅਖੰਡ ਪ੍ਰਚੰਡ ਪ੍ਰਹਾਰਨ ਪੂਰਨ ਪ੍ਰੇਮ ਕੀ ਪ੍ਰੀਤਿ ਸੰਭਾਰੈ।
ਪਾਰੁ ਨ ਪਾਇ ਸਕੈ ਪਦਮਾਪਤਿ ਬੇਦ ਕਤੇਬ ਅਭੇਦ ਉਚਾਰੈ।
ਰੋਜ ਹੀ ਰਾਜ ਬਿਲੋਕਤ ਰਾਜਿਕ ਰੋਖਿ ਰੂਹਾਨ ਕੀ ਰੋਜੀ ਨ ਟਾਰੈ। ੨। ੨੪੪।

ਕੀਟ ਪਤੰਗ ਕੁਰੰਗ ਭੁਜੰਗਮ ਭੂਤ ਭਵਿਖ ਭਵਾਨ ਬਨਾਏ।
ਦੇਵ ਅਦੇਵ ਖਪੇ ਅਹੰਮੇਵ[2] ਨ ਭੇਵ ਲਖਿਓ ਭ੍ਰਮ ਸਿਉ ਭਰਮਾਏ।
ਬੇਦ ਪੁਰਾਨ ਕਤੇਬ ਕੁਰਾਨ ਹਸੇਬ ਥਕੇ ਕਰ ਹਾਥਿ ਨ ਆਏ।
ਪੂਰਨ ਪ੍ਰੇਮ ਪ੍ਰਭਾਉ ਬਿਨਾ ਪਤਿ ਸਿਉ ਕਿਨ ਸ੍ਰੀ ਪਦਮਾਪਤਿ ਪਾਏ। ੩। ੨੪੫।

ਆਦਿ ਅਨੰਤ ਅਗਾਧਿ ਅਦ੍ਵੈਖ ਸੁ ਭੂਤ ਭਵਿਖ ਭਵਾਨ ਅਭੈ ਹੈ।
ਅੰਤਿ ਬਿਹੀਨ ਅਨਾਤਮ ਆਪ ਅਦਾਗ ਅਦੋਖ ਅਛਿਦ੍ਰ ਅਛੈ ਹੈ।
ਲੋਗਨ ਕੇ ਕਰਤਾ ਹਰਤਾ ਜਲ ਮੈ ਥਲ ਮੈ ਭਰਤਾ ਪ੍ਰਭ ਵੈ ਹੈ।
ਦੀਨ ਦਇਆਲ ਦਇਆ ਕਰ ਸ੍ਰੀਪਤਿ ਸੁੰਦਰ ਸ੍ਰੀ ਪਦਮਾਪਤਿ ਏ ਹੈ। ੪। ੨੪੬।

ਕਾਮ ਨ ਕ੍ਰੋਧ ਨ ਲੋਭ ਨ ਮੋਹ ਨ ਰੋਗ ਨ ਸੋਗ ਨ ਭੋਗ ਨ ਭੈ ਹੈ।
ਦੇਹ ਬਿਹੀਨ ਸਨੇਹ ਸਭੋ ਤਨ ਨੇਹ ਬਿਰਕਤ ਅਗੇਹ ਅਛੈ ਹੈ।
ਜਾਨ ਕੋ ਦੇਤ ਅਜਾਨ ਕੋ ਦੇਤ ਜਮੀਨ ਕੋ ਦੇਤ ਜਮਾਨ ਕੋ ਦੈ ਹੈ।
ਕਾਹੇ ਕੋ ਡੋਲਤ ਹੈ ਤੁਮਰੀ ਸੁਧਿ ਸੁੰਦਰ ਸ੍ਰੀ ਪਦਮਾਪਤਿ ਲੈ ਹੈ। ੫। ੨੪੭।

੧. 'ਮਹਿਬਨ' ੨. 'ਹੰਮੇਵ'

(ਉਹ) ਜਲ-ਥਲ ਦਾ ਰਾਜਾ ਅਤੇ ਬਨਾਂ ਤੇ ਸ਼ਰੀਰਾਂ ਵਿਚ ਬੇਅੰਤ (ਰੂਪ ਵਿਚ ਪਸਰਿਆ ਹੋਇਆ ਹੈ); ਜਿਸ ਨੂੰ ਰਾਤ-ਦਿਨ ਬੇਅੰਤ ਬੇਅੰਤ ਕਹੀਦਾ ਹੈ। ਜਿਸ ਦਾ ਦੂਜਾ ਕੰਢਾ ('ਪਾਰ') ਨਹੀਂ ਪਾਇਆ ਜਾ ਸਕਦਾ। ਉਹ ਉਦਾਰ ਸਰੂਪ ਵਾਲਾ ਦੀਨਾਂ-ਦੁਖੀਆਂ ਦਾ ਦੋਖ ਹਰਨ ਵਾਲਾ ਹੈ।੨੪੧। ਜਿਸ ਦੇ ਕਈ ਕਰੋੜਾਂ ਇੰਦਰ ਪਾਣੀ ਭਰਦੇ ਹਨ (ਸੇਵਾ ਕਰਦੇ ਹਨ); ਕਈ ਕਰੋੜ ਰੁਦਰ ਉਸ ਦੇ ਦੁਆਰ ਨਾਲ ਜੁੜੇ ਹੋਏ ਹਨ; ਕਈ ਵੇਦ-ਵਿਆਸ ਅਤੇ ਬੇਸ਼ੁਮਾਰ ਬ੍ਰਹਮਾ ਜਿਸ ਨੂੰ ਰਾਤ ਦਿਨ ਬੇਅੰਤ ਬੇਅੰਤ (ਕਹਿ ਕੇ) ਉਚਾਰਦੇ ਹਨ।੨੪੨।

ਤੇਰੀ ਕ੍ਰਿਪਾ ਨਾਲ। ਸ੍ਵੈਯੇ

(ਉਹ ਪ੍ਰਭੂ) ਦੀਨਾਂ-ਦੁਖੀਆਂ ਦੀ ਸਦਾ ਪ੍ਰਤਿਪਾਲਨਾ ਕਰਦਾ ਹੈ, ਸੰਤਾਂ ਨੂੰ ਉਬਾਰਦਾ ਹੈ ਅਤੇ ਅਤਿਆਚਾਰੀਆਂ ਦਾ ਵਿਨਾਸ਼ ਕਰਦਾ ਹੈ। ਪੰਛੀਆਂ, ਪਸ਼ੂਆਂ, ਪਹਾੜਾਂ, ਸੱਪਾਂ ਅਤੇ ਰਾਜਿਆਂ ਦੀ ਸਭ ਵੇਲੇ ਪ੍ਰਤਿਪਾਲਨਾ ਕਰਦਾ ਹੈ। (ਜੋ) ਜਲ-ਥਲ (ਵਿਚਲੇ ਜੀਵਾਂ) ਦਾ ਪਲ ਵਿਚ ਹੀ ਪਾਲਣ ਪੋਸ਼ਣ ਕਰਦਾ ਹੈ ਅਤੇ ਕਲਿ-ਕਾਲ (ਵਿਚ ਹੋਣ ਵਾਲਿਆਂ ਦਾ) ਕਰਮ ਨਹੀਂ ਵਿਚਾਰਦਾ। ਉਹ ਦੀਨ-ਦਿਆਲ, ਦਇਆ ਦਾ ਸਮੁੰਦਰ, ਦੋਖਾਂ ਨੂੰ ਦੇਖ ਕੀ ਵੀ ਦੇਣੋ ਸੰਕੋਚ ਨਹੀਂ ਕਰਦਾ।੨੪੩।

ਦੁਖਾਂ ਅਤੇ ਦੋਖਾਂ ਨੂੰ ਸਾੜਦਾ ਹੈ ਅਤੇ ਦੁਰਜਨਾਂ ਦੇ ਦਲਾਂ ਨੂੰ ਪਲ ਭਰ ਵਿਚ ਦਲ-ਮਲ ਦਿੰਦਾ ਹੈ। ਜੋ ਨ ਖੰਡੇ ਜਾ ਸਕਣ ਵਾਲਿਆਂ ਦਾ ਨਾਸ਼ ਕਰਨ ਵਾਲਾ, ਪ੍ਰਚੰਡ ਤੇਜ ਵਾਲਿਆਂ ਉਤੇ ਪ੍ਰਹਾਰ ਕਰਨ ਵਾਲਾ ਅਤੇ ਨਿਸ਼ਕਾਮ ਪ੍ਰੇਮ ਦੀ ਪ੍ਰੀਤ ਨੂੰ ਪਾਲਣ ਵਾਲਾ ਹੈ। (ਜਿਸ ਦਾ) ਪਾਰ ਵਿਸ਼ਣੂ ਨਹੀਂ ਪਾ ਸਕਦਾ ਅਤੇ ਵੇਦ-ਕਤੇਬ (ਉਸ ਨੂੰ) ਅਭੇਦ (ਜਿਸ ਦਾ ਰਹੱਸ ਨ ਸਮਝਿਆ ਜਾ ਸਕੇ) ਕਹਿੰਦੇ ਹਨ। ਹਰ ਰੋਜ਼ ਪਰਮਾਤਮਾ ਸਾਡੇ ਗੁਪਤ ਭੇਦਾਂ ਨੂੰ ਵੇਖਦਾ ਹੈ, ਪਰ ਗੁੱਸੇ ਵਿਚ ਆ ਕੇ ਜੀਵਾਂ ਦੀ ਰੋਜ਼ੀ ਬੰਦ ਨਹੀਂ ਕਰਦਾ।੨੪੪।

(ਜਿਸ ਨੇ) ਕੀੜੇ, ਪਤੰਗੇ, ਹਿਰਨ, ਸੱਪ, ਭੂਤਕਾਲ, ਵਰਤਮਾਨ ਕਾਲ ਅਤੇ ਭਵਿਸ਼ਤ ਕਾਲ ਬਣਾਏ ਹਨ; ਦੇਵਤੇ ਅਤੇ ਦੈਂਤ ਹੰਕਾਰ ਕਾਰਨ ਖੱਪ ਗਏ, (ਕਿਸੇ ਨੇ ਉਸਦਾ) ਭੇਦ ਨ ਪਾਇਆ, (ਉਹ) ਭਰਮਾਂ ਵਿਚ ਹੀ ਭਰਮਦੇ ਰਹੇ। ਵੇਦ, ਪੁਰਾਣ, ਕਤੇਬ, ਕੁਰਾਨ ਆਦਿ (ਧਰਮ ਪੁਸਤਕਾਂ) ਬਹੁਤ ਗਿਣਤੀ-ਮਿਣਤੀ ਕਰਦੀਆਂ (ਹਿਸਾਬ ਲਗਾਉਂਦੀਆਂ) ਹਾਰ ਗਈਆਂ, ਪਰ (ਉਨ੍ਹਾਂ ਦੇ) ਹੱਥ ਕੁਝ ਨ ਆਇਆ। ਪੂਰਨ ਪ੍ਰੇਮ ਦੇ ਪ੍ਰਭਾਵ ਤੋਂ ਬਿਨਾ (ਦਸੋ) ਕਿਸ ਨੇ ਪਰਮਾਤਮਾ ਨੂੰ ਪ੍ਰਤਿਸ਼ਠਾ ਸਹਿਤ ਪ੍ਰਾਪਤ ਕੀਤਾ ਹੈ।੨੪੫।

(ਉਹ ਪ੍ਰਭੂ) ਸਭ ਦਾ ਆਦਿ, ਅਨੰਤ, ਅਗਾਧ, ਦ੍ਵੈਸ਼-ਰਹਿਤ ਅਤੇ ਭੂਤ, ਭਵਿਖਤ ਅਤੇ ਵਰਤਮਾਨ ਤਿੰਨਾਂ ਕਾਲਾਂ ਵਿਚ ਭੈ-ਰਹਿਤ ਹੈ। (ਉਹ) ਅੰਤ ਤੋਂ ਰਹਿਤ, ਖ਼ੁਦ ਅਨਾਤਮ, ਦਾਗ ਤੋਂ ਬਿਨਾ, ਦੋਖ ਤੋਂ ਰਹਿਤ, ਛਿਦ੍ਰ ਤੋਂ ਬਿਨਾ ਅਤੇ ਨਾਸ਼ ਤੋਂ ਮੁਕਤ ਹੈ। (ਉਹ) ਲੋਕਾਂ ਦਾ ਕਰਤਾ ਵੀ ਹੈ ਅਤੇ ਹਰਤਾ ਵੀ, ਜਲ-ਥਲ ਵਿਚ (ਸਾਰੇ ਜੀਵਾਂ ਦੀ) ਪਾਲਣਾ ਕਰਨ ਵਾਲਾ ਉਹੀ ਪ੍ਰਭੂ ਹੈ। ਦੀਨ-ਦਿਆਲ, ਦਇਆ ਦੀ ਖਾਣ, ਮਾਇਆ ਦਾ ਸੁਆਮੀ ਸੁੰਦਰ ਪ੍ਰਭੂ ਉਹੀ ਹੈ।੨੪੬।

(ਜਿਸ ਨੂੰ) ਕਾਮ, ਕ੍ਰੋਧ, ਲੋਭ, ਮੋਹ, ਰੋਗ, ਸੋਗ, ਭੋਗ ਅਤੇ ਭੈ ਨਹੀਂ ਹੈ, (ਜੋ) ਦੇਹ-ਰਹਿਤ, ਸਭ ਨਾਲ ਸਨੇਹ ਕਰਨ ਵਾਲਾ, ਮੋਹ ਤੋਂ ਵਿਰਕਤ, ਘਰ ਤੋਂ ਬਿਨਾ ਅਤੇ ਨਾਸ਼ ਤੋਂ ਰਹਿਤ ਹੈ। (ਜੋ) ਚੇਤਨ ਜੀਵਾਂ ਨੂੰ ਦਿੰਦਾ ਹੈ, ਜੜ ਵਸਤੂਆਂ ਨੂੰ ਦਿੰਦਾ ਹੈ, ਜ਼ਮੀਨ (ਵਿਚ ਰਹਿਣ ਵਾਲਿਆਂ) ਨੂੰ ਦਿੰਦਾ ਹੈ, ਆਕਾਸ਼ (ਵਿਚ ਵਿਚਰਨ ਵਾਲਿਆਂ ਨੂੰ) ਦਿੰਦਾ ਹੈ। (ਹੇ ਪ੍ਰਾਣੀ! ਤੂੰ) ਕਿਉਂ ਡੋਲ ਰਿਹਾ ਹੈ, ਤੇਰੀ ਖ਼ਬਰ ਸੁੰਦਰ ਪਰਮਾਤਮਾ ਲੈ ਰਿਹਾ ਹੈ।੨੪੭।

ਰੋਗਨ ਤੇ ਅਰੁ ਸੋਗਨ ਤੇ ਜਲ ਜੋਗਨ ਤੇ ਬਹੁ ਭਾਤਿ ਬਚਾਵੈ।
ਸਤ੍ਰ ਅਨੇਕ ਚਲਾਵਤ ਘਾਵ ਤਊ ਤਨਿ ਏਕੁ ਨ ਲਾਗਨ ਪਾਵੈ।
ਰਾਖਤ ਹੈ ਅਪਨੋ ਕਰੁ ਦੈ ਕਰਿ ਪਾਪ ਸਬੂਹ ਨ ਭੇਟਨ ਪਾਵੈ।
ਔਰ ਕੀ ਬਾਤ ਕਹਾ ਕਹ[1] ਤੋ ਸੌ ਸੁ ਪੇਟ ਹੀ ਕੇ ਪਟ ਬੀਚ ਬਚਾਵੈ। ੬। ੨੪੮।

ਜਛ ਭੁਜੰਗ ਸੁ ਦਾਨਵ ਦੇਵ ਅਭੇਵ ਤੁਮੈ ਸਭ ਹੀ ਕਰਿ ਧਿਆਵੈ।
ਭੂਮਿ ਅਕਾਸ ਪਤਾਲ ਰਸਾਤਲ ਜਛ ਭੁਜੰਗ ਸਭੈ ਸਿਰ ਨਿਆਵੈ।
ਪਾਇ ਸਕੈ ਨਹੀ ਪਾਰ ਪ੍ਰਭਾ ਹੂੰ ਕੋ ਨੇਤਿ ਹੀ [2]ਨੇਤਹ ਬੇਦ[2] ਬਤਾਵੈ।
ਖੋਜ ਥਕੈ ਸਭ ਹੀ ਖੁਜੀਆ ਸੁਰ ਹਾਰ ਪਰੇ ਹਰਿ ਹਾਥਿ ਨ ਆਵੈ। ੭। ੨੪੯।

ਨਾਰਦ ਸੇ ਚਤੁਰਾਨਨ ਸੇ ਰੁਮਨਾਰਿਖ ਸੇ ਸਭਹੂੰ ਮਿਲਿ ਗਾਇਓ।
ਬੇਦ ਕਤੇਬ ਨ ਭੇਦ ਲਖਿਓ ਸਭ ਹਾਰਿ ਪਰੇ ਹਰਿ ਹਾਥਿ ਨ ਆਇਓ।
ਪਾਇ ਸਕੈ ਨਹੀ ਪਾਰ ਉਮਾਪਤਿ ਸਿਧ ਸਨਾਥ ਸਨੰਤਨ ਧਿਆਇਓ।
ਧਿਆਨ ਧਰੋ ਤਿਹ ਕੋ ਮਨ ਮੈ ਜਿਹ ਕੋ ਅਮਿਤੋਜ ਸਭੈ ਜਗਿ ਛਾਇਓ। ੮। ੨੫੦।

ਬੇਦ ਪੁਰਾਨ ਕਤੇਬ ਕੁਰਾਨ ਅਭੇਦ ਨ੍ਰਿਪਾਨ ਸਭੈ ਪਚਿਹਾਰੇ।
ਭੇਦ ਨ ਪਾਇ ਸਕਿਓ ਅਨਭੇਦ ਕੋ ਖੇਦਤ ਹੈ ਅਨਛੇਦ ਪੁਕਾਰੇ।
ਰਾਗ ਨ ਰੂਪ ਨ ਰੇਖ ਨ ਰੰਗ ਨ ਸਾਕ ਨ ਸੋਗ ਨ ਸੰਗ ਤਿਹਾਰੇ।
ਆਦਿ ਅਨਾਦਿ ਅਗਾਧਿ ਅਭੇਖ ਅਦ੍ਵੈਖ ਜਪਿਓ ਤਿਨ ਹੀ ਕੁਲ ਤਾਰੇ। ੯। ੨੫੧।

ਤੀਰਥ ਕੋਟ ਕੀਏ ਇਸਨਾਨ ਦੀਏ ਬਹੁ ਦਾਨ ਮਹਾ ਬ੍ਰਤ[3] ਧਾਰੇ।
ਦੇਸ ਫਿਰਿਓ ਕਰ ਭੇਸ ਤਪੋਧਨ ਕੇਸ ਧਰੇ ਨ ਮਿਲੇ ਹਰਿ ਪਿਆਰੇ।
ਆਸਨ ਕੋਟਿ ਕਰੇ ਅਸਟਾਂਗ ਧਰੇ ਬਹੁ ਨਿਆਸ ਕਰੇ ਮੁਖ ਕਾਰੇ।
ਦੀਨ ਦਇਆਲ ਅਕਾਲ ਭਜੇ ਬਿਨੁ ਅੰਤ ਕੋ ਅੰਤ ਕੇ ਧਾਮ ਸਿਧਾਰੇ। ੧੦। ੨੫੨।

ਤ੍ਵਪ੍ਰਸਾਦਿ। ਕਬਿਤੁ

ਅਤ੍ਰ ਕੇ ਚਲਯਾ ਛਿਤ੍ਰ ਛਤ੍ਰ ਕੇ ਧਰਯਾ
ਛਤ੍ਰਧਾਰੀਓ ਕੇ ਛਲਯਾ ਮਹਾ ਸਤ੍ਰਨ ਕੇ ਸਾਲ ਹੈਂ।
ਦਾਨ ਕੇ ਦਿਵਯਾ ਮਹਾ ਮਾਨ ਕੇ ਬਢਯਾ
ਅਵਸਾਨ ਕੇ ਦਿਵਯਾ ਹੈਂ ਕਟਯਾ ਜਮ ਜਾਲ ਹੈਂ।
ਜੁਧ ਕੇ ਜਿਤਯਾ ਅਉ ਬਿਰੁਧ ਕੇ ਮਿਟਯਾ

੧. 'ਕਹੋਂ' ੨. 'ਨੇਤ ਅਭੇਤ', 'ਨੇਤਹ ਭੇਦ' ੩. 'ਬ੍ਰਿਤ'

(ਉਹ) ਰੋਗਾਂ ਤੋਂ, ਸੋਗਾਂ ਤੋਂ, ਜਲ ਦੇ ਜੀਵ-ਜੰਤੂਆਂ ਤੋਂ ਅਨੇਕ ਢੰਗਾਂ ਨਾਲ ਬਚਾਉਂਦਾ ਹੈ। ਵੈਰੀ ਅਨੇਕ ਵਾਰ (ਹਥਿਆਰ) ਚਲਾਵੇ, (ਪਰ) ਤਾਂ ਵੀ ਉਸ ਦੇ ਸ਼ਰੀਰ ਉਤੇ ਇਕ ਨਹੀਂ ਲਗ ਸਕਦਾ। (ਉਹ ਸਭ ਨੂੰ) ਆਪਣਾ ਹੱਥ ਦੇ ਕੇ ਰਖਦਾ ਹੈ ਅਤੇ ਸਾਰੇ ਪਾਪ ਉਸ ਤਕ ਪਹੁੰਚ ਹੀ ਨਹੀਂ ਸਕਦੇ। (ਹੇ ਜਿਗਿਆਸੂ!) ਤੈਨੂੰ ਹੋਰਾਂ ਦੀ ਗੱਲ ਕੀ ਕਹਾਂ, ਉਹ (ਮਾਤਾ ਦੇ) ਪੇਟ ਵਿਚ ਗਰਭ ਦੌਰਾਨ ਵੀ ਬਚਾਉਂਦਾ ਹੈ।੨੪੮।

(ਹੇ ਪ੍ਰਭੂ!) ਯਕਸ਼, ਸੱਪ, ਦੈਂਤ ਅਤੇ ਦੇਵਤੇ ਆਦਿ ਸਾਰੇ ਤੁਹਾਨੂੰ ਅਭੇਦ ਕਰ ਕੇ ਧਿਆਉਂਦੇ ਹਨ। ਭੂਮੀ, ਆਕਾਸ਼, ਪਾਤਾਲ, ਰਸਾਤਲ ਆਦਿ (ਵਿਚ ਵਸਣ ਵਾਲੇ ਸਾਰੇ ਜੀਵ) ਅਤੇ ਯਕਸ਼, ਸੱਪ ਆਦਿ ਸਾਰੇ (ਤੈਨੂੰ) ਸੀਸ ਨਿਵਾਉਂਦੇ ਹਨ। ਕੋਈ ਵੀ (ਤੇਰੀ) ਪ੍ਰਭੁਤਾ ਦਾ ਪਾਰ ਨਹੀਂ ਪਾ ਸਕਦਾ ਅਤੇ ਵੇਦ ਵੀ (ਤੈਨੂੰ) ਬੇਅੰਤ ਬੇਅੰਤ ਕਹਿੰਦੇ ਹਨ। ਸਾਰੇ ਖੋਜੀ ਦੇਵਤੇ ਖੋਜ ਕਰਦੇ ਥਕ ਗਏ, ਹਾਰ ਗਏ, (ਪਰ) ਪ੍ਰਭੂ ਕਿਸੇ ਦੇ ਵੀ (ਹੱਥ) ਨਹੀਂ ਆਇਆ।੨੪੯।

ਨਾਰਦ ਵਰਗਿਆਂ, ਬ੍ਰਹਮਾ ਜਿਹਿਆਂ, ਰੋਮਹਰਸ਼ਣ ਰਿਸ਼ੀ ਵਰਗਿਆਂ ਸਭਨਾਂ ਨੇ ਮਿਲ ਕੇ ਯਸ਼ ਗਾਇਆ ਹੈ। ਵੇਦਾਂ, ਕਤੇਬਾਂ (ਦੇ ਪੜ੍ਹਨ ਵਾਲਿਆਂ ਨੇ) ਉਸ ਨੂੰ ਵੇਖਿਆ ਨਹੀਂ। ਸਭ (ਯਤਨ ਕਰ ਕਰ ਕੇ) ਹਾਰ ਗਏ ਹਨ, ਪਰ ਪਰਮਾਤਮਾ ਕਿਸੇ ਦੇ ਵੀ ਹੱਥ ਨਹੀਂ ਆਇਆ। (ਉਸ ਦਾ) ਅੰਤ ਸ਼ਿਵ ਵੀ ਪ੍ਰਾਪਤ ਨਹੀਂ ਕਰ ਸਕਿਆ, ਸਿੱਧਾਂ, ਨਾਥਾਂ ਸਹਿਤ ਬ੍ਰਹਮਾ-ਪੁੱਤਰਾਂ ਨੇ ਵੀ ਸਿਮਰਨ ਕੀਤਾ ਹੈ। (ਹੇ ਪ੍ਰਾਣੀ!) ਉਸ ਦਾ ਮਨ ਵਿਚ ਧਿਆਨ ਧਰੋ ਕਿਉਂਕਿ ਉਸ ਦਾ ਅਮਿਤ ਤੇਜ ਸਾਰੇ ਜਗਤ ਵਿਚ ਪਸਰਿਆ ਹੋਇਆ ਹੈ।੨੫੦।

ਵੇਦ, ਪੁਰਾਣ, ਕਤੇਬ, ਕੁਰਾਨ ਅਤੇ ਰਾਜੇ ਨ ਭੇਦੇ ਜਾ ਸਕਣ ਵਾਲੇ ਪਰਮਾਤਮਾ (ਨੂੰ ਪ੍ਰਾਪਤ ਕਰਨ ਦਾ ਯਤਨ ਕਰਦੇ ਰਹੇ ਪਰ) ਥਕ ਗਏ। ਉਸ ਅਭੇਦ ਪਰਮਾਤਮਾ ਦੇ ਭੇਦ ਨੂੰ ਪ੍ਰਾਪਤ ਨ ਕਰ ਸਕੇ, ਉਹ ਦੁਖੀ ਹੋ ਕੇ (ਉਸ ਪਰਮ ਸੱਤਾ ਨੂੰ) 'ਅਛੇਦ' (ਨਾਂ ਨਾਲ) ਯਾਦ ਕਰਦੇ ਹਨ। (ਜਿਸ ਦਾ) ਨ ਰਾਗ ਹੈ, ਨ ਰੂਪ-ਰੇਖਾ ਹੈ, ਨ ਕੋਈ ਰੰਗ ਹੈ, ਨ ਸਾਕ ਹੈ, ਨ ਸੋਗ ਹੈ, ਉਹ ਪ੍ਰਭੂ ਸਦਾ ਤੇਰੇ ਸੰਗ ਹੈ। (ਜੋ) ਆਦਿ, ਅਨਾਦਿ, ਅਗਾਧ, ਅਭੇਖ, ਅਦ੍ਵੈਸ਼ (ਪ੍ਰਭੂ) ਨੂੰ ਜਪਦਾ ਹੈ, ਉਹ ਆਪਣੀ ਕੁਲ ਹੀ ਤਾਰ ਲੈਂਦਾ ਹੈ।੨੫੧।

(ਕੋਈ ਜਿਗਿਆਸੂ ਭਾਵੇਂ) ਕਰੋੜਾਂ ਤੀਰਥਾਂ ਦਾ ਇਸ਼ਨਾਨ ਕਰੇ, ਬਹੁਤ ਦਾਨ ਦੇਵੇ ਅਤੇ ਮਹਾਨ ਬ੍ਰਤ ਧਾਰਨ ਕਰੇ; ਤਪਸਵੀਆਂ ਵਾਲਾ ਭੇਖ ਧਾਰ ਕੇ ਦੇਸ-ਦੇਸਾਂਤਰਾਂ ਵਿਚ ਫਿਰਦਾ ਰਹੇ, ਕੇਸ (ਜਟਾਵਾਂ) ਧਾਰਨ ਕਰ ਲਏ, (ਪਰ ਤਾਂ ਵੀ) ਪਿਆਰਾ ਹਰਿ ਨਹੀਂ ਮਿਲਦਾ; ਕਰੋੜਾਂ ਆਸਨ ਕਰੇ, ਜੋਗ ਦੇ ਅੱਠ ਅੰਗ ਧਾਰਨ ਕਰੇ, ਬਹੁਤ ਤਿਆਗ ਕਰੇ ਅਤੇ (ਦੀਵਾਨੇ ਸਾਧੂਆਂ ਵਾਂਗ) ਮੂੰਹ ਕਾਲੇ ਕਰੇ; (ਪਰ) ਦੀਨ-ਦਿਆਲ, ਅਕਾਲ ਸਰੂਪ ਵਾਲੇ ਪਰਮਾਤਮਾ ਨੂੰ ਭਜੇ ਬਿਨਾ (ਉਹ) ਅੰਤ ਨੂੰ ਯਮਰਾਜ ਦੇ ਘਰ ਜਾਂਦੇ ਹਨ।੨੫੨।

ਤੇਰੀ ਕ੍ਰਿਪਾ ਨਾਲ। ਕਬਿੱਤ

ਹੇ ਪ੍ਰਭੂ! (ਤੂੰ) ਅਸਤ੍ਰਾਂ ਨੂੰ ਚਲਾਉਣ ਵਾਲਾ, ਧਰਤੀ ਦੇ ਛਤ੍ਰ ਨੂੰ ਧਾਰਨ ਕਰਨ ਵਾਲਾ, ਛਤ੍ਰ-ਧਾਰੀਆਂ (ਰਾਜਿਆਂ) ਨੂੰ ਛੱਲਣ ਵਾਲਾ ਅਤੇ ਪ੍ਰਬਲ ਵੈਰੀਆਂ ਨੂੰ ਸਲ੍ਹਣ ਵਾਲਾ ਹੈਂ। (ਤੂੰ) ਦਾਨ ਦੇਣ ਵਾਲਾ, ਬਹੁਤ ਮਾਣ ਵਧਾਉਣ ਵਾਲਾ, ਹੋਸ਼-ਹਵਾਸ ਦੇਣ ਵਾਲਾ ਅਤੇ ਜਮਾਂ ਦਾ ਜਾਲ ਕੱਟਣ ਵਾਲਾ ਹੈਂ। (ਤੂੰ) ਯੁੱਧ ਨੂੰ ਜਿਤਣ ਵਾਲਾ, ਵਿਰੋਧ ਨੂੰ ਮਿਟਾਉਣ

ਮਹਾ ਬੁਧਿ ਕੇ ਦਿਵਯਾ ਮਹਾ ਮਾਨ ਹੂੰ ਕੇ ਮਾਨ ਹੈਂ।
ਗਿਆਨ ਹੂੰ ਕੇ ਗਿਆਤਾ ਮਹਾ ਬੁਧਿਤਾ ਕੇ ਦਾਤਾ ਦੇਵ
ਕਾਲ ਹੂੰ ਕੇ ਕਾਲ ਮਹਾ ਕਾਲ ਹੂੰ ਕੇ ਕਾਲ ਹੈਂ। ੧। ੨੫੩।

ਪੂਰਬੀ ਨ ਪਾਰ ਪਾਵੈ ਹਿੰਗੁਲਾ ਹਿਮਾਲੇ ਧਿਆਵੈ
ਗੋਰਿ ਗਰਦੇਜੀ ਗੁਨ ਗਾਵੈ ਤੇਰੇ ਨਾਮ ਹੈਂ।
ਜੋਗੀ ਜੋਗ ਸਾਧੈ ਪਉਨ ਸਾਧਨਾ ਕਿਤੇਕ ਬਾਧੈ
ਆਰਬ ਕੇ ਆਰਬੀ ਅਰਾਧੇ ਤੇਰੇ ਨਾਮ ਹੈਂ।
ਫਰਾਂ ਕੇ ਫਿਰੰਗੀ ਮਾਨੈ ਕੰਧਾਰੀ ਕੁਰੈਸੀ ਜਾਨੈ
ਪਛਮ ਕੇ ਪਛਮੀ ਪਛਾਨੈ ਨਿਜ ਕਾਮ ਹੈਂ।
ਮਰਹਟਾ ਮਘੇਲੇ ਤੇਰੀ ਮਨ ਸੋ ਤਪਸਿਆ ਕਰੈ
ਦ੍ਰਿੜਵੈ ਤਿਲੰਗੀ ਪਹਚਾਨੇ ਧਰਮ ਧਾਮ ਹੈਂ। ੨। ੨੫੪।

ਬੰਗ ਕੇ ਬੰਗਾਲੀ ਫਿਰਹੰਗ ਕੇ ਫਿਰੰਗਾ ਵਾਲੀ
ਦਿਲੀ ਕੇ ਦਿਲਵਾਲੀ ਤੇਰੀ ਆਗਿਆ ਮੈ ਚਲਤ ਹੈਂ।
ਰੋਹ ਕੇ ਰੁਹੇਲੇ ਮਾਘ ਦੇਸ ਕੇ ਮਘੇਲੇ ਬੀਰ
ਬੰਗਸੀ ਬੁੰਦੇਲੇ ਪਾਪ ਪੁੰਜ ਕੋ ਮਲਤ ਹੈਂ।
ਗੋਖਾ ਗੁਨ ਗਾਵੈ ਚੀਨ ਮਚੀਨ ਕੇ ਸੀਸ ਨ੍ਯਾਵੈ
ਤਿਬਤੀ ਧਿਆਇ ਦੋਖ ਦੇਹ ਕੇ ਦਲਤ ਹੈਂ।
ਜਿਨੈ ਤੋਹਿ ਧਿਆਇਓ ਤਿਨੈ ਪੂਰਨ ਪ੍ਰਤਾਪ[1] ਪਾਇਓ
ਸਰਬ ਧਨ ਧਾਮ ਫਲ ਫੁਲ ਸੋ ਫਲਤ ਹੈਂ। ੩। ੨੫੫।

ਦੇਵ ਦੇਵਤਾਨ ਕੌ ਸੁਰੇਸ ਦਾਨਵਾਨ ਕੌ
ਮਹੇਸ ਗੰਗ ਧਾਨ ਕੌ ਅਭੇਸ ਕਹੀਅਤੁ ਹੈਂ।
ਰੰਗ ਮੈ ਰੰਗੀਨ ਰਾਗ ਰੂਪ ਮੈ ਪ੍ਰਬੀਨ
ਔਰ ਕਾਹੂੰ ਪੈ ਨ ਦੀਨ ਸਾਧ ਅਧੀਨ ਕਹੀਅਤੁ ਹੈਂ।
ਪਾਈਐ ਨ ਪਾਰੁ ਤੇਜ ਪੁੰਜ ਮੈ ਅਪਾਰ
ਸਰਬ ਬਿਦਿਆ ਕੇ ਉਦਾਰ ਹੈਂ ਅਪਾਰ ਕਹੀਅਤੁ ਹੈਂ।
ਹਾਥੀ ਕੀ ਪੁਕਾਰ ਪਲ ਪਾਛੇ ਪਹੁੰਚਤ ਤਾਹਿ
ਚੀਟੀ ਕੀ ਚਿੰਘਾਰ ਪਹਿਲੇ ਹੀ ਸੁਨੀਅਤੁ ਹੈਂ। ੪। ੨੫੬।

ਕੇਤੇ ਇੰਦ੍ਰ ਦੁਆਰਾ ਕੇਤੇ ਬ੍ਰਹਮਾ ਮੁਖਚਾਰ
ਕੇਤੇ ਕ੍ਰਿਸਨ ਅਵਤਾਰ ਕੇਤੇ ਰਾਮ ਕਹੀਅਤੁ ਹੈਂ।
ਕੇਤੇ ਸਸਿ ਰਾਸੀ ਕੇਤੇ ਸੂਰਜ ਪ੍ਰਕਾਸੀ
ਕੇਤੇ ਮੁੰਡੀਆ ਉਦਾਸੀ ਜੋਗ ਦੁਆਰ ਦਹੀਅਤੁ ਹੈਂ।
ਕੇਤੇ ਮਹਾਦੀਨ ਕੇਤੇ ਬਿਆਸ ਸੇ ਪ੍ਰਬੀਨ
ਕੇਤੇ ਕੁਮੇਰ ਕੁਲੀਨ ਕੇਤੇ ਜਛ ਕਹੀਅਤੁ ਹੈਂ।
ਕਰਤੇ ਹੈ ਬਿਚਾਰ ਪੈ ਨ ਪੂਰਨ ਕੋ ਪਾਵੈ ਪਾਰ
ਤਾਹੀ ਤੇ ਅਪਾਰ ਨਿਰਾਧਾਰ ਲਹੀਅਤੁ ਹੈਂ। ੫। ੨੫੭।

੧. 'ਪ੍ਰਾਪਤ'

ਵਾਲਾ, ਸ੍ਰੇਸ਼ਠ ਬੁੱਧੀ ਦੇਣ ਵਾਲਾ, ਮਹਾਨ ਮਾਨਾਂ ਦਾ ਵੀ ਮਾਨ ਹੈਂ। (ਤੂੰ) ਗਿਆਨ ਨੂੰ ਜਾਣਨ ਵਾਲਾ, ਮਹਾਨ ਬੁੱਧੀ ਦੇਣ ਵਾਲਾ, ਕਾਲਾਂ ਦਾ ਕਾਲ ਅਤੇ ਮਹਾਕਾਲ ਦਾ ਵੀ ਕਾਲ ਹੈਂ।੨੫੩।

ਪੂਰਵ ਦੇਸਾਂ ਦੇ ਨਿਵਾਸੀ (ਤੇਰਾ) ਅੰਤ ਨਹੀਂ ਪਾ ਸਕੇ, ਹਿੰਗਲਾਜ (ਮਕਰਾਨ ਇਲਾਕੇ ਦੇ ਨਿਵਾਸੀ) ਅਤੇ ਹਿਮਾਲੇ (ਦੇ ਨਿਵਾਸੀ) ਤੈਨੂੰ ਸਿਮਰਦੇ ਹਨ। ਗੋਰ ਅਤੇ ਗੁਰਦੇਜ਼ੀ (ਇਨ੍ਹਾਂ ਇਲਾਕਿਆਂ ਦੇ ਵਾਸੀ) ਤੇਰੇ ਨਾਮ ਦੇ ਗੁਣ ਗਾਉਂਦੇ ਹਨ; ਜੋਗੀ (ਤੈਨੂੰ ਖੁਸ਼ ਕਰਨ ਲਈ) ਜੋਗ-ਸਾਧਨਾ ਕਰਦੇ ਹਨ, ਪ੍ਰਾਣਾਯਾਮ (ਪੌਣ ਦੀ ਸਾਧਨਾ) ਵਿਚ ਕਿਤਨੇ ਕੁ ਲਗੇ ਹੋਏ ਹਨ ਅਤੇ ਅਰਬ ਦੇਸ਼ ਦੇ ਅਰਬੀ ਲੋਕ ਤੇਰੇ ਨਾਮ ਦੀ ਆਰਾਧਨਾ ਕਰਦੇ ਹਨ। ਫਰਾਂਸ ਦੇਸ਼ ਦੇ ਫਰਾਂਸੀਸੀ (ਤੈਨੂੰ) ਮੰਨਦੇ ਹਨ, ਕੰਧਾਰੀ ਅਤੇ ਕੁਰੇਸ਼ੀ ਵੀ (ਤੈਨੂੰ) ਜਾਣਦੇ ਹਨ ਅਤੇ ਪੱਛਮ ਦਿਸ਼ਾ ਦੇ ਪੱਛਮੀ (ਲੋਕ ਵੀ ਤੇਰੇ ਨਾਮ ਦੀ ਆਰਾਧਨਾ ਨੂੰ ਹੀ) ਆਪਣਾ ਕਰਤੱਵ ਸਮਝਦੇ ਹਨ। ਮਹਾਰਾਸ਼ਟਰ ਦੇ ਨਿਵਾਸੀ, ਮਗਧ ਦੇਸ਼ ਦੇ ਵਾਸੀ ਮਨ ਤੋਂ ਤੇਰੀ ਤਪਸਿਆ ਕਰਦੇ ਹਨ; ਦ੍ਰਾਵਿੜ ਅਤੇ ਤਿਲੰਗ ਦੇਸ਼ ਦੇ ਵਾਸੀ (ਵੀ ਤੈਨੂੰ) ਧਰਮ-ਧਾਮ ਵਜੋਂ ਪਛਾਣਦੇ ਹਨ।੨੫੪।

ਬੰਗਾਲ ਪ੍ਰਦੇਸ਼ ਦੇ ਬੰਗਾਲੀ, ਫਿਰੰਗ ਦੇਸ਼ ਦੇ ਫਰੰਗੀ ਅਤੇ ਦਿੱਲੀ ਦੇ ਦਿਲਵਾਲੀ (ਆਦਿ ਸਾਰੇ) ਤੇਰੀ ਆਗਿਆ ਵਿਚ ਚਲਦੇ ਹਨ। ਰੁਹੇਲ ਖੰਡ ਦੇ ਰੁਹੇਲੇ, ਮਗਧ ਪ੍ਰਦੇਸ਼ ਦੇ ਮਘੇਲੇ, ਬੰਗਾਲੀ ਤੇ ਬੁੰਦੇਲ ਖੰਡ ਦੇ ਯੁੱਧ ਵੀਰ (ਤੇਰਾ ਨਾਮ ਜਪਦੇ ਹੋਏ) ਪਾਪਾਂ ਦੇ ਸਮੁੱਚ ਨੂੰ ਨਸ਼ਟ ਕਰ ਦਿੰਦੇ ਹਨ। ਗੋਰਖੇ (ਤੇਰਾ) ਗੁਣ ਗਾਉਂਦੇ ਹਨ; ਚੀਨ ਅਤੇ ਮਚੀਨ ਦੇ ਨਿਵਾਸੀ (ਤੈਨੂੰ) ਸਿਰ ਝੁਕਾਉਂਦੇ ਹਨ ਅਤੇ ਤਿਬਤੀ ਲੋਕ ਵੀ (ਤੇਰੀ) ਆਰਾਧਨਾ ਕਰ ਕੇ ਆਪਣੇ ਸ਼ਰੀਰ ਦੇ ਦੋਖਾਂ ਨੂੰ ਨਸ਼ਟ ਕਰਦੇ ਹਨ। ਜਿਨ੍ਹਾਂ ਨੇ (ਹੇ ਪ੍ਰਭੂ!) ਤੈਨੂੰ ਜਪਿਆ ਹੈ, ਉਨ੍ਹਾਂ ਨੇ (ਤੇਰਾ) ਪੂਰਾ ਪ੍ਰਤਾਪ ਪਾ ਲਿਆ ਹੈ ਅਤੇ ਉਨ੍ਹਾਂ ਦਾ ਘਰ ਬਾਹਰ ਫੁਲਾਂ ਫਲਾਂ ਅਤੇ ਧਨ ਨਾਲ ਭਰਪੂਰ ਹੋ ਗਿਆ ਹੈ।੨੫੫।

(ਤੂੰ) ਦੇਵਿਤਿਆਂ (ਨੂੰ ਸਿਖਿਆ ਦੇਣ ਲਈ) ਬ੍ਰਹਸਪਤੀ, ਦੈਂਤਾਂ (ਨੂੰ ਮਾਰਨ ਲਈ) ਇੰਦਰ, ਗੰਗਾ ਨੂੰ ਧਾਰਨ ਕਰਨ ਲਈ ਸ਼ਿਵ ਬਣ ਜਾਂਦਾ ਹੈਂ, (ਤੈਨੂੰ) ਉਂਜ ਭੇਸ-ਰਹਿਤ ਹੀ ਕਿਹਾ ਜਾਂਦਾ ਹੈ। (ਤੂੰ) ਰੰਗ ਵਿਚ ਰੰਗਤ ਹੈਂ, ਰਾਗ ਰੂਪ ਵਿਚ ਬਹੁਤ ਪ੍ਰਬੀਨ ਹੈਂ ਅਤੇ ਕਿਸੇ ਦੇ ਅਧੀਨ ਨਹੀਂ ਹੈਂ, ਪਰ ਸੰਤਾਂ ਦੇ ਵਸ ਵਿਚ ਦਸਿਆ ਜਾਂਦਾ ਹੈ। (ਤੇਰਾ) ਪਾਰ ਨਹੀਂ ਪਾਇਆ ਜਾ ਸਕਦਾ, (ਤੂੰ) ਅਪਾਰ ਤੇਜ ਦਾ ਸਮੁੱਚ ਹੈਂ, ਸਾਰੀ ਵਿਦਿਆ ਦਾ ਉਦਾਰ (ਸੁਆਮੀ) ਹੈਂ, ਅਤੇ (ਤੈਨੂੰ) ਅਪਾਰ ਕਿਹਾ ਜਾਂਦਾ ਹੈ। (ਤੇਰੇ ਕੋਲ) ਹਾਥੀ ਦੀ ਚਿੰਘਾੜ ਪਲ ਭਰ ਬਾਦ ਪਹੁੰਚਦੀ ਹੈ, ਪਰ ਕੀੜੀ ਦੀ ਪੁਕਾਰ ਪਹਿਲਾਂ ਸੁਣੀ ਜਾਂਦੀ ਹੈ।੨੫੬।

(ਤੇਰੇ) ਦੁਆਰ ਉਤੇ ਕਿਤਨੇ ਇੰਦਰ, ਕਿਤਨੇ ਹੀ ਚਾਰ ਮੁਖਾਂ ਵਾਲੇ ਬ੍ਰਹਮੇ, ਕਿਤਨੇ ਹੀ ਕ੍ਰਿਸ਼ਨ ਅਵਤਾਰ ਅਤੇ ਕਿਤਨੇ ਹੀ ਰਾਮ ਅਵਤਾਰ (ਖੜੋਤੇ) ਦਸੇ ਜਾਂਦੇ ਹਨ। ਕਿਤਨੇ ਹੀ ਚੰਦ੍ਰਮੇ (ਅਤੇ ਉਨ੍ਹਾਂ ਦੀਆਂ) ਰਾਸ਼ੀਆਂ, ਕਿਤਨੇ ਹੀ ਪ੍ਰਕਾਸ਼ ਕਰਨ ਵਾਲੇ ਸੂਰਜ, ਕਿਤਨੇ ਹੀ ਉਦਾਸੀ, ਸੰਨਿਆਸੀ, ਜੋਗੀ (ਤੇਰੇ) ਦੁਆਰ (ਉਤੇ ਬੈਠੇ) ਧੂਣੀ ਬਾਲ ਰਹੇ ਹਨ। ਕਿਤਨੇ ਹੀ ਮੁਹੰਮਦ (ਮਹਾਦੀਨ) ਹਨ, ਕਿਤਨੇ ਹੀ ਵਿਆਸ ਵਰਗੇ ਨਿਪੁਣ ਹਨ, ਕਿਤਨੇ ਹੀ ਕੁਬੇਰੇ, ਕਿਤਨੇ ਹੀ ਕੁਲੀਨ ਅਤੇ ਕਿਤਨੇ ਹੀ ਯਕਸ਼ ਅਖਵਾਉਂਦੇ ਹਨ। (ਇਹ ਸਭ ਤੇਰਾ) ਵਿਚਾਰ ਕਰਦੇ ਹਨ, ਪਰ ਪੂਰਨ (ਬ੍ਰਹਮ) ਦਾ ਪਾਰ ਨਹੀਂ ਪਾ ਸਕਦੇ, ਇਸੇ ਕਰ ਕੇ (ਤੈਨੂੰ) ਅਪਾਰ ਅਤੇ ਨਿਰਾਧਾਰ ਸਮਝਿਆ ਜਾਂਦਾ ਹੈ।੨੫੭।

ਪੂਰਨ ਅਵਤਾਰ ਨਿਰਾਧਾਰ ਹੈ ਨ ਪਾਰਾਵਾਰ
ਪਾਈਐ ਨ ਪਾਰ ਪੈ ਅਪਾਰ ਕੈ ਬਖਾਨੀਐ।
ਅਦ੍ਵੈ ਅਬਿਨਾਸੀ ਪਰਮ ਪੂਰਨ ਪ੍ਰਕਾਸੀ
ਮਹਾ ਰੂਪ ਹੂੰ ਕੇ ਰਾਸੀ ਹੈ ਅਨਾਸੀ ਕੈ ਕੈ ਮਾਨੀਐ।
ਜੰਤ੍ਰ ਹੂੰ ਨ ਜਾਤਿ ਜਾ ਕੀ ਬਾਪ ਹੂੰ ਨ ਮਾਇ ਤਾ ਕੀ
ਪੂਰਨ ਪ੍ਰਭਾ ਕੀ ਸੁ ਛਟਾ ਕੈ ਅਨੁਮਾਨੀਐ।
ਤੇਜ ਹੂੰ ਕੋ ਤੰਤ੍ਰ ਹੈ ਕਿ ਰਾਜਸੀ ਕੋ ਜੰਤ੍ਰ ਹੈ
ਮੋਹਨੀ ਕੋ ਮੰਤ੍ਰ ਹੈ ਨਿਜੰਤ੍ਰ ਕੈ ਕੈ ਜਾਨੀਐ।੬।੨੫੮।

ਤੇਜ ਹੂੰ ਕੋ ਤਰੁ ਹੈ ਕਿ ਰਾਜਸੀ ਕੋ ਸਰੁ ਹੈ
ਸੁਧਤਾ ਕੋ ਘਰੁ ਹੈ ਕਿ ਸਿਧਤਾ ਕੀ ਸਾਰੁ ਹੈ।
ਕਾਮਨਾ ਕੀ ਖਾਨ ਹੈ ਕਿ ਸਾਧਨਾ ਦੀ ਸਾਨ ਹੈ
ਬਿਰਕਤਤਾ ਕੀ ਬਾਨ ਹੈ ਕਿ ਬੁਧਿ ਕੋ ਉਦਾਰ ਹੈ।
ਸੁੰਦਰ ਸਰੂਪ ਹੈ ਕਿ ਭੂਪਨ ਕੋ ਭੂਪ ਹੈ
ਕਿ ਰੂਪ ਹੂੰ ਕੋ ਰੂਪ ਹੈ ਕੁਮਤਿ ਕੋ ਪ੍ਰਹਾਰੁ ਹੈ।
ਦੀਨਨ ਕੋ ਦਾਤਾ ਹੈ ਗਨੀਮਨ ਕੋ ਗਾਰਕ ਹੈ
ਸਾਧਨ ਕੋ ਰਛਕ ਹੈ ਗੁਨਨ ਕੋ ਪਹਾਰੁ ਹੈ।੭।੨੫੯।

ਸਿਧਿ ਕੋ ਸਰੂਪ ਹੈ ਕਿ ਬੁਧਿ ਕੋ ਬਿਭੂਤਿ ਹੈ
ਕਿ ਕ੍ਰੁਧ ਕੋ ਅਭੂਤ ਹੈ ਕਿ ਅਛੈ ਅਬਿਨਾਸੀ ਹੈ।
ਕਾਮ ਕੋ ਕੁਨਿੰਦਾ ਹੈ ਕਿ ਖੂਬੀ ਕੋ ਦਿਹੰਦਾ ਹੈ
ਗਨੀਮਨ ਗਿਰਿੰਦਾ ਹੈ ਕਿ ਤੇਜ ਕੋ ਪ੍ਰਕਾਸੀ ਹੈ।
ਕਾਲ ਹੂੰ ਕੇ ਕਾਲ ਹੈ ਕਿ ਸਤ੍ਰਨ ਕੇ ਸਾਲ ਹੈ
ਕਿ ਮਿਤ੍ਰਨ ਕੋ ਪੋਖਤ ਹੈ ਕਿ ਬ੍ਰਿਧਤਾ ਕੋ ਬਾਸੀ ਹੈ।
ਜੋਗ ਹੂੰ ਕੋ ਜੰਤ੍ਰ ਹੈ ਕਿ ਤੇਜ ਹੂੰ ਕੋ ਤੰਤ੍ਰ ਹੈ
ਕਿ ਮੋਹਨੀ ਕੋ ਮੰਤ੍ਰ ਹੈ ਕਿ ਪੂਰਨ ਪ੍ਰਕਾਸੀ ਹੈ। ੮। ੨੬੦।

ਰੂਪ ਕੋ ਨਿਵਾਸ ਹੈ ਕਿ ਬੁਧਿ ਕੋ ਪ੍ਰਕਾਸ ਹੈ
ਕਿ ਸਿਧਤਾ ਕੋ ਬਾਸ ਹੈ ਕਿ ਬੁਧਿ ਹੂੰ ਕੇ ਘਰੁ ਹੈ।
ਦੇਵਨ ਕੋ ਦੇਵ ਹੈ ਨਿਰੰਜਨ ਅਭੇਵ ਹੈ
ਅਦੇਵਨ ਕੋ ਦੇਵ ਹੈ ਕਿ ਸੁਧਤਾ ਕੋ ਸਰੁ ਹੈ।
ਜਾਨ ਕੋ ਬਚਯਾ ਹੈ ਇਮਾਨ ਕੋ ਦਿਵਯਾ ਹੈ
ਜਮਜਾਲ ਕੋ ਕਟਯਾ ਹੈ ਕਿ ਕਾਮਨਾ ਕੋ ਕਰੁ ਹੈ।
ਤੇਜ ਕੋ ਪ੍ਰਚੰਡ ਹੈ ਅਖੰਡਣ ਕੋ ਖੰਡ ਹੈ
ਮਹੀਪਨ ਕੋ ਮੰਡ ਹੈ ਕਿ ਇਸਤ੍ਰੀ ਹੈ ਨ ਨਰੁ ਹੈ। ੯। ੨੬੧।

ਬਿਸ੍ਵ ਕੋ ਭਰਨ ਹੈ ਕਿ ਅਪਦਾ ਕੋ ਹਰਨ ਹੈ
ਕਿ ਸੁਖ ਕੋ ਕਰਨ ਹੈ ਕਿ ਤੇਜ ਕੋ ਪ੍ਰਕਾਸ ਹੈ।
ਪਾਈਐ ਨ ਪਾਰ ਪਾਰਾਵਾਰ ਹੂੰ ਕੋ ਪਾਰ ਜਾ ਕੋ
ਕੀਜਤ ਬਿਚਾਰ ਸੁ ਬਿਚਾਰ ਕੋ ਨਿਵਾਸ ਹੈ।

(ਹੇ ਪਰਮਾਤਮਾ! ਤੂੰ) ਪੂਰਨ ਅਵਤਾਰ ਹੋ ਕੇ ਵੀ ਨਿਰਾਧਾਰ ਹੈਂ (ਕਿਉਂਕਿ ਤੇਰਾ) ਆਰ-ਪਾਰ ਨਹੀਂ ਪਾਇਆ ਜਾ ਸਕਦਾ, ਨ ਹੀ ਤੇਰਾ ਕੋਈ (ਪਰਲੇ ਪਾਸੇ ਦਾ) ਕੰਢਾ ਹੈ, (ਇਸ ਲਈ ਤੈਨੂੰ) ਅਪਾਰ ਕਿਹਾ ਜਾਂਦਾ ਹੈ। (ਤੂੰ) ਅਦ੍ਵੈਤ, ਅਵਿਨਾਸ਼ੀ, ਸ੍ਰੇਸ਼ਠ ਅਤੇ ਪੂਰਨ ਪ੍ਰਕਾਸ਼ ਵਾਲਾ ਹੈਂ, (ਤੂੰ) ਮਹਾਨ ਰੂਪ ਦਾ ਭੰਡਾਰ ਹੈਂ, (ਇਸ ਲਈ ਤੈਨੂੰ) ਨਾਸ-ਰਹਿਤ ਸਮਝਣਾ ਚਾਹੀਦਾ ਹੈ। ਜਿਸ ਦਾ ਕੋਈ ਢਾਂਚਾ (ਯੰਤ੍ਰ) ਨਹੀਂ ਹੈ, ਨ ਜਾਤਿ ਹੈ, ਨ ਹੀ ਉਸ ਦਾ ਪਿਤਾ ਅਤੇ ਮਾਤਾ ਹੈ। (ਉਸ ਨੂੰ) ਪੂਰਨ ਜੋਤਿ ਹੀ ਝਲਕ ਅਨੁਮਾਨਣਾ ਚਾਹੀਦਾ ਹੈ। (ਉਹ) ਤੇਜ ਦਾ ਤੰਤ੍ਰ ਹੈ, ਰਾਜਨੀਤੀ ਦਾ ਯੰਤ੍ਰ ਹੈ, ਜਾਂ ਮੋਹਿਤ ਕਰਨ ਵਾਲੀ ਸ਼ਕਤੀ ਦਾ ਮੰਤ੍ਰ ਹੈ, ਜਾਂ ਸਭ ਦੇ ਪ੍ਰੇਰਕ ਵਜੋਂ ਸਮਝਿਆ ਜਾਂਦਾ ਹੈ।੨੫੮।

(ਹੇ ਪ੍ਰਭੂ! ਤੂੰ) ਤੇਜ ਦਾ ਮਹਾਨ ਬ੍ਰਿਛ ਹੈਂ, ਜਾਂ ਰਾਜਨੀਤੀ ਦਾ ਗਤਿਸ਼ੀਲ ਸਰੋਵਰ ਹੈਂ, ਜਾਂ ਸ਼ੁੱਧਤਾ ਦਾ ਘਰ ਹੈਂ ਜਾਂ ਸਿੱਧੀਆਂ ਦਾ ਸਾਰ-ਤੱਤ੍ਵ ਹੈਂ। (ਤੂੰ) ਕਾਮਨਾ ਦੀ ਖਾਣ ਹੈਂ, ਜਾਂ ਸਾਧਨਾ ਦੀ ਸ਼ੋਭਾ ਹੈਂ, ਜਾਂ ਵੈਰਾਗ ਦਾ ਸੁਭਾ ਹੈਂ, ਜਾਂ ਉਦਾਰ ਬੁੱਧੀ ਵਾਲਾ ਹੈਂ। (ਤੂੰ) ਸੁੰਦਰ ਸਰੂਪ ਵਾਲਾ ਹੈਂ, ਜਾਂ ਰਾਜਿਆਂ ਦਾ ਰਾਜਾ ਹੈਂ, ਜਾਂ ਰੂਪ ਦਾ ਵੀ ਰੂਪ ਹੈਂ, ਜਾਂ ਕੁਬੁੱਧੀ ਨੂੰ ਨਸ਼ਟ ਕਰਨ ਵਾਲਾ ਹੈਂ। (ਤੂੰ) ਦੀਨਾਂ ਨੂੰ ਦੇਣ ਵਾਲਾ ਹੈਂ, ਜਾਂ ਵੈਰੀਆਂ ਨੂੰ ਨਸ਼ਟ ਕਰਨ ਵਾਲਾ ਹੈਂ ਜਾਂ ਸਾਧੂਆਂ ਦਾ ਰਖਿਅਕ ਹੈਂ, ਜਾਂ ਗੁਣਾਂ ਦਾ ਪਹਾੜ ਹੈਂ।੨੫੯।

(ਤੂੰ) ਮੁਕਤੀ (ਸਿੱਧੀ) ਦਾ ਸਰੂਪ ਹੈਂ, ਜਾਂ ਬੁੱਧੀ ਦੀ ਸੰਪਦਾ ਹੈਂ, ਜਾਂ ਕ੍ਰੋਧ ਨੂੰ ਖ਼ਤਮ ਕਰਨ ਵਾਲਾ ਹੈਂ, ਜਾਂ ਅਮਰ ਅਤੇ ਅਵਿਨਾਸ਼ੀ ਹੈਂ। (ਤੂੰ) ਕਾਰਜ ਕਰਨ ਵਾਲਾ ਹੈਂ, ਜਾਂ ਵਿਸ਼ਿਸ਼ਟਤਾ ਦੇਣ ਵਾਲਾ ਹੈਂ, ਜਾਂ ਵੈਰੀਆਂ ਨੂੰ ਗਰਕ ਕਰਨ ਵਾਲਾ ਹੈਂ, ਜਾਂ ਤੇਜ ਨੂੰ ਪ੍ਰਕਾਸ਼ਿਤ ਕਰਨ ਵਾਲਾ ਹੈਂ। (ਤੂੰ) ਕਾਲ ਦਾ ਵੀ ਕਾਲ ਹੈਂ, ਜਾਂ ਵੈਰੀਆਂ ਨੂੰ ਦੁਖ ਦੇਣ ਵਾਲਾ ਹੈਂ, ਜਾਂ ਮਿਤਰਾਂ ਨੂੰ ਪੁਸ਼ਟ ਕਰਨ ਵਾਲਾ ਹੈਂ, ਜਾਂ ਵਾਧੇ (ਵਿਕਾਸ) ਦੀ ਖਾਣ ('ਬਾਸੀ') ਹੈਂ। (ਤੂੰ) ਜੋਗ ਦਾ ਯੰਤ੍ਰ ਹੈਂ, ਜਾਂ ਤੇਜ ਦਾ ਤੰਤ੍ਰ ਹੈਂ, ਜਾਂ ਮੋਹਿਤ ਕਰ ਲੈਣ ਵਾਲਾ ਮੰਤ੍ਰ ਹੈਂ, ਜਾਂ ਪੂਰਨ ਪ੍ਰਕਾਸ਼ ਹੈਂ।੨੬੦।

(ਤੂੰ) ਰੂਪ ਦਾ ਘਰ ਹੈਂ, ਜਾਂ ਬੁੱਧੀ ਦਾ ਪ੍ਰਕਾਸ਼ ਹੈਂ, ਜਾਂ ਮੁਕਤੀ ('ਸਿਧਤਾ') ਦਾ ਨਿਵਾਸ ਹੈਂ, ਜਾਂ ਬੁੱਧੀ ਦਾ ਠਿਕਾਣਾ ਹੈਂ। (ਤੂੰ) ਦੇਵਤਿਆਂ ਦਾ ਦੇਵਤਾ ਹੈਂ, ਜਾਂ ਮਾਇਆ-ਰਹਿਤ ਅਤੇ ਭੇਦ-ਰਹਿਤ ਹੈਂ, ਜਾਂ ਦੈਂਤਾਂ (ਅਦੇਵਾਂ) ਦਾ ਵੀ ਦੇਵਤਾ ਹੈਂ, ਜਾਂ ਸ਼ੁੱਧਤਾ ਦਾ ਸਰੋਵਰ ਹੈਂ। (ਤੂੰ ਭਗਤਾਂ ਦੀ) ਜਾਨ ਨੂੰ ਬਚਾਉਣ ਵਾਲਾ ਹੈਂ, ਜਾਂ ਈਮਾਨ ਨੂੰ ਦੇਣ ਵਾਲਾ ਹੈਂ, ਜਾਂ ਯਮ-ਕਾਲ ਨੂੰ ਕੱਟਣ ਵਾਲਾ ਹੈਂ, ਜਾਂ ਕਾਮਨਾਵਾਂ ਨੂੰ ਪੂਰਾ ਕਰਨ ਵਾਲਾ ਹੈਂ। (ਤੂੰ) ਤੇਜ ਨੂੰ ਪ੍ਰਚੰਡ ਕਰਨ ਵਾਲਾ ਹੈਂ, ਜਾਂ ਨ ਖੰਡੇ ਜਾ ਸਕਣ ਵਾਲਿਆਂ ਨੂੰ ਖੰਡਿਤ ਕਰਨ ਵਾਲਾ ਹੈਂ, ਜਾਂ ਰਾਜਿਆਂ ਨੂੰ ਸਥਾਪਿਤ ਕਰਨ ਵਾਲਾ ਹੈਂ, ਜਾਂ ਨ ਇਸਤਰੀ ਹੈਂ ਨ ਪੁਰਸ਼।੨੬੧।

(ਤੂੰ) ਵਿਸ਼ਵ ਦਾ ਭਰਨ-ਪੋਸ਼ਣ ਕਰਨ ਵਾਲਾ ਹੈਂ, ਜਾਂ ਬਿਪਤਾ ਨੂੰ ਹਰਨ ਵਾਲਾ ਹੈਂ, ਜਾਂ ਸੁਖ ਦਾ ਕਾਰਨ ਰੂਪ ਹੈਂ ਜਾਂ ਤੇਜ ਦਾ ਪ੍ਰਕਾਸ਼ ਹੈਂ। ਜਿਸ ਦਾ ਪਾਰ ਉਰਾਰ ਜਾਂ ਪਰਲਾ ਕੰਢਾ ਜਾਣਿਆ ਨਹੀਂ ਜਾ ਸਕਦਾ, ਜੇ ਵਿਚਾਰ ਕਰੀਏ ਤਾਂ (ਤੂੰ) ਵਿਚਾਰਾਂ ਦਾ ਵੀ ਘਰ ਹੈਂ। ਹਿੰਗਲਾਜ ਅਤੇ ਹਿਮਾਲੇ (ਦੇ ਨਿਵਾਸੀ ਤੈਨੂੰ) ਗਾਉਂਦੇ ਹਨ, ਹਬਸ਼ੀ ਅਤੇ

ਹਿੰਗੁਲਾ ਹਿਮਾਲੈ ਗਾਵੈ ਅਬਸੀ ਹਲਬੀ ਧਿਆਵੈ
ਪੂਰਬੀ ਨ ਪਾਰ ਪਾਵੈ ਆਸਾ ਤੇ ਅਨਾਸ ਹੈ।
ਦੇਵਨ ਕੋ ਦੇਵ ਮਹਾਦੇਵ ਹੂੰ ਕੇ ਦੇਵ ਹੈ
ਨਿਰੰਜਨ ਅਭੇਵ ਨਾਥ ਅਦ੍ਵੈ ਅਬਿਨਾਸਿ ਹੈ। ੧੦। ੨੬੨।

ਅੰਜਨ ਬਿਹੀਨ ਹੈ ਨਿਰੰਜਨ ਪ੍ਰਬੀਨ ਹੈ
ਕਿ ਸੇਵਕ ਅਧੀਨ ਹੈ ਕਟਯਾ ਜਮ ਜਾਲ ਕੇ।
ਦੇਵਨ ਕੇ ਦੇਵ ਮਹਾਦੇਵ ਹੂੰ ਕੇ ਦੇਵ ਨਾਥ
ਭੂਮਿ ਕੇ ਭੁਜਯਾ ਹੈ ਮੁਹੀਯਾ ਮਹਾ ਬਾਲ ਕੇ।
ਰਾਜਨ ਕੇ ਰਾਜਾ ਮਹਾ ਸਾਜ ਹੂੰ ਕੇ ਸਾਜਾ
ਮਹਾ ਜੋਗ ਹੂੰ ਕੇ ਜੋਗ ਹੈ ਧਰਯਾ ਦ੍ਰੁਮ ਛਾਲ ਕੇ।
ਕਾਮਨਾ ਕੇ ਕਰ ਹੈ ਕੁਬੁਧਿਤਾ[1] ਕੋ ਹਰ ਹੈ
ਕਿ ਸਿਧਤਾ ਕੇ ਸਾਥੀ ਹੈ ਕਿ ਕਾਲ ਹੈ ਕੁਚਾਲ ਕੇ। ੧੧। ੨੬੩।

ਛੀਰ ਕੈਸੀ ਛੀਰਾਵਧਿ ਛਾਛ ਕੈਸੀ ਛਤ੍ਰਾਨੇਰ
ਛਪਾਕਰ ਕੈਸੀ ਛਬਿ ਕਾਲਇੰਦ੍ਰ ਕੇ ਕੂਲ ਕੈ।
ਹੰਸਨੀ [2]ਸੀ ਸੀਹਾ ਰੂਮ ਹੀਰਾ ਸੀ[2] ਹੁਸੈਨਾਬਾਦ
ਗੰਗਾ ਕੈਸੀ ਧਾਰ ਚਲੀ ਸਾਤ ਸਿੰਧ[3] ਰੂਲ ਕੈ।
ਪਾਰਾ ਸੀ ਪਲਾਊਗਢ ਰੂਪਾ[4] ਕੈਸੀ ਰਾਮਪੁਰ
ਸੋਰਾ ਸੀ ਸੁਰੰਗਾਬਾਦ ਨੀਕੇ ਰਹੀ ਝੂਲ ਕੈ।
ਚੰਪਾ ਸੀ ਚੰਦੇਰੀ[5] ਕੋਟ ਚਾਂਦਨੀ ਸੀ ਚਾਂਦਾਗੜਿ
ਕੀਰਤਿ ਤਿਹਾਰੀ ਰਹੀ[6] ਮਾਲਤੀ ਸੀ ਫੂਲ ਕੈ। ੧੨। ੨੬੪।

ਫਟਕ ਸੀ ਕੈਲਾਸ ਕਮਾਊਗੜ ਕਾਸੀਪੁਰ
ਸੀਸਾ ਸੀ ਸੁਰੰਗਾਬਾਦਿ ਨੀਕੈ ਸੋਹੀਅਤੁ ਹੈ।
ਹਿਮਾ ਸੀ ਹਿਮਾਲੈ ਹਰ ਹਾਰ ਸੀ ਹਲਬਾਨੇਰ
ਹੰਸ ਕੈਸੀ ਹਾਜੀਪੁਰ ਦੇਖੇ ਮੋਹੀਅਤੁ ਹੈ।
ਚੰਦਨ ਸੀ ਚੰਪਾਵਤੀ ਚੰਦ੍ਰਮਾ ਸੀ ਚੰਦ੍ਰਾਗਿਰ
ਚਾਂਦਨੀ ਸੀ ਚਾਂਦਗੜ ਜਉਨ ਜੋਹੀਅਤੁ ਹੈ।
ਗੰਗਾ ਸਮ ਗੰਗ ਧਾਰਿ ਬਕਾਨਿ ਸੀ ਬਿਲੰਦਾਬਾਦਿ
ਕੀਰਤਿ ਤਿਹਾਰੀ[7] ਕੀ ਉਜੀਆਰੀ ਸੋਹੀਅਤੁ ਹੈ। ੧੩। ੨੬੫।

ਫਰਾਸੀ ਫਿਰੰਗੀ ਫਰਾਸੀਸ ਕੇ ਦੁਰੰਗੀ
ਮਕਰਾਨ ਕੇ ਮ੍ਰਿਦੰਗੀ ਤੇਰੇ ਗੀਤ ਗਾਈਅਤੁ ਹੈ।
ਭਖਰੀ ਕੰਧਾਰੀ ਗੋਰਿ ਗਖਰੀ ਗਰਦੇਜਾਚਾਰੀ
ਪਉਨ ਕੇ ਅਹਾਰੀ ਤੇਰੇ ਨਾਮੁ ਧਿਆਈਅਤੁ ਹੈ।
ਪੂਰਬ ਪਲਾਊ ਕਾਮਰੂਪ ਅਉ ਕਮਾਊ
ਸਰਬ ਠਉਰ ਮੈ ਬਿਰਾਜੈ ਜਹਾ ਜਹਾ ਜਾਈਅਤੁ ਹੈ।
ਪੂਰਨ ਪ੍ਰਤਾਪੀ ਜੰਤ੍ਰ ਮੰਤ੍ਰ ਤੇ ਅਤਾਪੀ ਨਾਥ
ਕੀਰਤਿ ਤਿਹਾਰੀ ਕੋ ਨ ਪਾਰ ਪਾਈਅਤੁ ਹੈ। ੧੪। ੨੬੬।

੧.'ਕਿਬੁਧਿਤਾ' ੨.'ਸੀਸੀ ਹਾਰੂ ਹਮੀਰਾਸੀ' ੩.'ਸੰਧ' ੪.'ਰੇਪਾ' ੫.'ਚੰਦੋਰੀ' ੬.'ਵਹੀ' ੭.'ਹਿਤਾਰੀ

ਹਲਬੀ (ਹਲਬ-ਈਰਾਨ ਨਗਰ ਦੇ ਵਾਸੀ) ਧਿਆਉਂਦੇ ਹਨ, ਪੂਰਬ ਦੇ ਨਿਵਾਸੀਆਂ ਨੇ ਵੀ (ਤੇਰਾ) ਅੰਤ ਨਹੀਂ ਪਾਇਆ, (ਤੂੰ ਹਰ ਪ੍ਰਕਾਰ ਦੀਆਂ) ਆਸ਼ਾਵਾਂ ਤੋਂ ਰਹਿਤ ਹੈਂ। (ਤੂੰ) ਦੇਵਤਿਆਂ ਦਾ ਵੀ ਦੇਵਤਾ, ਮਹਾਦੇਵ ਦਾ ਵੀ ਦੇਵ ਹੈਂ, (ਤੂੰ) ਮਾਇਆ-ਰਹਿਤ, ਭੇਦ-ਰਹਿਤ, ਦ੍ਵੈਤ-ਰਹਿਤ, ਵਿਨਾਸ਼-ਰਹਿਤ ਸੁਆਮੀ ਹੈਂ।੨੬੨।

(ਤੂੰ) ਕਾਲਿਮਾ ਤੋਂ ਰਹਿਤ ਹੈਂ ਅਤੇ ਮਾਇਆ ਤੋਂ ਰਹਿਤ ਨਿਪੁਣ ਹੈਂ, (ਤੂੰ) ਸੇਵਕਾਂ ਦੇ ਅਧੀਨ ਹੈਂ ਅਤੇ (ਉਨ੍ਹਾਂ ਦੇ) ਜਮ-ਜਾਲ ਨੂੰ ਕਟਣ ਵਾਲਾ ਹੈਂ। (ਤੂੰ) ਦੇਵਤਿਆਂ ਦਾ ਦੇਵਤਾ ਅਤੇ ਮਹਾਦੇਵ ਦਾ ਦੇਵਤਾ ਹੈ, (ਤੂੰ) ਧਰਤੀ ਨੂੰ ਭੋਗਣ ਵਾਲਾ ਅਤੇ ਮਹਾਨ ਬਾਲਿਕਾਵਾਂ ਨੂੰ ਵੀ ਮੋਹ ਲੈਣ ਵਾਲਾ ਹੈਂ। (ਤੂੰ) ਰਾਜਿਆਂ ਦਾ ਵੀ ਰਾਜਾ, ਮਹਾਨ ਸਾਜ-ਸਜਾਵਟਾਂ ਦਾ ਸਾਜ ਹੈਂ। ਮਹਾਨ ਜੋਗੀਆਂ ਦਾ ਵੀ ਜੋਗੀ ਹੈਂ ਅਤੇ ਬ੍ਰਿਛਾਂ ਦੀ ਛਿਲ (ਦੇ ਬਸਤ੍ਰ) ਧਾਰਨ ਕਰਨ ਵਾਲਾ ਹੈਂ। (ਤੂੰ) ਕਾਮਨਾਵਾਂ ਪੂਰੀਆਂ ਕਰਨ ਵਾਲਾ ਹੈਂ, ਜਾਂ ਕੁਬੁੱਧਤਾ ਨੂੰ ਹਰਨ ਵਾਲਾ ਹੈਂ, ਜਾਂ ਸਿੱਧੀਆਂ ਦਾ ਸਾਥੀ (ਮਾਲਕ) ਹੈਂ, ਜਾਂ ਸਾਰੀਆਂ ਕੁਚਾਲਾਂ ਨੂੰ ਖ਼ਤਮ ਕਰਨ ਵਾਲਾ ਹੈਂ।੨੬੩।

(ਤੇਰੀ ਕੀਰਤੀ) ਛੀਰ-ਸਮੁੰਦਰ ਵਿਚ ਦੁੱਧ ਵਰਗੀ, ਛਤ੍ਰਪੁਰ ਵਿਚ ਲੱਸੀ ਵਰਗੀ, ਜਮਨਾ ਦੇ ਕੰਢੇ ਉਤੇ ਚੰਦ੍ਰਮਾ ਦੀ ਸੁੰਦਰਤਾ ਵਰਗੀ, ਸੀਹਾ-ਰੂਮ (ਨਗਰੀ) ਵਿਚ ਹੰਸਨੀ ਜਿਹੀ, ਹੁਸੈਨਾਬਾਦ ਵਿਚ ਹੀਰੇ ਜਿਹੀ ਅਤੇ ਸੱਤਾਂ ਸਮੁੰਦਰਾਂ ਦੇ ਸਮੁੱਚ ਨੂੰ (ਲਜਾਉਣ ਵਾਲੀ) ਗੰਗਾ ਦੀ ਧਾਰਾ ਜਿਹੀ, ਪਲਾਊਗੜ ਵਿਚ ਪਾਰੇ ਵਰਗੀ, ਰਾਮਪੁਰ ਵਿਚ ਚਾਂਦੀ ਜਿਹੀ, ਸਾਰੰਗਪੁਰ ਵਿਚ ਸ਼ੋਰੇ ਜਿਹੀ (ਸਫ਼ੈਦ ਤੇਰੀ ਕੀਰਤੀ) ਚੰਗੀ ਤਰ੍ਹਾਂ ਵਿਆਪਤ ਹੋ ਰਹੀ ਹੈ। ਚੰਦੇਰੀ ਦੇ ਕਿਲੇ ਵਿਚ ਚੰਬੇ ਦੇ ਸਮਾਨ, ਚਾਂਦਾਗੜ੍ਹ ਵਿਚ ਚਾਂਦਨੀ ਵਰਗੀ, ਤੇਰੀ ਕੀਰਤੀ ਮਾਲਤੀ ਦੇ ਫੁਲ ਵਾਂਗ (ਹਰ ਥਾਂ ਪਸਰ ਰਹੀ ਹੈ)।੨੬੪।

ਕੈਲਾਸ਼, ਕਮਾਊਗੜ ਅਤੇ ਕਾਸ਼ੀਪੁਰ ਵਿਚ ਸਫਟਿਕ ਵਾਂਗ, ਸੁਰੰਗਾਬਾਦ ਵਿਚ ਸ਼ੀਸ਼ੇ ਵਾਂਗ (ਤੇਰੀ ਕੀਰਤੀ) ਸ਼ੁਭਾਇਮਾਨ ਹੈ। ਹਿਮਾਲਾ ਪਰਬਤ ਵਿਚ ਬਰਫ਼ ਵਾਂਗ, ਹਲਬ ਨਗਰ ਵਿਚ ਸ਼ਿਵ ਦੇ (ਚਿੱਟੇ ਸੱਪ ਦੇ) ਹਾਰ ਵਾਂਗ, ਹਾਜੀਪੁਰ ਵਿਚ ਹੰਸ ਵਾਂਗ (ਤੇਰੀ ਕੀਰਤੀ ਕੇਵਲ) ਵੇਖਣ ਨਾਲ ਹੀ ਮੋਹਿਤ ਕਰ ਲੈਂਦੀ ਹੈ। ਚੰਪਾਵਤੀ ਵਿਚ ਚੰਦਨ ਜਿਹੀ, ਚੰਦ੍ਰਾਗਿਰੀ ਵਿਚ ਚੰਦ੍ਰਮਾ ਜਿਹੀ ਅਤੇ ਚਾਂਦਗੜ੍ਹ ਵਿਚ ਚਾਂਦਨੀ ਵਰਗੀ (ਸਫ਼ੇਦ ਤੇਰੀ) ਸ਼ੋਭਾ ਵੇਖੀ ਜਾਂਦੀ ਹੈ। ਗੰਗਾ ਦੀ ਧਾਰ ਵਿਚ ਗੰਗਾ ਵਾਂਗ (ਸ਼ੁੱਧ), ਬਿਲੰਦਾਬਾਦ ਵਿਚ ਬਗਲਿਆਂ ਵਾਂਗ ਤੇਰੀ ਕੀਰਤੀ ਦੀ ਸੋਭਾ ਸੋਭ ਰਹੀ ਹੈ।੨੬੫।

ਪਾਰਸੀ, ਫਰੰਗੀ, ਫਰਾਂਸ ਦੇ ਦੋਰੰਗੇ ਲੋਕ, ਮਕਰਾਨ ਦੇਸ਼ ਦੇ ਨਿਵਾਸੀ (ਮ੍ਰਿਦੰਗੀ) ਆਦਿ ਤੇਰੇ ਹੀ ਗੀਤ ਗਾਉਂਦੇ ਹਨ। ਭਖਰੀ (ਭਖਰ ਦੇ ਨਿਵਾਸੀ), ਕੰਧਾਰੀ, ਗੋਰੀ, ਗਖੜੀ ਅਤੇ 'ਗਰਦੇਜ਼' ਦੇਸ਼ ਵਿਚ ਵਿਚਰਨ ਵਾਲੇ ਅਤੇ ਪੌਣ ਦਾ ਆਹਾਰ ਕਰਨ ਵਾਲੇ ਤੇਰੇ ਨਾਮ ਦੀ ਆਰਾਧਨਾ ਕਰਦੇ ਹਨ। ਪੂਰਬ ਦੇ ਪਲਾਊ, ਕਾਮਰੂਪ ਅਤੇ ਕੁਮਾਊ ਪ੍ਰਦੇਸ਼, ਜਿਥੇ ਜਿਥੇ ਵੀ ਜਾਈਦਾ ਹੈ, ਉਨ੍ਹਾਂ ਸਾਰੀਆਂ ਥਾਂਵਾਂ ਤੇ (ਤੂੰ ਹੀ) ਬਿਰਾਜ ਰਿਹਾ ਹੈਂ। (ਹੇ) ਪੂਰਨ ਪ੍ਰਤਾਪ ਵਾਲੇ ਅਤੇ ਯੰਤ੍ਰਾਂ-ਮੰਤ੍ਰਾਂ ਦੇ ਪ੍ਰਭਾਵ ਤੋਂ ਰਹਿਤ ਸੁਆਮੀ! ਤੇਰੀ ਕੀਰਤੀ ਦਾ ਕੋਈ ਪਾਰ ਨਹੀਂ ਪਾ ਸਕਦਾ।੨੬੬।

ਤ੍ਵਪ੍ਰਸਾਦਿ। ਪਾਧੜੀ ਛੰਦ

ਅਦ੍ਵੈ ਅਨਾਸ ਆਸਨ ਅਡੋਲ। ਅਦ੍ਵੈ ਅਨੰਤ ਉਪਮਾ ਅਤੋਲ।
ਅਛੈ ਸਰੂਪ ਅਬ੍ਯਕਤ ਨਾਥ। ਆਜਾਨੁਬਾਹੁ ਸਰਬਾ ਪ੍ਰਮਾਥ। ੧। ੨੬੭।
ਜਹ ਤਹ ਮਹੀਪ ਬਨ ਤਿਨ ਪ੍ਰਫੁਲ। ਸੋਭਾ ਬਸੰਤ ਜਹ ਤਹ ਪ੍ਰਜੁਲ।
ਬਨ ਤਨ ਦੁਰੰਤ ਖਗ ਮ੍ਰਿਗ ਮਹਾਨ। ਜਹ ਤਹ ਪ੍ਰਫੁਲ ਸੁੰਦਰ[1] ਸੁਜਾਨ। ੨। ੨੬੮।

ਫੁਲਤੰ ਪ੍ਰਫੁਲ ਲਹਿਲਹਤ ਮਉਰ। ਸਿਰਿ ਢੁਲਹਿ ਜਾਨੁ ਮਨਮਥਹ ਚਉਰ।
ਕੁਦਰਤਿ ਕਮਾਲ ਰਾਜਿਕ ਰਹੀਮ। ਕਰੁਣਾਨਿਧਾਨ ਕਾਮਿਲ ਕਰੀਮ। ੩। ੨੬੯।
ਜਹ ਤਹ ਬਿਲੋਕਿ ਤਹ ਤਹ ਪ੍ਰਸੋਹ। ਆਜਾਨੁਬਾਹੁ ਅਮਿਤੋਜ ਮੋਹ।
ਰੋਸੰ ਬਿਰਹਤ ਕਰੁਣਾਨਿਧਾਨ। ਜਹ ਤਹ ਪ੍ਰਫੁਲ ਸੁੰਦਰ ਸੁਜਾਨ। ੪। ੨੭੦।

ਬਨ ਤਿਨ[2] ਮਹੀਪ ਜਲ ਥਲ ਮਹਾਨ। ਜਹ ਤਹ ਪ੍ਰਸੋਹ ਕਰੁਣਾਨਿਧਾਨ।
ਜਗਮਗਤ ਤੇਜ ਪੂਰਨ ਪ੍ਰਤਾਪ। ਅੰਬਰ ਜਮੀਨ ਜਿਹ ਜਪਤ ਜਾਪ। ੫। ੨੭੧।
ਸਾਤੋ ਅਕਾਲ ਸਾਤੋ ਪਤਾਰ। ਬਿਥਰਿਓ ਅਦ੍ਰਿਸਟ ਜਿਹ ਕਰਮ ਜਾਰ। ੬। ੨੭੨।[3]

---

੧. 'ਸੁੰਦੰ' ੨. 'ਤਨ' ੩. ਇਸ ਛੰਦ ਦੇ ਕੇਵਲ ਦੋ ਚਰਣ ਦਿੱਤੇ ਹੋਣ ਕਾਰਨ ਅਧੂਰਾ ਪ੍ਰਤੀਤ ਹੁੰਦਾ ਹੈ। ਕਈ ਬੀੜਾਂ ਵਿਚ ਅੰਤ ਤੇ 'ਉਸਤਤ ਸੰਪੂਰਨੰ' ਉਕਤੀ ਵੀ ਲਿਖ ਦਿੱਤੀ ਗਈ ਹੈ

ਤੇਰੀ ਕ੍ਰਿਪਾ ਨਾਲ। ਪਾਧੜੀ ਛੰਦ

(ਤੂੰ) ਦ੍ਵੈਤ-ਰਹਿਤ, ਨਾਸ਼-ਰਹਿਤ, ਅਡੋਲ ਆਸਨ ਵਾਲਾ ਹੈਂ; ਦ੍ਵੈਤ ਤੋਂ ਮੁਕਤ, ਅੰਤ ਤੋਂ ਬਿਨਾ ਅਤੇ ਅਤੁਲ ਉਪਮਾ ਵਾਲਾ ਹੈਂ। (ਤੂੰ) ਨਸ਼ਟ ਨ ਹੋਣ ਵਾਲਾ ਅਵਿਅਕਤ ਨਾਥ ਹੈਂ। ਅਜਾਨਬਾਹੁ ਅਤੇ ਹੋਰ ਸਾਰਿਆਂ ਨੂੰ ਮਿਧਣ ਵਾਲਾ ਹੈਂ।੨੬੭। ਜਿਥੇ ਕਿਥੇ ਬਨ, ਤ੍ਰਿਣ ਆਦਿ ਪ੍ਰਫੁਲਿਤ ਹਨ (ਉਨ੍ਹਾਂ ਦਾ ਤੂੰ) ਰਾਜਾ ਹੈਂ। ਜਿਥੇ ਕਿਥੇ ਤੂੰ ਬਸੰਤ ਦੀ ਸ਼ੋਭਾ ਵਾਂਗ ਚਮਕ ਰਿਹਾ ਹੈਂ। ਬੇਸ਼ੁਮਾਰ ਬਨਾਂ ਅਤੇ ਤ੍ਰਿਣਾਂ ਅਤੇ ਪੰਛੀਆਂ ਤੇ ਜੰਗਲੀ ਪਸ਼ੂਆਂ ਵਿਚ ਤੂੰ ਮਹਾਨ (ਮੌਜੂਦ) ਹੈਂ। (ਤੂੰ) ਸੁੰਦਰ ਸੁਜਾਨ ਜਿਥੇ ਕਿਥੇ ਪ੍ਰਫੁਲਿਤ ਹੋ ਰਿਹਾ ਹੈਂ।੨੬੮।

ਪ੍ਰਫੁਲਿਤ ਫੁਲਾਂ (ਅਤੇ ਉਸ ਵਿਚ ਚਮਕਦੀ ਪੁਸ਼ਪ-ਧੂਲ) ਦਾ ਮੁਕਟ (ਤੇਰੇ ਸਿਰ ਉਤੇ) ਸੁਸ਼ੋਭਿਤ ਹੈ, ਮਾਨੋ ਕਾਮਦੇਵ ਸਿਰ ਉਤੇ ਚੌਰ ਕਰ ਰਿਹਾ ਹੋਵੇ। (ਤੂੰ) ਕਮਾਲ ਕੁਦਰਤ ਵਾਲਾ, ਰਹਿਮ ਕਰਨ ਵਾਲਾ, ਸਭ ਨੂੰ ਰੋਜ਼ੀ ਦੇਣ ਵਾਲਾ, ਦਇਆ ਦਾ ਭੰਡਾਰ ਅਤੇ ਪੂਰਨ ਬਖ਼ਸ਼ਿਸ਼ ਕਰਨ ਵਾਲਾ ਹੈਂ।੨੬੯। (ਮੈਂ) ਜਿਥੇ ਕਿਥੇ ਵੇਖਦਾ ਹਾਂ, ਉਥੇ ਉਥੇ ਹੀ (ਤੂੰ) ਫਬ ਰਿਹਾ ਹੈਂ। (ਤੂੰ) ਲੰਬੀਆਂ ਭੁਜਾਵਾਂ ਵਾਲਾ, ਅਮਿਤ ਬਲ ਵਾਲਾ ਅਤੇ ਮੋਹ ਲੈਣ ਵਾਲਾ ਹੈਂ। (ਤੂੰ) ਕ੍ਰੋਧ ਤੋਂ ਰਹਿਤ ਅਤੇ ਦਇਆ ਦਾ ਭੰਡਾਰ ਹੈਂ। (ਹੇ) ਸੁੰਦਰ ਸੁਜਾਨ! (ਤੂੰ) ਜਿਥੇ ਕਿਥੇ ਪ੍ਰਫੁਲਿਤ ਹੋ ਰਿਹਾ ਹੈਂ।੨੭੦।

(ਤੂੰ) ਬਨਾਂ ਅਤੇ ਤਿਨਕਿਆਂ ਦਾ ਰਾਜਾ ਹੈਂ ਅਤੇ ਜਲ-ਥਲ ਵਿਚ ਮਹਾਨ ਹੈਂ। ਜਿਥੇ ਕਿਥੇ ਹੇ ਕਰੁਣਾ-ਨਿਧਾਨ! (ਤੇਰੀ) ਸੋਭਾ (ਪਸਰੀ ਹੋਈ ਹੈ)। (ਤੇਰਾ) ਪੂਰਨ ਤੇਜ ਅਤੇ ਪ੍ਰਤਾਪ ਜਗਮਗਾ ਰਿਹਾ ਹੈ। ਆਕਾਸ਼ ਅਤੇ ਧਰਤੀ ਵਿਚ (ਤੇਰਾ ਹੀ) ਜਾਪ ਜਪਿਆ ਜਾ ਰਿਹਾ ਹੈ।੨੭੧। ਸੱਤਾਂ ਆਕਾਸ਼ਾਂ ਅਤੇ ਸੱਤਾਂ ਪਾਤਾਲਾਂ ਵਿਚ ਤੇਰੀ ਕ੍ਰਿਪਾ ਦਾ ਜਾਲ ਅਦ੍ਰਿਸ਼ਟ ਰੂਪ ਵਿਚ ਫੈਲਿਆ ਹੋਇਆ ਹੈ।੨੭੨।